ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 6 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੨੩ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸ੍ਰੀ ਅਕਾਲ ਤਖ਼ਤ ਸਾਹਿਬ ਦਾ ਵੱਡਾ ਫੈਸਲਾ, ਚੀਫ਼ ਖਾਲਸਾ ਦੀਵਾਨ ਦੀ ਸਮੁੱਚੀ ਕਾਰਜਕਾਰੀ ਕਮੇਟੀ 8 ਮਈ ਨੂੰ ਤਲਬ

**ਅੰਮ੍ਰਿਤਸਰ, 5 ਮਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵੱਲੋਂ ਇੱਕ ਅਹਿਮ ਆਦੇਸ਼ ਜਾਰੀ ਕਰਦਿਆਂ ਚੀਫ਼ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਦੀ ਸਮੁੱਚੀ ਕਾਰਜਕਾਰੀ ਕਮੇਟੀ ਨੂੰ 8 ਮਈ 2026 ਨੂੰ ਸਵੇਰੇ 10 ਵਜੇ ਨਿੱਜੀ ਤੌਰ 'ਤੇ ਪੇਸ਼ ਹੋਣ ਲਈ ਕਿਹਾ ਗਿਆ ਹੈ। ਇਹ ਕਾਰਵਾਈ ਸੁਸਾਇਟੀ ਦੇ ਪ੍ਰਬੰਧਕੀ ਮੈਂਬਰਾਂ ਦੇ ਅੰਮ੍ਰਿਤਧਾਰੀ ਨਾ ਹੋਣ ਸਬੰਧੀ ਮਿਲੀ ਲਿਖਤੀ ਸ਼ਿਕਾਇਤ ਤੋਂ ਬਾਅਦ ਅਮਲ ਵਿੱਚ ਲਿਆਂਦੀ ਗਈ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਜਨਵਰੀ ਮਹੀਨੇ ਵਿੱਚ ਪੱਤ੍ਰਿਕਾ ਨੰਬਰ ਅ:ਤ/26/569 ਰਾਹੀਂ ਦੀਵਾਨ ਨੂੰ ਸਾਰੇ ਮੈਂਬਰਾਂ ਦੇ ਅੰਮ੍ਰਿਤਧਾਰੀ ਜਾਂ ਗੈਰ-ਅੰਮ੍ਰਿਤਧਾਰੀ ਹੋਣ ਬਾਰੇ ਸਪੱਸ਼ਟ ਜਾਣਕਾਰੀ ਅਤੇ ਸੂਚੀ ਜਮ੍ਹਾ ਕਰਵਾਉਣ ਦਾ ਆਦੇਸ਼ ਦਿੱਤਾ ਗਿਆ ਸੀ। ਲੰਮਾ ਸਮਾਂ ਬੀਤ ਜਾਣ ਦੇ ਬਾਵਜੂਦ ਸੁਸਾਇਟੀ ਵੱਲੋਂ ਕੋਈ ਤਸੱਲੀਬਖਸ਼ ਜਵਾਬ ਨਾ ਮਿਲਣ ਅਤੇ ਹੁਣ ਦੁਬਾਰਾ ਸ਼ਿਕਾਇਤ ਮਿਲਣ ਕਾਰਨ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਹੈ। ਸਕੱਤਰੇਤ ਵੱਲੋਂ ਜਾਰੀ ਹਦਾਇਤਾਂ ਅਨੁਸਾਰ, ਦੀਵਾਨ ਦੀ ਪ੍ਰਬੰਧਕੀ ਕਮੇਟੀ ਨੂੰ ਹੁਣ ਨਿੱਜੀ ਰੂਪ ਵਿੱਚ ਹਾਜ਼ਰ ਹੋ ਕੇ ਆਪਣਾ ਪੱਖ ਰੱਖਣਾ ਪਵੇਗਾ। ਸਿੱਖ ਪੰਥ ਦੀ ਇਸ ਨਾਮਵਰ ਸੰਸਥਾ ਵਿੱਚ ਮਰਯਾਦਾ ਦੀ ਉਲੰਘਣਾ ਦੇ ਦੋਸ਼ਾਂ ਨੇ ਕੌਮ ਵਿੱਚ ਚਰਚਾ ਛੇੜ ਦਿੱਤੀ ਹੈ। 8 ਮਈ ਦੀ ਇਸ ਇਕੱਤਰਤਾ ਦੌਰਾਨ ਸੰਸਥਾ ਦੇ ਭਵਿੱਖੀ ਪ੍ਰਬੰਧਾਂ ਅਤੇ ਮਰਯਾਦਾ ਦੀ ਪਾਲਣਾ ਸਬੰਧੀ ਕੋਈ ਵੱਡਾ ਫੈਸਲਾ ਲਿਆ ਜਾ ਸਕਦਾ ਹੈ।

# ਮੁੱਖ ਮੰਤਰੀ ਮਾਨ ਨੇ ਰਾਸ਼ਟਰਪਤੀ ਨਾਲ ਕੀਤੀ ਮੁਲਾਕਾਤ

## ਭਾਜਪਾ 'ਚ ਗਏ ਸਾਂਸਦਾਂ ਨੂੰ ਦਿੱਤੀ ਚੇਤਾਵਨੀ - ਬੀਜੇਪੀ 'ਚ ਜਾ ਕੇ ਬਚ ਨਹੀਂ ਸਕਦੇ

**ਨਵੀਂ ਦਿੱਲੀ, 5 ਮਈ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪਿਛਲੇ ਮਹੀਨੇ ਭਾਰਤੀ ਜਨਤਾ ਪਾਰਟੀ 'ਚ ਸ਼ਾਮਲ ਹੋਏ ਆਮ ਆਦਮੀ ਪਾਰਟੀ ਦੇ ਸਾਂਸਦਾਂ ਦੇ ਮਸਲੇ 'ਤੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ ਗਈ। ਮੁਲਾਕਾਤ ਦੌਰਾਨ ਸੀਐਮ ਨੇ ਰਾਸ਼ਟਰਪਤੀ ਨੂੰ ਭਾਜਪਾ 'ਚ ਸ਼ਾਮਲ ਹੋਏ ਸਾਰੇ 7 ਸਾਂਸਦਾਂ ਦੀ ਮਾਨਤਾ ਰੱਦ ਕਰਨ ਦੀ ਮੰਗ ਕੀਤੀ। ਸੀਐਮ ਮਾਨ ਨੇ ਕਿਹਾ ਕਿ ਮੈਂ ਰਾਸ਼ਟਰਪਤੀ ਨੂੰ ਕਿਹਾ ਸੀ ਕਿ ਪੂਰੀ ਪਾਰਟੀ ਦੋ-ਤਿਹਾਈ ਬਹੁਮਤ ਨਾਲ ਕਿਸੇ ਹੋਰ ਪਾਰਟੀ ਨਾਲ ਰਲੇਵਾਂ ਕਰ ਸਕਦੀ ਹੈ, ਪਰ ਜੇਕਰ ਇੱਕ ਸਦਨ ਦੇ ਸਿਰਫ਼ 6-7 ਲੋਕ ਹੀ ਅਜਿਹਾ ਕਹਿਣ, ਤਾਂ ਇਹ ਮਨਮਾਨੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਹ ਲੋਕਤੰਤਰ ਦਾ ਮਜ਼ਾਕ ਹੈ। ਮੈਂ ਉਨ੍ਹਾਂ ਨੂੰ ਕਿਹਾ ਕਿ ਭਾਜਪਾ ਦੇ ਪੰਜਾਬ ਵਿੱਚ 2 ਵਿਧਾਇਕ ਹਨ ਅਤੇ ਹੁਣ 6 ਰਾਜ ਸਭਾ ਸੰਸਦ ਮੈਂਬਰ ਹਨ, ਇਹ ਸੰਵਿਧਾਨ ਦਾ ਮਜ਼ਾਕ ਹੈ। ਮੈਂ ਸੰਵਿਧਾਨ ਵਿੱਚ ਸੋਧ ਕਰਕੇ ਵਾਪਸ



ਬੁਲਾਉਣ ਦੇ ਅਧਿਕਾਰ ਦੀ ਮੰਗ ਕੀਤੀ ਸੀ। ਮਾਨ ਅੱਜ ਸਵੇਰੇ 3 ਵੋਲਵੋ ਬੱਸਾਂ ਵਿੱਚ 90 ਵਿਧਾਇਕਾਂ ਨਾਲ ਦਿੱਲੀ ਪਹੁੰਚੇ ਸਨ। ਪੰਜਾਬੀ ਫ਼ਿਲਮਾਂ ਸਾਂਸਦ ਰਾਘਵ ਚੱਢਾ ਵੱਲੋਂ 21 ਰਾਜਾਂ ਦੀ ਪੁਲਿਸ ਦੇ ਦਿੱਤੇ ਬਿਆਨ 'ਤੇ ਸੀਐਮ ਮਾਨ ਨੇ ਕਿਹਾ ਕਿ ਕੀ ਤੁਸੀਂ ਸਾਨੂੰ 21 ਰਾਜਾਂ ਦੀ ਪੁਲਿਸ ਨਾਲ ਧਮਕੀ ਦੇ ਰਹੇ ਹੋ, ਸਾਡੇ ਵਿਰੁੱਧ 21 ਐਫਆਈਆਰ ਦਰਜ ਕੀਤੀਆਂ ਜਾਣਗੀਆਂ? ਨਿਸ਼ਾਨਾ ਬਣਾਉਣ ਦੇ ਮੁੱਦੇ 'ਤੇ ਮਾਨ ਨੇ ਕਿਹਾ ਕਿ ਸਾਰਿਆਂ ਦੀ ਵਾਰੀ ਆਵੇਗੀ ਪਰ ਸਭ ਕੁਝ ਕਾਨੂੰਨੀ ਤੌਰ 'ਤੇ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ, "ਜੇਕਰ ਉਨ੍ਹਾਂ ਨੂੰ ਜਾਣਾ ਹੀ ਪੈਂਦਾ ਤਾਂ ਉਨ੍ਹਾਂ ਨੂੰ ਪਹਿਲਾਂ ਅਸਤੀਫਾ ਦੇ ਦੇਣਾ ਚਾਹੀਦਾ ਸੀ। ਆਮ ਆਦਮੀ ਪਾਰਟੀ ਕਿਸੇ ਹੋਰ ਨੂੰ ਭੇਜ ਸਕਦੀ ਸੀ। ਉਹ ਆਪਣੀ ਪਾਰਟੀ ਵਿੱਚੋਂ ਕਿਤੇ ਵੀ ਚੁਣੇ ਜਾ ਸਕਦੇ ਸਨ। ਮੈਂ ਸੰਵਿਧਾਨ ਵਿੱਚ ਸੋਧ ਕਰਕੇ ਵਾਪਸ ਬੁਲਾਉਣ ਦੇ ਅਧਿਕਾਰ ਦੀ ਮੰਗ ਕੀਤੀ ਹੈ। ਰਾਘਵ ਚੱਢਾ ਨੇ ਖੁਦ ਸੰਸਦ ਵਿੱਚ ਇਹ ਮੁੱਦਾ ਉਠਾਇਆ। ਲੋਕਾਂ ਨੇ ਇਨ੍ਹਾਂ ਵਿਧਾਇਕਾਂ ਨੂੰ ਚੁਣਿਆ, ਅਤੇ ਚੁਣੇ ਹੋਏ ਵਿਧਾਇਕਾਂ ਨੇ ਬਾਅਦ ਵਿੱਚ ਉਨ੍ਹਾਂ ਨੂੰ ਰਾਜ ਸਭਾ ਵਿੱਚ ਭੇਜਿਆ। ਇਹ ਲੋਕਤੰਤਰ ਦਾ ਕਤਲ ਹੈ। ਇਹ ਚੁਣੇ ਹੋਏ ਨਹੀਂ, ਸਗੋਂ ਚੋਣਵੇਂ ਹਨ।

## 'ਆਪ' ਨੂੰ ਛੱਡਦਿਆਂ ਹੀ ਅਸੀਂ ਭ੍ਰਿਸ਼ਟਾਚਾਰ ਹੋ ਗਏ...', ਰਾਘਵ ਚੱਢਾ ਨੇ ਰਾਸ਼ਟਰਪਤੀ ਨਾਲ ਮੁਲਾਕਾਤ ਮਗਰੋਂ ਘੇਰੀ ਪੰਜਾਬ ਸਰਕਾਰ

**ਨਵੀਂ ਦਿੱਲੀ, 5 ਮਈ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਰਾਜਨੀਤਿਕ ਹਲਕਿਆਂ ਵਿੱਚ ਅੱਜ ਗਰਮਾਹਟ ਹੈ। ਪੰਜਾਬ ਵਿੱਚ ਹਾਲ ਹੀ ਵਿੱਚ ਹੋਏ ਰਾਜਨੀਤਿਕ ਉਥਲ-ਪੁਥਲ ਤੋਂ ਬਾਅਦ, ਰਾਸ਼ਟਰਪਤੀ ਭਵਨ ਵਿੱਚ ਮੀਟਿੰਗਾਂ ਦਾ ਦੌਰ ਚੱਲ ਰਿਹਾ ਹੈ। ਜਿੱਥੇ ਰਾਜ ਸਭਾ ਮੈਂਬਰ ਰਾਘਵ ਚੱਢਾ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕਰ ਰਹੇ ਹਨ ਅਤੇ ਭਾਜਪਾ 'ਤੇ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਕਰਨ ਦਾ ਇਲਜ਼ਾਮ ਲਗਾ ਰਹੇ ਹਨ, ਉੱਥੇ ਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਬਾਗ਼ੀ ਸੰਸਦ ਮੈਂਬਰਾਂ ਨੂੰ ਵਾਪਸ ਬੁਲਾਉਣ ਦੀ ਮੰਗ ਕਰ ਰਹੇ ਹਨ। ਮੀਟਿੰਗ ਤੋਂ ਬਾਅਦ, ਸੰਸਦ ਮੈਂਬਰ ਰਾਘਵ ਚੱਢਾ ਨੇ 'ਆਪ' ਅਤੇ ਪੰਜਾਬ ਸਰਕਾਰ 'ਤੇ ਗੰਭੀਰ ਇਲਜ਼ਾਮ ਲਗਾਏ। ਉਨ੍ਹਾਂ ਕਿਹਾ ਕਿ 'ਆਪ' ਸਾਡੇ ਨਾਲ ਖ਼ਤਰਨਾਕ ਰਾਜਨੀਤੀ ਖੇਡ ਰਹੀ ਹੈ। ਰਾਘਵ



ਨੇ ਕਿਹਾ ਕਿ ਅਸੀਂ ਆਪਣਾ ਮਾਮਲਾ ਰਾਸ਼ਟਰਪਤੀ ਸਾਹਮਣੇ ਪੇਸ਼ ਕੀਤਾ। 'ਆਪ' ਭ੍ਰਿਸ਼ਟ ਲੋਕਾਂ ਦੇ ਹੱਥਾਂ ਵਿੱਚ ਆ ਗਈ ਹੈ। ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਹੋ ਰਹੀ ਹੈ। ਉਨ੍ਹਾਂ ਨੇ ਸਾਡੀ ਛਵੀ ਨੂੰ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਹੈ। 'ਆਪ' ਬਦਲੇ ਦੀ ਭਾਵਨਾ ਨਾਲ ਕਾਰਵਾਈ ਕਰ ਰਹੀ ਹੈ। ਰਾਘਵ ਚੱਢਾ ਨੇ ਦਾਅਵਾ ਕੀਤਾ ਕਿ ਉਹ 'ਆਪ' ਸਰਕਾਰ ਦਾ ਅਗਲਾ ਨਿਸ਼ਾਨਾ ਹੈ। ਇਸ ਤੋਂ ਬਾਅਦ, ਪੰਜਾਬ ਵਿੱਚ ਪਦਮਸ਼੍ਰੀ ਰਾਜੇਂਦਰ ਗੁਪਤਾ ਦੀ ਫੈਕਟਰੀ ਨੂੰ ਪਾਣੀ ਦੀ ਸਪਲਾਈ ਬੰਦ ਕਰ ਦਿੱਤੀ ਗਈ। 'ਆਪ' ਨੇ ਸੰਦੀਪ ਪਾਠਕ ਵਿਰੁੱਧ ਇੱਕ ਬਦਨੀਤੀਪੂਰਨ ਅਤੇ ਮਨਘੜਤ ਐਫਆਈਆਰ ਵੀ ਦਰਜ ਕੀਤੀ, ਅਤੇ ਮੀਡੀਆ ਰਾਹੀਂ ਇਹ ਖ਼ਬਰ ਫੈਲਾਈ ਕਿ ਉਸਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਮੈਂ ਤੁਹਾਨੂੰ ਦੱਸਣਾ ਚਾਹੁੰਦਾ ਹਾਂ ਕਿ ਉਨ੍ਹਾਂ ਨੇ ਵਿਜੀਲੈਂਸ ਬੋਰਡ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਮਦਦ ਨਾਲ ਬਦਲਾ ਲੈਣ ਦੀ ਇੱਕ ਖ਼ਤਰਨਾਕ ਖੇਡ ਸ਼ੁਰੂ ਕੀਤੀ ਹੈ, ਪਰ ਨਤੀਜੇ ਭਿਆਨਕ ਹੋਣਗੇ।

## "ਮੈਂ, ਨਹੀਂ ਦੇਵਾਂਗੀ ਅਸਤੀਫ਼ਾ...', ਚੋਣ ਨਤੀਜਿਆਂ ਪਿੱਛੋਂ ਵੀ ਮਮਤਾ ਬੈਨਰਜੀ ਨੇ ਹਾਰ ਮੰਨਣ ਤੋਂ ਕੀਤਾ ਇਨਕਾਰ

**ਕੋਲਕਾਤਾ, 5 ਮਈ (ਆਵਾਜ਼ਿ ਕੌਮ ਬਿਊਰੋ)**-ਮੰਗਲਵਾਰ ਨੂੰ ਇੱਕ ਪ੍ਰੈਸ ਕਾਨਫਰੰਸ ਦੌਰਾਨ ਮਮਤਾ ਬੈਨਰਜੀ ਨੇ 15 ਸਾਲਾਂ ਬਾਅਦ ਹਾਰ ਤੋਂ ਬਾਅਦ ਸਪੱਸ਼ਟ ਤੌਰ 'ਤੇ ਕਿਹਾ ਕਿ ਉਹ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਨਹੀਂ ਦੇਵੇਗੀ। ਮਮਤਾ ਬੈਨਰਜੀ ਨੇ ਅਸਤੀਫ਼ਾ ਨਾ ਦੇਣ ਦੇ ਆਪਣੇ ਫੈਸਲੇ ਦਾ ਐਲਾਨ ਕਰਕੇ ਸਾਰਿਆਂ ਨੂੰ



ਹੈਰਾਨ ਕਰ ਦਿੱਤਾ ਹੈ। ਹੁਣ ਸਵਾਲ ਇਹ ਹੈ ਕਿ ਇਹ ਕਿਵੇਂ ਹੋ ਸਕਦਾ ਹੈ? ਜੇਕਰ ਮਮਤਾ ਅਸਤੀਫਾ ਨਹੀਂ ਦਿੰਦੀ, ਤਾਂ ਨਵੇਂ ਮੁੱਖ ਮੰਤਰੀ ਦੀ ਚੋਣ ਕਿਵੇਂ ਕੀਤੀ ਜਾਵੇਗੀ? ਸੰਵਿਧਾਨਕ ਮਾਹਿਰਾਂ ਅਨੁਸਾਰ, ਮਮਤਾ ਬੈਨਰਜੀ ਆਜ਼ਾਦੀ ਤੋਂ ਬਾਅਦ ਪਹਿਲੀ ਮੁੱਖ ਮੰਤਰੀ ਹੈ ਜਿਸਨੇ ਵਿਧਾਨ ਸਭਾ ਚੋਣ ਹਾਰਨ ਤੋਂ ਬਾਅਦ ਅਸਤੀਫ਼ਾ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਜੇਕਰ ਕੋਈ ਮੁੱਖ ਮੰਤਰੀ ਅਸਤੀਫ਼ਾ ਦੇਣ ਤੋਂ ਇਨਕਾਰ ਕਰਦਾ ਹੈ, ਤਾਂ ਰਾਜਪਾਲ ਕੋਲ ਵਿਸ਼ੇਸ਼ ਸ਼ਕਤੀਆਂ ਹਨ। ਰਾਜਪਾਲ ਪਹਿਲਾਂ ਹਾਰੇ ਹੋਏ ਮੁੱਖ ਮੰਤਰੀ ਤੋਂ ਅਸਤੀਫ਼ਾ ਮੰਗ ਸਕਦਾ ਹੈ, ਅਤੇ ਜੇਕਰ ਉਹ ਇਨਕਾਰ ਕਰਦਾ ਹੈ, ਤਾਂ ਉਹ ਤੁਰੰਤ ਵਿਧਾਨ ਸਭਾ ਭੰਗ ਕਰ ਸਕਦਾ ਹੈ। ਅਜਿਹੀ ਸਥਿਤੀ ਵਿੱਚ, ਰਾਜਪਾਲ ਮੁੱਖ ਮੰਤਰੀ ਨੂੰ ਬਰਖਾਸਤ ਕਰ ਸਕਦਾ ਹੈ। ਜੇਕਰ ਮੁੱਖ ਮੰਤਰੀ ਕੋਈ ਕਾਰਵਾਈ ਕਰਦਾ ਹੈ ਜਾਂ ਕੋਈ ਵੱਡਾ ਸੰਕਟ ਪੈਦਾ ਹੁੰਦਾ ਹੈ, ਤਾਂ ਰਾਜਪਾਲ ਧਾਰਾ 356 ਦੇ ਤਹਿਤ ਰਾਸ਼ਟਰਪਤੀ ਸ਼ਾਸਨ ਦੀ ਸਿਫਾਰਸ਼ ਕਰ ਸਕਦਾ ਹੈ। ਇਹ ਰਾਜਾਂ ਵਿੱਚ ਸੰਵਿਧਾਨਕ ਮਸ਼ੀਨਰੀ ਦੀ ਅਸਫਲਤਾ ਦੇ ਮਾਮਲਿਆਂ ਵਿੱਚ ਹੁੰਦਾ ਹੈ। ਹਾਲਾਂਕਿ, ਪੱਛਮੀ ਬੰਗਾਲ ਦੇ ਮਾਮਲੇ ਵਿੱਚ, ਚੋਣ ਨਤੀਜੇ ਘੋਸ਼ਿਤ ਕੀਤੇ ਗਏ ਹਨ, ਅਤੇ ਹੁਣ ਇਹ ਸਪੱਸ਼ਟ ਹੋ ਗਿਆ ਹੈ ਕਿ ਰਾਜ ਵਿੱਚ ਸਰਕਾਰ ਕੌਣ ਬਣਾਏਗਾ।

## ਕੇਂਦਰ ਸਰਕਾਰ ਜਥੇਦਾਰ ਹਵਾਰਾ ਸਮੇਤ ਸਜ਼ਾ ਪੂਰੀ ਕਰ ਚੁੱਕੇ ਸਮੂੰਹ ਬੰਦੀ ਸਿੰਘਾਂ ਨੂੰ ਦੇਵੇ ਬਣਦੀ ਪੈਰੋਲ ਅਤੇ ਕਰੇ ਤੁਰੰਤ ਰਿਹਾਅ- ਜਥੇਦਾਰ ਦਾਦੂਵਾਲ

**ਤਲਵੰਡੀ ਸਾਬੋ, 05 ਮਈ (ਗੁਰਜੰਟ ਸਿੰਘ ਨਥੇਹਾ)**-ਲੋਕਤੰਤਰ ਇੱਕ ਬਹੁਤ ਖੂਬਸੂਰਤ ਸ਼ਬਦ ਹੈ ਅਤੇ ਲੋਕਤੰਤਰੀ ਢਾਂਚੇ ਦਾ ਪੂਰੇ ਸੰਸਾਰ ਵਿੱਚ ਸਨਮਾਨ ਹੁੰਦਾ ਹੈ ਲੋਕਤੰਤਰ ਅਨੁਸਾਰ ਚਾਹੇ ਕਿਸੇ ਵੀ ਜਾਤ ਗੋਤ ਫਿਰਕੇ ਦੇ ਦੇਸ਼ ਵਾਸੀ ਹੋਣ ਸਭ ਨੂੰ ਬਰਾਬਰਤਾ ਦਾ ਮਾਣ ਸਤਿਕਾਰ ਮਿਲਦਾ ਹੈ ਜੇਕਰ ਕਿਸੇ ਇੱਕ ਫਿਰਕੇ ਦੇ ਲੋਕਾਂ ਨਾਲ ਵਿਤਕਰਾ ਹੋਵੇ ਤਾਂ ਨਿਰਾਸ਼ਤਾ ਫੈਲਦੀ ਹੈ ਬੇਗਾਨਗੀ

ਆਵਾਜ਼ਿ ਕੌਮ
AWAZE QAUM
International Newspaper & WEB TV

ਦਾ ਅਹਿਸਾਸ ਹੁੰਦਾ ਹੈ ਭਾਰਤੀ ਕਾਨੂੰਨ ਅਨੁਸਾਰ ਸਜ਼ਾ ਪੂਰੀਆਂ ਕਰ ਚੁੱਕੇ ਬੰਦੀ ਸਿੰਘ ਜਿਨਾਂ ਨੇ ਸਮੇਂ ਦੇ ਬਦਲੇ ਹਾਲਾਤਾਂ ਅਨੁਸਾਰ ਬਗਾਵਤ ਦਾ ਰੁਖ਼ ਅਖਤਿਆਰ ਤਿਆਰ ਕੀਤਾ ਸੀ ਅਤੇ ਹੁਣ ਭਾਰਤੀ ਕਾਨੂੰਨ ਅਨੁਸਾਰ ਸਜਾਵਾਂ ਪੂਰੀਆਂ ਕਰ ਚੁੱਕੇ ਹਨ ਉਨਾਂ ਨੂੰ ਕੇਂਦਰ ਸਰਕਾਰ ਵੱਲੋਂ ਤੁਰੰਤ ਰਿਹਾ ਕਰਨਾ ਚਾਹੀਦਾ ਜਿਨਾਂ ਦੇ ਕੇਸ ਸੁਣਵਾਈ ਅਧੀਨ ਹਨ ਉਨਾਂ ਨੂੰ ਤੁਰੰਤ ਬਣਦੀ ਪੈਰੋਲ ਦੇਣੀ ਚਾਹੀਦੀ ਹੈ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਮੀਡੀਆ ਨਾਲ ਗੱਲਬਾਤ ਦੌਰਾਨ ਕੀਤਾ। ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕਿ ਜਿਸ ਵੇਲੇ ਤਤਕਾਲੀ ਕਾਂਗਰਸੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ ਇੱਕ ਸੋਚੀ ਸਮਝੀ ਸਾਜਿਸ਼ ਤਹਿਤ ਸ੍ਰੀ ਅਕਾਲ ਤਖਤ ਸਾਹਿਬ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਉੱਪਰ ਤੋਪਾਂ ਤੇ ਟੈਂਕਾਂ ਨਾਲ ਹਮਲਾ ਕਰ ਦਿੱਤਾ ਗਿਆ ਸੀ ਅਤੇ ਅਨੇਕਾਂ ਬੇਕਸੂਰ ਸਿੱਖ ਸ਼ਰਧਾਲੂਆਂ ਦਾ ਕਤਲੇਆਮ ਕੀਤਾ ਗਿਆ। ਘਰਾਂ ਵਿੱਚੋਂ ਕੱਢ ਕੇ ਜਾਂ ਰਾਹ ਜਾਂਦੇ ਸਿੱਖ ਨੌਜਵਾਨਾਂ ਨੂੰ ਪਕੜ ਕੇ ਝੂਠੇ ਪੁਲਿਸ ਮੁਕਾਬਲਿਆਂ ਚ ਸ਼ਹੀਦ ਕੀਤਾ ਗਿਆ ਤਾਂ ਉਸ ਵੇਲੇ ਇਨਾਂ ਅੱਜ ਦੇ ਬੰਦੀ ਸਿੰਘਾਂ ਵੱਲੋਂ ਬਗਾਵਤ ਦਾ ਰੁਖ਼ ਅਪਣਾਇਆ ਗਿਆ ਸੀ ਜੋ ਲੰਬੇ ਸਮੇਂ ਤੋਂ ਭਾਰਤ ਦੀਆਂ ਵੱਖ ਵੱਖ ਜੇਲਾਂ ਵਿੱਚ ਨਜ਼ਰਬੰਦ ਹਨ। ਜਿਨਾਂ ਦੀ ਰਿਹਾਈ ਲਈ ਸਮੇਂ ਸਮੇਂ ਗੁਰਦੁਆਰਾ ਅੰਬ ਸਾਹਿਬ ਮੋਰਚਾ, ਬਾਪੂ ਸੂਰਤ ਸਿੰਘ ਖਾਲਸਾ ਦਾ ਮੋਰਚਾ, ਬਰਗਾੜੀ ਇਨਸਾਫ਼ ਮੋਰਚਾ ਤੇ ਅੱਜ ਕੌਮੀ ਇਨਸਾਫ਼ ਮੋਰਚਾ ਚੰਡੀਗੜ ਚੱਲ ਰਿਹਾ ਹੈ। ਬੰਦੀ ਸਿੰਘਾਂ ਦੀ ਰਿਹਾਈ ਲਈ ਸਿੱਖ ਜਥੇਬੰਦੀਆਂ ਜਿਨਾਂ ਵਿੱਚ ਗੈਰ ਸਿੱਖਾਂ ਨੇ ਵੀ ਸਮੂਲੀਅਤ ਕੀਤੀ ਵੱਲੋਂ ਧਰਨੇ ਮੁਜ਼ਾਹਰੇ ਕੀਤੇ ਗਏ ਜਿਸ ਕਾਰਨ ਕਈ ਬੰਦੀ ਸਿੰਘ ਰਿਹਾਅ ਵੀ ਹੋਏ ਅਤੇ ਕਈਆਂ ਨੂੰ ਪੈਰੋਲਾਂ ਵੀ ਮਿਲੀਆਂ ਸਨ ਪਰ ਅਜੇ ਵੀ ਕਈ ਬੰਦੀ ਸਿੰਘ ਜਿਨਾਂ ਵਿੱਚ ਸਰਬੱਤ ਖਾਲਸਾ 2015 ਵੱਲੋਂ ਥਾਪੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ, ਭਾਈ ਜਗਤਾਰ ਸਿੰਘ ਤਾਰਾ, ਭਾਈ ਪਰਮਜੀਤ ਸਿੰਘ ਭਿਓਰਾ, ਭਾਈ ਬਲਵੰਤ ਸਿੰਘ ਰਾਜੋਆਣਾ, ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ, ਭਾਈ ਗੁਰਦੀਪ ਸਿੰਘ ਖੈੜਾ ਅਤੇ ਹੋਰ ਅਨੇਕਾਂ ਸਿੱਖ ਹਨ ਜਿਨਾਂ ਦੀ ਅੱਜ ਪੈਰੋਲ ਵੀ ਬਣਦੀ ਹੈ ਤੇ ਕਈਆਂ ਦੀ ਰਿਹਾਈ ਬਣਦੀ ਹੈ ਜੋ ਉਨਾਂ ਦਾ ਬਣਦਾ ਹੱਕ ਉਨਾਂ ਨੂੰ ਪਿਛਲੇ ਸਮੇਂ ਤੋਂ ਨਹੀਂ ਦਿੱਤਾ ਜਾ ਰਿਹਾ ਕਈ ਸਿੰਘਾਂ ਦੀ ਪੈਰੋਲ ਦੀਆਂ ਫਾਈਲਾਂ ਪੰਜਾਬ ਵਿੱਚ ਸਰਕਾਰੀ ਬਾਬੂਆਂ ਦੇ ਦਫ਼ਤਰਾਂ ਵਿੱਚ ਹੀ ਦਮ ਤੋੜ ਦਿੰਦੀਆਂ ਹਨ ਤੇ ਸਰਕਾਰੀ ਬਾਬੂ ਕਨੂੰਨ ਵਿਵਸਥਾ ਦਾ ਬਹਾਨਾ ਬਣਾ ਕੇ ਫਾਈਲਾਂ ਰੱਦ ਕਰ ਦਿੰਦੇ ਹਨ ਜੋ ਸਰਾਸਰ ਬੇਇਨਸਾਫ਼ੀ ਅਤੇ ਲੋਕਤੰਤਰੀ ਕਨੂੰਨ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਹੈ ਜਥੇਦਾਰ ਜਗਤਾਰ ਸਿੰਘ ਹਵਾਰਾ ਦੇ ਸਤਿਕਾਰਯੋਗ ਮਾਤਾ ਜੀ ਆਖਰੀ ਸਾਹਾਂ ਤੇ ਹਨ ਅਤੇ ਆਪਣੇ ਪੁੱਤਰ ਨੂੰ ਇੱਕ ਵਾਰ ਵੇਖਣਾ ਚਹੁੰਦੇ ਹਨ ਇਸ ਲਈ ਕੇਂਦਰ ਸਰਕਾਰ ਵਲੋਂ ਜਥੇਦਾਰ ਹਵਾਰਾ ਜੀ ਨੂੰ ਘੱਟ ਤੋਂ ਘੱਟ 21 ਦਿਨ ਦੀ ਪੈਰੋਲ ਤੁਰੰਤ ਦੇਣੀ ਚਾਹੀਦੀ ਹੈ ਜਥੇਦਾਰ ਦਾਦੂਵਾਲ ਜੀ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕੇ ਜਿਨਾਂ ਦੀ ਪੈਰੋਲ ਬਣਦੀ ਹੈ ਉਨਾਂ ਨੂੰ ਤੁਰੰਤ ਪੈਰੋਲ ਅਤੇ ਜਿਨਾਂ ਦੀ ਰਿਹਾਈ ਬਣਦੀ ਹੈ ਉਨਾਂ ਨੂੰ ਕੇਂਦਰ ਸਰਕਾਰ ਤੁਰੰਤ ਰਿਹਾਅ ਕਰੇ ਇਸ ਨਾਲ ਮਨੁੱਖੀ ਅਧਿਕਾਰਾਂ ਅਤੇ ਲੋਕਤੰਤਰ ਦਾ ਵੱਡਾ ਸਨਮਾਨ ਹੋਵੇਗਾ।



**ਜਥੇਦਾਰ ਹਵਾਰਾ ਨੂੰ 21 ਦਿਨ ਦੀ ਪੈਰੋਲ ਤੁਰੰਤ ਦੇਵੇ ਕੇਂਦਰ ਸਰਕਾਰ**

## ਪੰਜਾਬ ਸਰਕਾਰ ਵੱਲੋਂ ਪਾਸ ਕੀਤਾ ਬੇਅਦਬੀ ਖਿਲਾਫ਼ ਐਕਟ ਧਾਰਮਿਕ ਮਾਮਲਿਆਂ ਅੰਦਰ ਸਿੱਧਾ ਦਖਲ; ਗ੍ਰੰਥੀ ਸਿੰਘਾਂ ਨੇ ਸੌਂਪਿਆ ਮੰਗ ਪੱਤਰ

**ਅੰਮ੍ਰਿਤਸਰ, 5 ਮਈ (ਆਵਾਜ਼ਿ ਕੌਮ ਬਿਊਰੋ)**-'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ' ਪਾਸ ਹੋਣ ਤੋਂ ਬਾਅਦ ਪੈਦਾ ਹੋਏ ਹਾਲਾਤ ਅਤੇ ਗ੍ਰੰਥੀ ਸਿੰਘਾਂ ਦੀਆਂ ਚਿੰਤਾਵਾਂ ਨੂੰ ਲੈ ਕੇ ਅੱਜ ਵੱਖ-ਵੱਖ ਇਲਾਕਿਆਂ ਤੋਂ ਗ੍ਰੰਥੀ ਸਿੰਘਾਂ ਦਾ ਇੱਕ ਵਫ਼ਦ ਸਿੰਘ ਸਾਹਿਬ ਬਾਬਾ ਟੇਕ ਸਿੰਘ, ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਨੂੰ ਮਿਲਣ ਪਹੁੰਚਿਆ। ਇਸ ਦੌਰਾਨ ਗ੍ਰੰਥੀ ਸਿੰਘਾਂ ਵੱਲੋਂ ਜਥੇਦਾਰ ਸਾਹਿਬ ਨੂੰ ਇੱਕ ਵਿਸ਼ੇਸ਼ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਸਮੁੱਚੇ ਗ੍ਰੰਥੀ ਸਿੰਘਾਂ, ਪ੍ਰਚਾਰਕਾਂ ਨੇ ਖਦਸ਼ਾ ਜ਼ਾਹਰ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਪਾਸ ਕੀਤਾ ਗਿਆ ਐਕਟ ਸਿੱਖਾਂ ਦੇ ਧਾਰਮਿਕ ਮਾਮਲਿਆਂ ਅੰਦਰ ਸਿੱਧਾ ਦਖਲ ਹੈ ਅਤੇ ਇਸ ਨਾਲ ਬੇਅਦਬੀ ਦੇ ਮਾਮਲਿਆਂ ਅੰਦਰ ਦੋਸ਼ੀਆਂ ਨੂੰ ਸਜ਼ਾਵਾਂ ਉੱਤੇ ਕੇਂਦ੍ਰਿਤ ਹੋਣ ਅਤੇ ਸਿੱਖਾਂ ਨੂੰ ਇਨਸਾਫ਼ ਦੇਣ ਦੀ ਥਾਂ ਸਿੱਖ ਸੰਸਥਾਵਾਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਸੰਗਤ, ਗ੍ਰੰਥੀ ਸਿੰਘਾਂ, ਉੱਤੇ ਵਧੇਰੀ ਜ਼ਿੰਮੇਵਾਰੀ ਤੈਅ ਕਰ ਦਿੱਤੀ ਗਈ ਹੈ। ਅਜਿਹੀ ਕਾਰਵਾਈ ਨਾਲ ਜਿੱਥੇ ਸਿੱਖੀ ਪ੍ਰਚਾਰ ਪ੍ਰਸਾਰ ਵਿੱਚ ਵੱਡੀਆਂ ਰੁਕਾਵਟਾਂ ਆਉਣਗੀਆਂ, ਉੱਥੇ ਹੀ ਸਿੱਖ ਸੰਗਤ ਵੀ ਗੁਰੂ ਸਾਹਿਬ ਨਾਲੋਂ ਟੁੱਟੇਗੀ। ਉਨ੍ਹਾਂ ਕਿਹਾ ਕਿ ਕਸਟੋਡੀਅਨ ਮਤ ਤਹਿਤ ਜਿਸ ਘਰ 'ਚ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਪ੍ਰਕਾਸ਼ ਹੈ ਜਾਂ ਸ੍ਰੀ ਅਖੰਡ ਪਾਠ ਸਾਹਿਬ ਹੋਵੇਗਾ, ਉਸ ਦੀ ਜ਼ਿੰਮੇਵਾਰੀ ਤੈਅ ਹੋਵੇਗੀ, ਜਿਸ ਨਾਲ ਸੰਗਤ 'ਚ ਡਰ ਅਤੇ ਸਹਿਮ ਦਾ ਮਾਹੌਲ ਹੈ। ਮੁਲਾਕਾਤ ਦੌਰਾਨ ਗ੍ਰੰਥੀ ਸਿੰਘਾਂ ਨੇ ਨਵੇਂ ਕਾਨੂੰਨ ਦੇ ਲਾਗੂ ਹੋਣ ਨਾਲ ਪੈਦਾ ਹੋਣ ਵਾਲੀਆਂ ਸੰਭਾਵੀ ਮੁਸ਼ਕਲਾਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ। ਵਫ਼ਦ ਨੇ ਕਿਹਾ ਕਿ ਨਵੇਂ ਐਕਟ ਦੇ ਪਾਸ ਹੋਣ ਨਾਲ ਸੰਗਤ ਵਿੱਚ ਡਰ ਪਾਇਆ ਜਾ ਰਿਹਾ ਹੈ। ਇਸੇ ਡਰ ਕਾਰਨ ਲੋਕ ਆਪਣੇ ਘਰਾਂ ਵਿੱਚੋਂ ਪਵਿੱਤਰ ਪੋਥੀਆਂ ਅਤੇ ਗੁਟਕਾ ਸਾਹਿਬ ਲਗਾਤਾਰ ਗੁਰਦੁਆਰਾ ਸਾਹਿਬਾਨ ਵਿਖੇ ਜਮ੍ਹਾ ਕਰਵਾ ਰਹੇ ਹਨ।

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ





# ਸ਼ਬਦ ਕੀਰਤਨ ਅਤੇ ਕਥਾ ਸਮਾਗਮ

## 1 ਮਈ ਤੋਂ 31 ਮਈ 2026 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | |
|---|---|---|
| 1 ਮਈ ਸ਼ੁੱਕਰਵਾਰ | ਜਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 2 ਮਈ ਸ਼ਨੀਵਾਰ | ਹਯਾਤ (ਗੁਰਦਾਸਪੁਰ) | ਸ਼ਾਮ 6 ਤੋਂ 8 ਵਜੇ ਤੱਕ |
| 3 ਮਈ ਐਤਵਾਰ | ਗੁ: ਸੰਗਤਪੁਰਾ ਬਬਵਾਲਾ ਗੁਰਦਾਸਪੁਰ | ਸ਼ਾਮ 6 ਤੋਂ 8 ਵਜੇ ਤੱਕ |
| 4 ਮਈ ਸੋਮਵਾਰ | ਕਾਹਲਵਾਂ | ਸ਼ਾਮ 6 ਤੋਂ 8 ਵਜੇ ਤੱਕ |
| 5 ਮਈ ਮੰਗਲਵਾਰ | ਗੁ: ਭਗਤਾਂ ਦਾ ਡੇਰਾ ਤਰਸਿੱਕਾ / ਨਿੱਕੇ ਘੁੰਮਣ | ਸਵੇਰੇ 12 ਤੋਂ 2 ਵਜੇ ਤੱਕ / ਸ਼ਾਮ 6 ਤੋਂ 8 ਵਜੇ ਤੱਕ |
| 6 ਮਈ ਬੁੱਧਵਾਰ | ਚੋਣੇ | ਸ਼ਾਮ 6 ਤੋਂ 8 ਵਜੇ ਤੱਕ |
| 7 ਮਈ ਵੀਰਵਾਰ | ਮੁਰਾਦਪੁਰ | ਸ਼ਾਮ 6 ਤੋਂ 8 ਵਜੇ ਤੱਕ |
| 8 ਮਈ ਸ਼ੁੱਕਰਵਾਰ | ਚੂੰਗ (ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਪਬਲਿਕ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 9 ਮਈ ਸ਼ਨੀਵਾਰ | ਅਬਦਾਲ ਗੁ: ਸੰਤ ਬਾਬਾ ਅੱਲ੍ਹਾ ਸਿੰਘ ਜੀ | ਸ਼ਾਮ 6 ਤੋਂ 8 ਵਜੇ ਤੱਕ |
| 10 ਮਈ ਐਤਵਾਰ | ਗੁਰੂ ਕੀ ਬੇਰ ਸਾਹਿਬ ਮੱਤੇਵਾਲ | ਸ਼ਾਮ 6 ਤੋਂ 8 ਵਜੇ ਤੱਕ |
| 11 ਮਈ ਸੋਮਵਾਰ | ਲੀਲ ਕਲਾਂ | ਸ਼ਾਮ 6 ਤੋਂ 8 ਵਜੇ ਤੱਕ |
| 12 ਮਈ ਮੰਗਲਵਾਰ | ਭਲਾਈਪੁਰ ਪੁਰਬਾਂ | ਸ਼ਾਮ 6 ਤੋਂ 8 ਵਜੇ ਤੱਕ |
| 13 ਮਈ ਬੁੱਧਵਾਰ | ਖਲੈਹਿਰਾ | ਸ਼ਾਮ 6 ਤੋਂ 8 ਵਜੇ ਤੱਕ |
| 14 ਮਈ ਵੀਰਵਾਰ | ਜਫਰਵਾਲ | ਸ਼ਾਮ 6 ਤੋਂ 8 ਵਜੇ ਤੱਕ |
| 15 ਮਈ ਸ਼ੁੱਕਰਵਾਰ | ਲਾਲਪੁਰਾ (ਗੁਰਦਾਸਪੁਰ) | ਸ਼ਾਮ 6 ਤੋਂ 8 ਵਜੇ ਤੱਕ |
| 16 ਮਈ ਸ਼ਨੀਵਾਰ | ਗੁ: ਸਿੰਘ ਸਭਾ (ਸ਼ਾਸਤਰੀ ਨਗਰ ਕਾਹਨੂੰਵਾਲ ਰੋਡ, ਬਟਾਲਾ) | ਸ਼ਾਮ 6 ਤੋਂ 8 ਵਜੇ ਤੱਕ |
| 17 ਮਈ ਐਤਵਾਰ | ਗੜ੍ਹੀ ਗੁਰਦਾਸ ਨੰਗਲ ਗੁ: ਗ੍ਰਿਫਤਾਰੀ ਸਾਹਿਬ | ਸ਼ਾਮ 6 ਤੋਂ 8 ਵਜੇ ਤੱਕ |
| 18 ਮਈ ਸੋਮਵਾਰ | ਝਲਾੜੀ | ਸ਼ਾਮ 6 ਤੋਂ 8 ਵਜੇ ਤੱਕ |
| 19 ਮਈ ਮੰਗਲਵਾਰ | ਗੱਗੜਭਾਣਾ | ਸ਼ਾਮ 6 ਤੋਂ 8 ਵਜੇ ਤੱਕ |
| 20 ਮਈ ਬੁੱਧਵਾਰ | ਧਰਦਿਓ | ਸ਼ਾਮ 6 ਤੋਂ 8 ਵਜੇ ਤੱਕ |
| 21 ਮਈ ਵੀਰਵਾਰ | ਵੀਲਾ / ਮੀਕੇ | ਸ਼ਾਮ 6 ਤੋਂ 8 ਵਜੇ ਤੱਕ |
| 22 ਮਈ ਸ਼ੁੱਕਰਵਾਰ | ਸਿਆਲਕਾ | ਸ਼ਾਮ 6 ਤੋਂ 8 ਵਜੇ ਤੱਕ |
| 23 ਮਈ ਸ਼ਨੀਵਾਰ | ਖੱਬੇਰਾਜਪੂਤਾਂ | ਸ਼ਾਮ 6 ਤੋਂ 8 ਵਜੇ ਤੱਕ |
| 24 ਮਈ ਐਤਵਾਰ | ਜਲਾਲ ਉਸਮਾਂ | ਸ਼ਾਮ 6 ਤੋਂ 8 ਵਜੇ ਤੱਕ |
| 25 ਮਈ ਸੋਮਵਾਰ | ਸਹਾਇਪੁਰ | ਸ਼ਾਮ 6 ਤੋਂ 8 ਵਜੇ ਤੱਕ |
| 26 ਮਈ ਮੰਗਲਵਾਰ | ਜੇਠੂਵਾਲ | ਸ਼ਾਮ 6 ਤੋਂ 8 ਵਜੇ ਤੱਕ |
| 27 ਮਈ ਬੁੱਧਵਾਰ | ਬੁਤਾਲਾ (ਨਿਪਸ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 28 ਮਈ ਵੀਰਵਾਰ | ਗੁ: ਰਾਮ ਥੰਮਣ | ਸ਼ਾਮ 6 ਤੋਂ 8 ਵਜੇ ਤੱਕ |
| 29 ਮਈ ਸ਼ੁੱਕਰਵਾਰ | ਸਠਿਆਲਾ | ਸ਼ਾਮ 6 ਤੋਂ 8 ਵਜੇ ਤੱਕ |
| 30 ਮਈ ਸ਼ਨੀਵਾਰ | ਮਹਿਸਮਪੁਰ (ਬਾਬਾ ਦੀਪ ਸਿੰਘ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 31 ਮਈ ਐਤਵਾਰ | ਮਹਿਤਾ ਚੌਂਕ | ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2026 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2026, ਸ਼ਨੀਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

ਸੰਪਰਕ: 99158-00904, 97793-10040, 98158-14158, 84376-91626

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
***Raghbir Singh Walsal***
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ
ਦੇ ਜਨਮ ਦਿਹਾੜੇ ਨੂੰ ਸਮਰਪਿਤ





# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ

☛ ਸ਼ਹੀਦੀ ਦਿਵਸ : ਛੋਟਾ ਘੱਲੂਘਾਰਾ ਕਾਹਨੂੰਵਾਨ ☛ ਫ਼ਤਹਿ ਦਿਵਸ : ਫ਼ਤਹਿ ਦਿਵਸ ਕੌਮੀ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।






ਸ਼ੁੱਕਰਵਾਰ 15 ਮਈ ਸੰਗਰਾਂਦ ਦਾ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।

• ਸ਼ਨਿੱਚਰਵਾਰ 16 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। • ਐਤਵਾਰ 17 ਮਈ 2026 ਨੂੰ 6:30 ਵਜੇ ਸਵੇਰ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ 15/16/17 ਮਈ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ਮਾਤਾ ਅੰਗਰੇਜ਼ ਕੌਰ ਜੀ ਦੀ ਨਮਿਤ ਅੰਤਿਮ ਅਰਦਾਸ ਤੇ ਭੋਗ ਸਮਾਗਮ ਅੱਜ 6 ਮਈ ਨੂੰ ਕਰਵਾਇਆ ਜਾਵੇਗਾ

ੴ

॥ ਸਤਿਗੁਰ ਪ੍ਰਸਾਦਿ ॥

ਜੇਹਾ ਚਿਰੀ ਲਿਖਿਆ ਤੇਹਾ ਹੁਕਮ ਕਮਾਹਿ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥



ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ ਮਾਤਾ ਜੀ

## ਸਵ. ਮਾਤਾ ਅੰਗਰੇਜ਼ ਕੌਰ

(ਸੁਪਤਨੀ ਸਵ.ਜਥੇਦਾਰ ਰੁਲਦੂ ਸਿੰਘ ਖਾਲਸਾ)

ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ 27 ਅਪ੍ਰੈਲ 2026 ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ।

ਉਹਨਾ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ਼੍ਰੀ ਸਹਿਜ ਪਾਠ ਦਾ ਭੋਗ

## ਅੰਤਿਮ ਅਰਦਾਸ

| ਦਿਨ | ਭੋਗ | ਸਥਾਨ |
|---|---|---|
| ਬੁੱਧਵਾਰ | 06-05-2026 | ਗੁਰਦੁਆਰਾ ਸ਼ਹੀਦ ਬਾਬਾ ਸੇਲਬਰਾਹ ਜੀ,ਪਿੰਡ ਸੇਲਬਰਾਹ (ਬਠਿੰਡਾ) |

ਦੁਖੀ ਹਿਰਦੇ

ਬਾਬਾ ਬਹਾਦਰ ਸਿੰਘ 9779413671 | ਸੁਦਾਗਰ ਸਿੰਘ 9878109629 | ਮਲਾਗਰ ਸਿੰਘ

4K LIVE STREAMING

॥ ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਿਹ ॥

ਧਾਰਮਿਕ ਤੇ ਸਿੱਖੀ ਰੂਹਾਨੀ ਮਾਹੌਲ ਨਾਲ ਜੁੜੇ ਪ੍ਰਸਿੱਧ ਪਰਿਵਾਰ ਦੀ ਸਤਿਕਾਰਯੋਗ ਮਾਤਾ ਸਵਰਗਵਾਸੀ ਮਾਤਾ ਅੰਗਰੇਜ਼ ਕੌਰ, ਪਤਨੀ ਜੱਥੇਦਾਰ ਰੁਲਦੂ ਸਿੰਘ ਖਾਲਸਾ, ਜਿਨ੍ਹਾਂ ਦੀ ਉਮਰ ਲਗਭਗ 85 ਸਾਲ ਸੀ, ਬੀਤੇ ਦਿਨੀਂ (27 ਅਪ੍ਰੈਲ) ਅਕਾਲ ਚਲਾਣਾ ਕਰ ਗਏ। ਮਾਤਾ ਜੀ ਨੇ ਆਪਣੀ ਪੂਰੀ ਜ਼ਿੰਦਗੀ ਗੁਰਸਿੱਖੀ ਮਰਿਆਦਾ ਅਨੁਸਾਰ ਬਿਤਾਈ ਅਤੇ ਇਕ ਵੱਡੇ ਅੰਮ੍ਰਿਤਧਾਰੀ ਪਰਿਵਾਰ ਦੀ ਮਜ਼ਬੂਤ ਨੀਹ ਵਜੋਂ ਜਾਣੇ ਜਾਂਦੇ ਸਨ।

ਉਨ੍ਹਾਂ ਦੇ ਪਰਿਵਾਰ ਵਿੱਚ ਤਿੰਨ ਸਤਿਕਾਰਯੋਗ ਪੁੱਤਰ - ਸ. ਬਹਾਦਰ ਸਿੰਘ, ਸ. ਸੁਦਾਗਰ ਸਿੰਘ ਅਤੇ ਸ. ਮਲਾਗਰ ਸਿੰਘ ਹਨ, ਜਿਨ੍ਹਾਂ ਨੇ ਆਪਣੀ ਕਿਰਤ ਅਤੇ ਸੇਵਾ ਭਾਵਨਾ ਨਾਲ ਸਮਾਜ ਵਿੱਚ ਇੱਕ ਉੱਚਾ ਦਰਜਾ ਹਾਸਲ ਕੀਤਾ ਹੈ। ਪਰਿਵਾਰ ਦੇ ਪੋਤਰੇ ਵੀ ਸਿੱਖੀ ਦੇ ਪ੍ਰਚਾਰ ਅਤੇ ਸੇਵਾ ਵਿੱਚ ਅੱਗੇ ਹਨ।

ਖਾਸ ਕਰਕੇ ਸ ਅਨੋਖ ਸਿੰਘ ਜੀ ਵੱਲੋਂ Sikhism TV ਯੂਟਿਊਬ ਚੈਨਲ ਰਾਹੀਂ ਬਹੁਤ ਹੀ ਵਿਸ਼ਾਲ ਪੱਧਰ 'ਤੇ ਸਿੱਖ ਧਰਮ ਦਾ ਪ੍ਰਚਾਰ-ਪ੍ਰਸਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਦੀ ਇਸ ਸੇਵਾ ਰਾਹੀਂ ਗੁਰਬਾਣੀ ਕੀਰਤਨ, ਕਥਾ ਵਿਚਾਰ ਅਤੇ ਸਿੱਖ ਇਤਿਹਾਸਕ ਪ੍ਰੋਗਰਾਮਾਂ ਨੂੰ ਦੇਸ਼ ਹੀ ਨਹੀਂ ਸਗੋਂ ਵਿਦੇਸ਼ਾਂ ਤੱਕ ਵੀ ਪਹੁੰਚਾਇਆ ਜਾ ਰਿਹਾ ਹੈ। ਅਨੋਖ ਸਿੰਘ ਜੀ ਨੇ ਨੌਜਵਾਨ ਪੀੜ੍ਹੀ ਨੂੰ ਸਿੱਖੀ ਨਾਲ ਜੋੜਨ ਲਈ ਇੱਕ ਮਹੱਤਵਪੂਰਨ ਯੋਗਦਾਨ ਪਾਇਆ ਹੈ ਅਤੇ ਲਗਾਤਾਰ ਇਸ ਧਾਰਮਿਕ ਸੇਵਾ ਨੂੰ ਨਿਭਾਉਂਦੇ ਹੋਏ ਸਿੱਖ ਪੰਥ ਦਾ ਨਾਮ ਰੌਸ਼ਨ ਕਰ ਰਹੇ ਹਨ।

ਇਸਦੇ ਨਾਲ ਹੀ ਮਾਤਾ ਜੀ ਦੇ ਪੋਤਰੇ ਗਿਆਨੀ ਗੁਰਸੇਵਕ ਸਿੰਘ ਸੇਲਬਰਾਹ ਵੱਲੋਂ ਕਥਾ ਪ੍ਰਚਾਰ ਰਾਹੀਂ ਪਿੰਡਾਂ, ਸ਼ਹਿਰਾਂ ਅਤੇ ਹੋਰ ਸੂਬਿਆਂ ਵਿੱਚ ਪੰਥ ਦੀਆਂ ਨਾਮਵਰ ਸਟੇਜਾਂ ਤੇ ਸਿੱਖੀ ਦੇ ਪ੍ਰਚਾਰ ਪ੍ਰਸਾਰ ਦੀ ਸੇਵਾ ਨਿਭਾਈ ਜਾ ਰਹੀ ਹੈ।

ਮਾਤਾ ਅੰਗਰੇਜ਼ ਕੌਰ ਜੀ ਦੀ ਅੰਤਿਮ ਅਰਦਾਸ ਅਤੇ ਭੋਗ ਸਮਾਗਮ 6 ਮਈ ਨੂੰ ਬਾਅਦ ਦੁਪਹਿਰ 12 ਵਜੇ ਸ਼ਰਧਾ ਅਤੇ ਸਤਿਕਾਰ ਨਾਲ ਕਰਵਾਇਆ ਜਾਵੇਗਾ। ਇਸ ਧਾਰਮਿਕ ਸਮਾਗਮ ਵਿੱਚ ਪ੍ਰਸਿੱਧ ਰਾਗੀ ਅਤੇ ਕੀਰਤਨੀ ਜਥੇ ਸ਼ਿਰਕਤ ਕਰਨਗੇ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ:

ਗਿਆਨੀ ਸੁਰਿੰਦਰ ਸਿੰਘ ਜੀ ਜਥਾ ਢਡਰੀਆਂ ਵਾਲੇ (ਪਰਮੇਸ਼ਰ ਦੁਆਰ) ਗਿਆਨੀ ਗੁਰਜੰਟ ਸਿੰਘ (ਹੈਡ ਗ੍ਰੰਥੀ, ਦਮਦਮਾ ਸਾਹਿਬ) ਰਾਗੀ ਨਿਰਭੈ ਸਿੰਘ (ਦਮਦਮਾ ਸਾਹਿਬ) ਗਿਆਨੀ ਕੁਲਦੀਪ ਸਿੰਘ ਫੱਗੂ (ਮੈਂਬਰ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ) ਇਸ ਮੌਕੇ ਅਨੇਕਾਂ ਹੀ ਸੰਗਤਾਂ ਵੱਲੋਂ ਹਾਜ਼ਰੀ ਭਰਕੇ ਗੁਰਬਾਣੀ ਕੀਰਤਨ ਰਾਹੀਂ ਅਰਦਾਸ ਕੀਤੀ ਜਾਵੇਗੀ ਅਤੇ ਮਾਤਾ ਜੀ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਜਾਵੇਗੀ। ਸਮੂਹ ਇਲਾਕਾ ਨਿਵਾਸੀਆਂ ਅਤੇ ਸੰਗਤਾਂ ਨੂੰ ਨਿਮਰ ਬੇਨਤੀ ਹੈ ਕਿ ਇਸ ਭੋਗ ਅਤੇ ਅੰਤਿਮ ਅਰਦਾਸ ਵਿੱਚ ਸ਼ਿਰਕਤ ਕਰਕੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ।

ਆਵਾਜ਼ਿ ਕੌਮ
AWAZE QAUM
International Newspaper & WEB TV

# ਪੰਜਾਬ ਦੇ ਪਾਣੀ, ਪੰਜਾਬੀ ਭਾਸ਼ਾ, ਕਿਸਾਨੀ ਹਕਾਂ ਦੇ ਨਾਲ ਨਸ਼ਿਆਂ ਵਿਰੁੱਧ ਜੂਝਣ ਵਾਲਾ ਸੂਰਮਾ

ਸ਼ਹੀਦਾਂ ਦੀਆਂ ਕੁਰਬਾਨੀਆਂ ਹੀ ਕੌਮਾਂ ਨੂੰ ਜ਼ਿੰਦਾ ਰੱਖਦੀਆਂ ਹਨ ਅਤੇ ਸਾਨੂੰ ਗੁਲਾਮੀ ਦੀਆਂ ਜ਼ੰਜੀਰਾਂ ਤੋੜਨ ਦਾ ਦਿੰਦੀਆਂ ਹਨ ਹੌਸਲਾ



ਸ਼ਹੀਦ ਆਪਣੇ ਅਸੂਲਾਂ ਅਤੇ ਸਿਧਾਂਤਾਂ ਨਾਲ ਕਦੇ ਸਮਝੌਤਾ ਨਹੀਂ ਕਰਦਾ। ਉਹ ਮੌਤ ਤੋਂ ਨਹੀਂ ਡਰਦਾ, ਸਗੋਂ ਜ਼ੁਲਮ ਵਿਰੁੱਧ ਡਟ ਕੇ ਖੜ੍ਹਦਾ ਹੈ।

## ਸ਼ਹੀਦ ਭਾਈ ਜੋਗਿੰਦਰ ਸਿੰਘ ਦਿੱਲੀ

ਸ਼ਹਾਦਤ 7 ਮਈ 1993

ਸਿੱਖ ਇਤਿਹਾਸ ਅਤੇ ਸੰਘਰਸ਼ ਵਿੱਚ ਆਪਣਾ ਆਪ ਵਾਰਨ ਵਾਲੇ ਅਖੰਡ ਕੀਰਤਨੀ ਜੱਥੇ ਦੇ ਸ਼ਹੀਦ ਸਿੰਘ ਭਾਈ ਜੋਗਿੰਦਰ ਸਿੰਘ ਦਿੱਲੀ ਦੀ ਲਾਸਾਨੀ ਸ਼ਹਾਦਤ ਨੂੰ ਕੋਟਿ-ਕੋਟਿ ਪ੍ਰਣਾਮ, ਜਿਨ੍ਹਾਂ ਨੇ ਕੌਮ ਦੀ ਆਜ਼ਾਦੀ ਅਤੇ ਚੜ੍ਹਦੀ ਕਲਾ ਲਈ ਆਪਣੀ ਜਾਨ ਨਿਛਾਵਰ ਕੀਤੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਗੁਰੂ ਪੰਥ ਦੀ ਸੇਵਾ ਵਿਚ

**ਸ਼੍ਰੋਮਣੀ ਬੱਬਰ ਅਕਾਲੀ ਲਹਿਰ, ਬੱਬਰ ਸਿੱਖ ਵਿਦਿਆਰਥੀ ਸੰਗਠਨ, ਬੱਬਰ ਅਕਾਲੀ ਲਹਿਰ ਕੈਨੇਡਾ, ਸ਼ਾਹਬਾਜ਼ ਖਾਲਸਾ, ਯੂਨਾਇਟਡ ਸਿੱਖ ਮਿਸ਼ਨ**

ਗੁਰਦੁਆਰਾ ਸ੍ਰੀ ਦਸਮੇਸ਼ ਸਾਹਿਬ ਸਿੰਘਪੁਰਾ ਬਰਾੜਾ ਜਿਲਾ ਅੰਬਾਲਾ ਵਿਖੇ ਗੁਰੂਘਰ ਦੇ ਮੁੱਖ ਸੇਵਾਦਾਰ ਸ. ਤਰਸੇਮ ਸਿੰਘ ਜੀ ਦੀ ਧਰਮ ਸੁਪਤਨੀ ਬੀਬੀ ਸਵਰਨ ਕੌਰ ਜੀ ਦੀ

# ਅੰਤਿਮ ਅਰਦਾਸ ਸਮਾਗਮ 'ਚ ਵੱਡੀ ਗਿਣਤੀ ਪਹੁੰਚੀਆਂ ਸੰਗਤਾਂ

## ਅੰਤਿਮ ਅਰਦਾਸ ਸਮਾਗਮ" ਵਿੱਚ ਸ਼ਰਧਾਂਜਲੀ ਦੇਣ ਵਾਸਤੇ ਅੱਜ 5 ਮਈ 2026 ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਪੁੱਜੀਆਂ

























ਗੁਰਦੁਆਰਾ ਸ੍ਰੀ ਦਸਮੇਸ਼ ਸਾਹਿਬ ਸਿੰਘਪੁਰਾ ਬਰਾੜਾ ਜਿਲਾ ਅੰਬਾਲਾ ਵਿਖੇ ਗੁਰੂਘਰ ਦੇ ਮੁੱਖ ਸੇਵਾਦਾਰ ਸ. ਤਰਸੇਮ ਸਿੰਘ ਜੀ ਦੀ ਧਰਮ ਸੁਪਤਨੀ ਬੀਬੀ ਸਵਰਨ ਕੌਰ ਜੀ ਦੀ "ਅੰਤਿਮ ਅਰਦਾਸ ਸਮਾਗਮ" ਵਿੱਚ ਸ਼ਰਧਾਂਜਲੀ ਦੇਣ ਵਾਸਤੇ ਅੱਜ 5 ਮਈ 2026 ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਪੁੱਜੀਆਂ ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ,ਸ. ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ,ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ ਪੰਚਕੂਲਾ,ਸ.ਰਜਿੰਦਰ ਸਿੰਘ ਡੁਲਿਆਣਾ ਮੈਂਬਰ ਹਲਕਾ ਬਰਾੜਾ,ਸ.ਮੱਖਣ ਸਿੰਘ ਲੁਬਾਣਾ ਚੇਅਰਮੈਨ ਜ਼ਿਲਾ ਪ੍ਰੀਸ਼ਦ ਅੰਬਾਲਾ ਵੱਲੋਂ ਵਿੱਛੜੀ ਰੂਹ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ ਅਤੇ ਪ੍ਰੀਵਾਰ ਨੂੰ ਭਾਣਾ ਮੰਨਣ ਦੀ ਗੁਰੂ ਚਰਨਾਂ ਵਿੱਚ ਅਰਦਾਸ ਕੀਤੀ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਅਮਾ ਡਬਲਮ ਫਤਹ ਕਰਨ ਵਾਲੀ

# ਪਹਿਲੀ ਪੰਜਾਬਣ ਸੁੱਖੀ ਬੱਲ ਦਾ ਸਨਮਾਨ










**ਤਲਵੰਡੀ ਸਾਬੋ/ ਬਠਿੰਡਾ, 05 ਮਈ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਦੀ ਬਹਾਦੁਰ ਧੀ ਅਤੇ ਪਹਾੜ ਚੜ੍ਹਾਈ ਦੇ ਖੇਤਰ ਵਿੱਚ ਨਵਾਂ ਇਤਿਹਾਸ ਰਚਣ ਵਾਲੀ ਸੁੱਖੀ ਬੱਲ ਨੂੰ ਉਸ ਦੀ ਇਤਿਹਾਸਕ ਉਪਲਬਧੀ ਲਈ ਸਨਮਾਨਿਤ ਕੀਤਾ ਗਿਆ। ਅਮਾ ਡਬਲਮ ਵਰਗੀ ਮੁਸ਼ਕਲ ਤੇ ਚੁਣੌਤੀਪੂਰਨ ਪਹਾੜੀ ਚੋਟੀ ਨੂੰ ਸਰ ਕਰਨ ਵਾਲੀ ਉਹ ਪੰਜਾਬ ਦੀ ਪਹਿਲੀ ਅਤੇ ਦੇਸ਼ ਦੀ ਛੇਵੀਂ ਮਹਿਲਾ ਬਣ ਗਈ ਹੈ। ਉਸ ਦੀ ਇਸ ਉਪਲਬਧੀ ਨਾਲ ਸਾਰੇ ਪ੍ਰਦੇਸ਼ ਵਿੱਚ ਮਾਣ ਅਤੇ ਖੁਸ਼ੀ ਦੀ ਲਹਿਰ ਦੌੜ ਗਈ ਹੈ। ਇਸ ਮੌਕੇ 'ਪੰਜਾਬੀ ਐਡਵੈਂਚਰਰਜ਼' ਵੱਲੋਂ ਹੋਟਲ ਸਾਲਵੀਆ ਵਿੱਚ ਇਕ ਭਵਿਆ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ ਵਿੱਚ ਸਮਾਜ ਦੇ ਵੱਖ-ਵੱਖ ਖੇਤਰਾਂ ਨਾਲ ਸੰਬੰਧਤ ਹਸਤੀਆਂ ਨੇ ਹਿੱਸਾ ਲਿਆ। ਸਮਾਰੋਹ ਦੌਰਾਨ ਸੁੱਖੀ ਬੱਲ ਨੂੰ ਸ਼ਾਲ, ਯਾਦਗਾਰੀ ਚਿੰਨ੍ਹ ਅਤੇ ਫੁੱਲਾਂ ਦੇ ਗੁਲਦਸਤੇ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦਾ ਮਾਹੌਲ ਉਤਸ਼ਾਹ ਅਤੇ ਮਾਣ ਨਾਲ ਭਰਪੂਰ ਰਿਹਾ। ਇਸ ਸਮਾਰੋਹ ਵਿੱਚ ਏਆਈਜੀ ਅਤੇ ਓਲੰਪਿਅਨ ਅਵਨੀਤ ਸਿੱਧੂ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੀ। ਉਨ੍ਹਾਂ ਨੇ ਸੁੱਖੀ ਬੱਲ ਦੀ ਹਿੰਮਤ, ਸਮਰਪਣ ਅਤੇ ਸੰਘਰਸ਼ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਸ ਦੀ ਕਾਮਯਾਬੀ ਸਿਰਫ਼ ਮਹਿਲਾਵਾਂ ਹੀ ਨਹੀਂ, ਸਗੋਂ ਪੂਰੇ ਸਮਾਜ ਲਈ ਪ੍ਰੇਰਣਾ ਦਾ ਸਰੋਤ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਮਿਸਾਲਾਂ ਨੌਜਵਾਨਾਂ ਨੂੰ ਆਪਣੇ ਸੁਪਨੇ ਸਾਕਾਰ ਕਰਨ ਲਈ ਪ੍ਰੇਰਿਤ ਕਰਦੀਆਂ ਹਨ। ਖਾਸ ਮਹਿਮਾਨ ਵਜੋਂ ਪੰਜਾਬ ਮੱਧਮ ਉਦਯੋਗ ਵਿਕਾਸ ਬੋਰਡ ਦੇ ਚੇਅਰਮੈਨ ਨੀਲ ਗਰਗ ਵੀ ਪਹੁੰਚੇ। ਉਨ੍ਹਾਂ ਨੇ 'ਪੰਜਾਬੀ ਐਡਵੈਂਚਰਰਜ਼' ਦੇ ਇਸ ਉਪਰਾਲੇ ਦੀ ਸਰਾਹਨਾ ਕਰਦਿਆਂ ਕਿਹਾ ਕਿ ਅਜਿਹੇ ਹਿੰਮਤੀ ਲੋਕਾਂ ਨਾਲ ਮਿਲਣ ਦਾ ਮੌਕਾ ਇਸ ਮੰਚ ਰਾਹੀਂ ਹੀ ਮਿਲਦਾ ਹੈ। ਪ੍ਰਸਿੱਧ ਪੰਜਾਬੀ ਅਦਾਕਾਰ ਮਲਕੀਤ ਰੌਣੀ ਨੇ ਵੀ ਸੁੱਖੀ ਬੱਲ ਨੂੰ ਮੁਬਾਰਕਬਾਦ ਦਿੱਤੀ ਅਤੇ ਉਸ ਦੀ ਉਪਲਬਧੀ ਨੂੰ ਇਤਿਹਾਸਕ ਕਰਾਰ ਦਿੰਦਿਆਂ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਪਹਾੜ ਚੜ੍ਹਾਈ ਕਰਨ ਵਾਲੀ ਡਾ. ਰਜਨੀ ਜਿੰਦਲ ਨੇ ਕਿਹਾ ਕਿ ਉਹ ਸੁੱਖੀ ਬੱਲ ਤੋਂ ਬਹੁਤ ਪ੍ਰੇਰਿਤ ਹੋਈ ਹੈ ਅਤੇ ਉਹ ਵੀ ਭਵਿੱਖ ਵਿੱਚ ਅਮਾ ਡਬਲਮ ਨੂੰ ਸਰ ਕਰਨ ਦਾ ਲਕਸ਼ ਬਣਾਉਂਦੀ ਹੈ। ਲਵਲੀ ਪੀਪਲਜ਼ ਦੇ ਅਮਰਜੀਤ ਸਿੰਘ ਨੇ ਵੀ ਸੁੱਖੀ ਬੱਲ ਦੀ ਉਪਲਬਧੀ ਨੂੰ ਇਤਿਹਾਸਕ ਦੱਸਦਿਆਂ ਉਸ ਨੂੰ ਵਧਾਈ ਦਿੱਤੀ ਅਤੇ ਉਸ ਦੇ ਚਮਕਦੇ ਭਵਿੱਖ ਦੀ ਕਾਮਨਾ ਕੀਤੀ। ਆਪਣੇ ਸੰਬੋਧਨ ਵਿੱਚ ਸੁੱਖੀ ਬੱਲ ਨੇ ਇਸ ਸਨਮਾਨ ਲਈ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਮਾ ਡਬਲਮ ਦੀ ਚੜ੍ਹਾਈ ਉਸ ਲਈ ਬਹੁਤ ਚੁਣੌਤੀਪੂਰਨ ਪਰ ਯਾਦਗਾਰ ਅਨੁਭਵ ਰਿਹਾ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੌਰਾਨ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ, ਪਰ ਉਸ ਦੇ ਹੌਸਲੇ ਅਤੇ ਦ੍ਰਿੜ ਨਿਸ਼ਚੇ ਨੇ ਉਸ ਨੂੰ ਕਾਮਯਾਬੀ ਤੱਕ ਪਹੁੰਚਾਇਆ। ਉਸ ਨੇ ਨੌਜਵਾਨਾਂ, ਖਾਸ ਕਰਕੇ ਲੜਕੀਆਂ ਨੂੰ ਸੰਦੇਸ਼ ਦਿੱਤਾ ਕਿ ਜੇ ਮਨ ਵਿੱਚ ਜਜ਼ਬਾ ਤੇ ਮਿਹਨਤ ਕਰਨ ਦੀ ਲਗਨ ਹੋਵੇ ਤਾਂ ਕੋਈ ਵੀ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ। ਉਨ੍ਹਾਂ ਨੇ ਭਾਵੁਕ ਹੋ ਕੇ ਦੱਸਿਆ ਕਿ ਚੋਟੀ 'ਤੇ ਪਹੁੰਚ ਕੇ ਉਨ੍ਹਾਂ ਆਪਣੇ ਮਰਹੂਮ ਪਿਤਾ ਨੂੰ ਯਾਦ ਕੀਤਾ, ਉਨ੍ਹਾਂ ਦੀ ਤਸਵੀਰ ਕੱਢ ਕੇ ਕਿਹਾ "ਦੇਖੋ ਪਾਪਾ, ਅੱਜ ਮੈਂ ਤੁਹਾਨੂੰ ਕਿੱਥੇ ਲੈ ਆਈ ਹਾਂ। ਜੇ ਤੁਸੀਂ ਜਿੰਦਾ ਹੁੰਦੇ ਤਾਂ ਬਹੁਤ ਖੁਸ਼ ਹੁੰਦੇ।" ਇਸ ਤੋਂ ਬਾਅਦ ਉਨ੍ਹਾਂ ਆਪਣਾ ਸਫੈਦ ਦੁਪੱਟਾ ਹਵਾ ਵਿੱਚ ਲਹਿਰਾਇਆ। ਸਮਾਰੋਹ ਦੇ ਅੰਤ ਵਿੱਚ ਕਲੱਬ ਦੇ ਚੇਅਰਮੈਨ ਸੁਖਮੰਦਰ ਸਿੰਘ ਚੱਠਾ, ਮਹਾਸਚਿਵ ਭੁਪਿੰਦਰ ਮਾਨ, ਜਸਵਿੰਦਰ ਬਰਾਰ ਅਤੇ ਜਸਵੰਤ ਕੌਸ਼ਿਕ ਨੇ ਕਿਹਾ ਕਿ ਸੁੱਖੀ ਬੱਲ ਵਰਗੀਆਂ ਪ੍ਰਤਿਭਾਵਾਂ ਨੂੰ ਪ੍ਰੋਤਸਾਹਿਤ ਕਰਨਾ ਸਮਾਜ ਦੀ ਜ਼ਿੰਮੇਵਾਰੀ ਹੈ, ਤਾਂ ਜੋ ਉਹ ਅੰਤਰਰਾਸ਼ਟਰੀ ਪੱਧਰ 'ਤੇ ਦੇਸ਼ ਅਤੇ ਪ੍ਰਦੇਸ਼ ਦਾ ਨਾਮ ਰੌਸ਼ਨ ਕਰਦੀਆਂ ਰਹਿਣ। ਮੰਚ ਸੰਚਾਲਨ ਮਨਦੀਪ ਮਸੌਣ ਨੇ ਬਖੂਬੀ ਨਿਭਾਇਆ। ਇਸ ਮੌਕੇ ਪ੍ਰਸਿੱਧ ਭੰਗੜਾ ਕੋਚ ਅਮਰਿੰਦਰ ਸੰਧੂ ਅਤੇ ਸੁੱਖੀ ਬੱਲ ਵੱਲੋਂ ਰੰਗਾਰੰਗ ਨ੍ਰਿਤ੍ ਵੀ ਪੇਸ਼ ਕੀਤਾ ਗਿਆ। ਸਮਾਰੋਹ ਵਿੱਚ ਸੈਂਟ ਪਾਲ ਸਕੂਲ ਦੀ ਐਮਡੀ ਰਜਨੀ ਲਾਰੈਂਸ, ਪ੍ਰਿੰਸਿਪਲ ਦੀਪਿਕਾ ਅਰੋੜਾ, ਦੂਨ ਪਬਲਿਕ ਸਕੂਲ ਦੀ ਐਮਡੀ ਚਰਨਜੀਤ ਕੌਰ ਢਿੱਲੋਂ, ਜਸਪਾਲ ਮਾਨਖੇੜਾ, ਬਲਕਾਰ ਸਿੰਘ ਸਰਪੰਚ, ਸੁਖਪ੍ਰੀਤ ਸਿੰਘ ਸਰਪੰਚ, ਬਲਵਿੰਦਰ ਸਿੰਘ ਮਠਾੜੂ, ਗੁਰਵਿੰਦਰ ਕੌਰ ਕੈਨੇਡਾ, ਗੁਰਉਪਦੇਸ਼, ਅਮਨ ਔਲਖ ਮਾਨਸਾ, ਸਰਵਜੀਤ ਕੌਰ ਫਿਰੋਜ਼ਪੁਰ, ਸ਼ਬੀਨਾ ਬਰਾਰ, ਪਰੀ ਸਿੰਗਲਾ, ਸੁਨੀਤਾ ਕੋਤਵਾਲ, ਨਿਵੇਤਾ ਢੇਸੀ ਸਮੇਤ ਵੱਡੀ ਗਿਣਤੀ ਵਿੱਚ ਰਾਈਡਰ ਹਾਜ਼ਰ ਸਨ।

# ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਧੂਰੀ ਦੇ ਵਾਰਡ ਨੰਬਰ 11 ਦੇ ਵਸਨੀਕਾਂ ਨਾਲ ਮੁਲਾਕਾਤ

**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਣ ਅਤੇ ਜਮੀਨੀ ਪੱਧਰ 'ਤੇ ਵਿਕਾਸ ਕਾਰਜਾਂ ਦੀ ਨਿਗਰਾਨੀ ਨੂੰ ਯਕੀਨੀ ਬਣਾਉਣ ਲਈ ਉਨ੍ਹਾਂ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਧੂਰੀ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰ ਦੇ ਵਾਰਡਾਂ ਦਾ ਲਗਾਤਾਰ ਦੌਰਾ ਕੀਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਉਹ ਧੂਰੀ ਸ਼ਹਿਰ ਦੇ ਵਾਰਡ ਨੰਬਰ 11 ਵਿੱਚ ਪੁੱਜੇ, ਜਿੱਥੇ ਉਨ੍ਹਾਂ ਨੇ ਸਥਾਨਕ ਵਸਨੀਕਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਅਤੇ ਮੰਗਾਂ ਬਾਰੇ ਜਾਣਕਾਰੀ ਹਾਸਲ ਕੀਤੀ। ਓ.ਐਸ.ਡੀ. ਸੁਖਵੀਰ ਸਿੰਘ ਨੇ ਵਾਰਡ ਨੰਬਰ 11 ਦੇ ਵਸਨੀਕਾਂ ਵੱਲੋਂ ਧਿਆਨ ਵਿੱਚ ਲਿਆਂਦੇ ਗਏ ਮਸਲਿਆਂ ਉੱਤੇ ਸੰਬੰਧਿਤ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਅਤੇ ਭਰੋਸਾ ਦਿਵਾਇਆ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਧੂਰੀ ਸ਼ਹਿਰ ਦੀ ਨੁਹਾਰ ਬਦਲਣ ਲਈ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਵਿਕਾਸ ਕਾਰਜ ਜਾਰੀ ਹਨ, ਜਿਨ੍ਹਾਂ ਵਿੱਚ ਸੜਕਾਂ ਦੀ ਅੱਪਗ੍ਰੇਡੇਸ਼ਨ, ਨਿਕਾਸੀ ਪ੍ਰਣਾਲੀ ਦਾ ਸੁਧਾਰ, ਪਾਰਕਾਂ ਦੀ ਸੁੰਦਰਤਾ ਵਧਾਉਣ ਅਤੇ ਹੋਰ ਸ਼ਹਿਰੀ ਸੁਵਿਧਾਵਾਂ ਦੇ ਵਿਕਾਸ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਦਾ ਮਕਸਦ ਸਿਰਫ਼ ਐਲਾਨ ਕਰਨ ਤੱਕ ਸੀਮਿਤ ਨਹੀਂ, ਸਗੋਂ ਹਰ ਪ੍ਰੋਜੈਕਟ ਨੂੰ ਸਮੇਂ ਸਿਰ ਪੂਰਾ ਕਰਕੇ ਲੋਕਾਂ ਤੱਕ ਉਸਦਾ ਲਾਭ ਪਹੁੰਚਾਉਣਾ ਹੈ। ਓ.ਐਸ.ਡੀ. ਸੁਖਵੀਰ ਸਿੰਘ ਨੇ ਹੋਰ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਦਰਸ਼ੀ ਸੋਚ ਅਨੁਸਾਰ ਲੋਕ-ਕੇਂਦਰਿਤ ਸ਼ਾਸਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਜਿਸ ਤਹਿਤ ਹਰੇਕ ਨਾਗਰਿਕ ਦੀ ਸੁਣਵਾਈ ਅਤੇ ਉਸ ਦੀ ਸਮੱਸਿਆ ਦਾ ਤੁਰੰਤ ਹੱਲ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਨੁਮਾਇੰਦੇ ਖੁਦ ਮੈਦਾਨ ਵਿੱਚ ਜਾ ਕੇ ਲੋਕਾਂ ਨਾਲ ਗੱਲਬਾਤ ਕਰ ਰਹੇ ਹਨ ਤਾਂ ਜੋ ਵਿਕਾਸ ਕਾਰਜਾਂ ਦੀ ਹਕੀਕਤ ਅਤੇ ਲੋੜਾਂ ਨੂੰ ਬਿਹਤਰ ਢੰਗ ਨਾਲ ਸਮਝਿਆ ਜਾ ਸਕੇ। ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਹਰਜਿੰਦਰ ਸਿੰਘ ਕਾਂਝਲਾ, ਬਲਦੇਵ ਸਿੰਘ, ਗੁਰਨੀਤ ਕੌਰ, ਬਲਾਕ ਪ੍ਰਧਾਨ ਸੁਖਪਾਲ ਸਿੰਘ ਪਾਲਾ, ਐਡਵੋਕੇਟ ਹੈਪੀ ਗਰਗ, ਭਿੰਦਾ ਵਿਰਕ, ਮਾਣਾ ਗਰੇਵਾਲ, ਉੱਘੇ ਸਮਾਜ ਸੇਵੀ ਚੀਨੂ ਧੀਰ ,ਹਰਪ੍ਰੀਤ ਸਿੰਘ ਗਿੱਲ, ਜਸਵਿੰਦਰ ਖੁਰਮੀ ਹਾਜ਼ਰ ਸਨ।



# ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਦੀ ਸ਼ਹਾਦਤ ਨੂੰ ਸਮਰਪਤ ਪਿੰਡ ਪੰਜਵੜ੍ਹ ਸਮੇਤ ਦੁਨੀਆਂ ਭਰ 'ਚ ਸਮਾਗਮ: ਸਿੱਖ ਫੈਡਰੇਸ਼ਨ ਜਰਮਨੀ



**ਨਵੀਂ ਦਿੱਲੀ, 5 ਮਈ (ਮਨਪ੍ਰੀਤ ਸਿੰਘ ਖਾਲਸਾ)**:- ਸੱਚਖੰਡ ਸ਼੍ਰੀ ਦਰਬਾਰ ਸਾਹਿਬ ਤੇ ਹੋਏ ਹਮਲੇ ਤੋ ਬਾਅਦ ਪੰਜ ਮੈਂਬਰੀ ਪੰਥਕ ਕਮੇਟੀ ਨੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆ ਦੇ ਉਹਨਾਂ ਬਚਨ " ਜਿਸ ਦਿਨ ਭਾਰਤੀ ਫੌਜ ਦੇ ਨਾਪਾਕ ਪੈਰ ਦਰਬਾਰ ਸਾਹਿਬ ਦੀਆ ਪ੍ਰਕਰਮਾ ਚ ਪਏ ਤਾਂ ਖਾਲਿਸਤਾਨ ਦੀ ਨੀਂਹ ਰੱਖੀ ਜਾਵੇਗੀ" ਤੇ ਪਹਿਰਾ ਦਿੰਦੇ ਹੋਏ 29 ਅਪ੍ਰੈਲ 1986 ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋ ਖਾਲਿਸਤਾਨ ਲਈ ਐਲਾਨ ਕਰ ਦਿੱਤਾ ਸੀ। ਉਸ ਨਿਸ਼ਾਨੇ ਦੀ ਪ੍ਰਾਪਤੀ ਲਾਈ ਸਿੱਖ ਕੌਮ ਦੇ ਮਰਜੀਵੜਿਆ ਨੇ ਹਥਿਆਰਬੰਦ ਸੰਘਰਸ ਸੁਰੂ ਕਰ ਦਿੱਤਾ। ਸਭ ਤੋ ਪਹਿਲਾ ਸ਼ਹੀਦ ਭਾਈ ਮਨਵੀਰ ਸਿੰਘ ਚਹੇੜੂ ਦੀ ਕਮਾਂਡ ਹੇਠ ਖਾਲਿਸਤਾਨ ਕਮਾਂਡੋ ਫੋਰਸ ਦਾ ਗਠਨ ਹੋਇਆ। ਫੌਰਸ ਦੇ ਜਰਨੈਲਾ ਨੇ ਲਹੂ ਡੋਲਵੀ ਲੜਾਈ ਲਦੜਿਆ ਭਾਰਤ ਦੇ ਹੁਕਮਰਾਨ ਨੂੰ ਗੋਡਿਆ ਭਾਨੇ ਕਰ ਦਿੱਤਾ। ਸਰਕਾਰ ਸਿੰਘਾਂ ਨਾਲ ਪੰਜਾਬ ਦੀ ਸੂਬੇਦਾਰੀ ਦੇਣ ਦੀਆ ਲੇਲੜੀਆ ਕੱਡ ਰਹੀ ਸੀ। ਪਰ ਇਹਨਾਂ ਯੋਧਿਆਂ ਦਾ ਨਿਸਾਨਾ ਪਾਤਿਸ਼ਾਹੀ ਦਾਵਾ ਸੀ ਨਾਂ ਕਿ ਬਾਦਸ਼ਾਹੀ ਦਾਵਾ। ਸਹੀਦ ਭਾਈ ਪਰਮਜੀਤ ਸਿੰਘ ਦੇ ਸਤਿਕਾਰਯੋਗ ਮਾਤਾ ਜੀ ਮਹਿੰਦਰ ਕੌਰ ਭਰਾਤਾ ਭਾਈ ਰਾਜਵਿੰਦਰ ਸਿੰਘ ਰਾਜੂ ਨੂੰ ਪੁਲਿਸ ਨੇ ਘਰੋ ਚੁੱਕ ਕੇ ਮੌਤ ਦੇ ਮੂੰਹ ਚ ਪਾਅ ਦਿੱਤਾ। ਮਾਤਾ ਮਹਿੰਦਰ ਕੌਰ ਦੇ ਮ੍ਰਿਤਕ ਸਰੀਰ ਵੀ ਪਰਿਵਾਰ ਨੂੰ ਨਾ ਦਿੱਤਾ ਗਿਆ। ਜਿਸ ਦਾ ਕੇਸ ਅੱਜ ਤੱਕ ਅਦਾਲਤਾ ਤੋਂ ਪਰਿਵਾਰ ਇੰਨਸਾਫ ਦੀ ਜੰਗ ਲੜ੍ਹ ਰਿਹਾ ਹੈ। ਨਿੱਜੀ ਘਰ ਨੂੰ ਪੁਲਿਸ ਦੀ ਚੌਂਕੀ ਚ ਤਬਦੀਲ ਕਰ ਦਿੱਤਾ ਗਿਆ। ਖੜੀਆ ਫਸਲਾ ਤਬਾਹ ਕਰ ਦਿੱਤੀਆ ਗਈਆਂ, ਪਰਿਵਾਰ ਅਤੇ ਰਿਸਤਦਾਰਾ ਨੂੰ ਪੁਲਿਸ ਦੇ ਕਹਿਰ ਦਾ ਸਿਕਾਰ ਹੋਣਾ ਪਿਆ। ਲੰਮਾ ਲੰਮਾਂ ਸਮਾਂ ਨਜਾਇਜ ਪੁਲਿਸ ਹਿਰਾਸਤ ਚ ਰਹੇ। 1993 ਤੋ ਬਾਅਦ ਸਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਪਾਕਿਸਤਾਨ ਚਲੇ ਗਏ ਜਿੱਥੇ ਉਹਨਾਂ ਨੂੰ ਭਾਰਤੀ ਏਜੰਸੀਆ ਵੱਲੋਂ ਭਾੜੇ ਦੇ ਟੱਟੂਆ ਕੋਲੋ ਮੋਟੀਆ ਰਕਮਾ ਦੇ ਕਰ 06 ਮਈ 2023 ਨੂੰ ਲਹੌਰ (ਪਾਕਿਸਤਾਨ) ਉਸ ਸਮੇਂ ਗੋਲੀਆ ਦਾ ਨਿਸਾਨਾ ਬਣਾਇਆ ਜਦੋ ਉਹ ਹਰ ਰੋਜ ਦੀ ਤਰਾਂ ਸਵੇਰ ਦੇ ਸਮੇਂ ਸੈਰ ਕਰਨ ਜਾਅ ਰਹੇ ਸਨ। ਅਪਣੇ ਕੌਮੀ ਜਰਨੈਲ ਸਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਜੀ ਦਾ ਤੀਜਾ ਸਲਾਨਾ ਸਹੀਦੀ ਸਮਾਗਮ ਭਲਕੇ ਨੂੰ ਪਿੰਡ ਪੰਜਵੜ੍ਹ ਸਮੇਤ ਦੁਨੀਆ ਭਰ ਦੇ ਵੱਖ ਵੱਖ ਦੇਸ਼ਾ ਚ ਸ਼੍ਰੀ ਨਨਕਾਣਾ ਸਾਹਿਬ ਵਿਖ਼ੇ 6 ਮਈ ਅਤੇ ਗੁਰਦੁਆਰਾ ਬਬੀਨੀ ਪੈਰਿਸ ਸਮੂੰਹ ਸੰਗਤਾ ਵੱਲੋ, 10 ਮਈ ਨੂੰ ਗੁਰਦੁਆਰਾ ਸਿੱਖ ਸੈਂਟਰ ਫਰੈਂਕਫੋਰਟ ਜਰਮਨੀ ਸਿੱਖ ਫੈਡਰੇਸ਼ਨ ਜਰਮਨੀ ਅਤੇ ਗੁਰਦੁਅਰਾ ਗੁਰੂ ਨਾਨਾਕ ਦਰਬਾਰ ਕਵੈਂਟਰੀ ਯੂ ਕੇ ਪ੍ਰਬੰਧਕ ਕਮੇਟੀ ਅਤੇ ਸਮੂੰਹ ਸੰਗਤਾ ਦੇ ਸਹਿਯੋਗ ਨਾਲ ਬੈਲਜੀਅਮ, ਕਨੇਡਾ, ਅਮਰੀਕਾ ਦੇ ਵੱਖ ਵੱਖ ਗੁਰਦੁਆਰਾ ਸਹਿਬਾਨਾ ਚ ਕਰਵਾਏ ਜਾ ਰਹੇ ਹਨ। ਸਿੱਖ ਫੈਡਰੇਸ਼ਨ ਜਰਮਨੀ ਵੱਲੋ ਦੇਸ ਵਿਦੇਸ਼ ਦੀਆਂ ਸੰਗਤਾਂ ਨੂੰ ਜਿੱਥੇ ਜਿੱਥੇ ਵੀ ਸ਼ਹੀਦੀ ਪ੍ਰੋਗਰਾਮ ਹੋ ਰਹੇ ਹਨ, ਸਮੂੱਹ ਸਿੱਖ ਸੰਗਤਾ ਨੂੰ ਇਹਨਾ ਸਹੀਦੀ ਸਮਾਗਮਾ ਚ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।

# ਫ੍ਰੀ ਪਰਿਵਾਰ ਪਰਾਮਰਸ਼ ਕੇਂਦਰ ਵੱਲੋਂ "ਡਿਜਿਟਲ ਫਾਸਟਿੰਗ - ਮਜ਼ਬੂਤ ਪਰਿਵਾਰ ਵੱਲ ਇਕ ਕਦਮ" ਵਿਸ਼ੇ 'ਤੇ ਸੈਮੀਨਾਰ ਦਾ ਸਫਲ ਆਯੋਜਨ




**ਚੌਕ ਮਹਿਤਾ, 5 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਮੋਬਾਈਲ ਫੋਨਾਂ ਦੇ ਵੱਧਦੇ ਇਸਤੇਮਾਲ ਕਾਰਨ ਪਰਿਵਾਰਿਕ ਟੁੱਟਫੁੱਟ ਵਿੱਚ ਹੋ ਰਹੀ ਲਗਾਤਾਰ ਵਾਧੇ ਦੇ ਨੁਕਸਾਨਾਂ ਬਾਰੇ ਜਾਗਰੂਕਤਾ ਫੈਲਾਉਣ ਅਤੇ ਇਸਦਾ ਪ੍ਰਭਾਵਸ਼ਾਲੀ ਹੱਲ ਪੇਸ਼ ਕਰਨ ਲਈ ਫ੍ਰੀ ਪਰਿਵਾਰ ਪਰਾਮਰਸ਼ ਕੇਂਦਰ ਅਤੇ ਜਨ ਕਲਿਆਣ ਸੰਸਥਾ ਵੱਲੋਂ "ਡਿਜਿਟਲ ਫਾਸਟਿੰਗ - ਮਜ਼ਬੂਤ ਪਰਿਵਾਰ ਵੱਲ ਇਕ ਕਦਮ" ਵਿਸ਼ੇ 'ਤੇ ਇੱਕ ਸਫਲ ਸੈਮੀਨਾਰ ਆਯੋਜਿਤ ਕੀਤਾ ਗਿਆ।

ਇਹ ਪ੍ਰੋਗਰਾਮ ਕਈ ਸਮਾਜਿਕ ਸੰਸਥਾਵਾਂ ਦੀ ਡਾਇਰੈਕਟਰ ਅਤੇ ਪ੍ਰਸਿੱਧ ਸਮਾਜਸੇਵੀ ਸ੍ਰੀਮਤੀ ਰਾਧਿਕਾ ਚੁੱਗ ਜੀ ਦੇ ਮੁੱਖ ਅਤਿਥੀ ਵਜੋਂ ਹਾਜ਼ਰੀ ਵਿੱਚ ਸੰਪੰਨ ਹੋਇਆ।

ਪ੍ਰੋਗਰਾਮ ਦੀ ਅਗਵਾਈ ਦੋਵਾਂ ਸੰਸਥਾਵਾਂ ਦੀ ਸੰਸਥਾਪਕ ਡਾ. ਸਵਰਾਜ ਗਰੋਵਰ ਜੀ ਨੇ ਕੀਤੀ ਅਤੇ ਸੁਚਾਰੂ ਸੰਚਾਲਨ ਡੀ.ਏ. ਕਾਲਜ ਦੀ ਪ੍ਰੋ. ਡਾ. ਸ਼ੈਲੀ ਜੱਗੀ ਜੀ ਵੱਲੋਂ ਕੀਤਾ ਗਿਆ।

ਪ੍ਰੋਗਰਾਮ ਵਿੱਚ ਗੁਰੂ ਰਾਮਦਾਸ ਹਸਪਤਾਲ ਦੀ ਡਾਇਰੈਕਟਰ ਡਾ. ਰਿਪਿਨ ਚੰਨਾ, ਡੀ.ਏ. ਕਾਲਜ ਦੀ ਪ੍ਰੋ. ਡਾ. ਕਿਰਣ ਖੰਨਾ ਅਤੇ ਪ੍ਰਿੰਸੀਪਲ ਡਾ. ਰਜਨੀ ਡੋਗਰਾ ਨੇ ਵਿਸ਼ੇਸ਼ ਅਤਿਥੀ ਵਜੋਂ ਸ਼ਿਰਕਤ ਕੀਤੀ।

ਮੁੱਖ ਅਤਿਥੀ ਸ੍ਰੀਮਤੀ ਰਾਧਿਕਾ ਚੁੱਗ ਜੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਡਿਜਿਟਲ ਫਾਸਟਿੰਗ ਖੁਸ਼ਹਾਲ ਅਤੇ ਮਜ਼ਬੂਤ ਪਰਿਵਾਰ ਦੀ ਪਹਿਚਾਣ ਹੈ। ਉਨ੍ਹਾਂ ਨੇ ਜ਼ੋਰ ਦਿੱਤਾ ਕਿ ਸਾਡਾ ਮੁੱਖ ਉਦੇਸ਼ ਹੈ—

"ਮੋਬਾਈਲ ਛੱਡੋ - ਰਿਸ਼ਤੇ ਜੋੜੋ"

ਅਤੇ "ਸਕ੍ਰੀਨ ਤੋਂ ਦੂਰੀ ਹੀ ਰਿਸ਼ਤਿਆਂ ਦੀ ਮਜ਼ਬੂਤ ਡੋਰੀ ਹੈ।" ਉਨ੍ਹਾਂ ਨੇ ਕਿਹਾ ਕਿ ਵੱਖ-ਵੱਖ ਪੀੜ੍ਹੀਆਂ ਵਿੱਚ ਸਾਂਝ ਅਤੇ ਸਮਝ ਡਿਜਿਟਲ ਫਾਸਟਿੰਗ ਨਾਲ ਹੀ ਸੰਭਵ ਹੈ ਅਤੇ ਮਨੁੱਖੀ, ਨੈਤਿਕ ਅਤੇ ਸੰਸਕਾਰਕ ਮੁੱਲਾਂ ਦੀ ਨੀਂਹ ਵੀ ਇਸ ਨਾਲ ਮਜ਼ਬੂਤ ਹੁੰਦੀ ਹੈ।

ਡਾ. ਸਵਰਾਜ ਗਰੋਵਰ ਜੀ ਨੇ ਕਿਹਾ ਕਿ ਮੋਬਾਈਲ ਫੋਨ ਪਰਿਵਾਰਿਕ ਵਿਘਟਨ ਦਾ ਇੱਕ ਮੁੱਖ ਕਾਰਨ ਬਣ ਚੁੱਕਾ ਹੈ ਅਤੇ ਜੇ ਮਾਤਾ-ਪਿਤਾ ਡਿਜਿਟਲ ਫਾਸਟਿੰਗ ਅਪਣਾਉਣਗੇ ਤਾਂ ਬੱਚੇ ਵੀ ਉਸਦਾ ਅਨੁਕਰਣ ਕਰਨਗੇ।

ਡਾ. ਸ਼ੈਲੀ ਜੱਗੀ ਜੀ ਨੇ ਡਿਜਿਟਲ ਫਾਸਟਿੰਗ ਅਤੇ ਪਰਿਵਾਰ 'ਤੇ ਇੱਕ ਪ੍ਰਭਾਵਸ਼ਾਲੀ ਕਵਿਤਾ ਵੀ ਪੇਸ਼ ਕੀਤੀ।

ਇਸ ਮੌਕੇ ਸੰਸਥਾ ਦੀ ਮਹਾਂਸਚਿਵ ਸ੍ਰੀਮਤੀ ਡੌਲੀ ਭਾਟੀਆ, ਉਪ ਪ੍ਰਧਾਨ ਇੰਦਿਰਾ ਧਵਨ, ਕੋਸ਼ਾਧਿਕਾਰੀ ਬੈਂਕ ਅਧਿਕਾਰੀ ਸਰੋਜ ਚਾਵਲਾ, ਸਹਿ ਕੋਸ਼ਾਧਿਕਾਰੀ ਵੀਣਾ ਮਹਾਜਨ, ਸਨੇਹ ਅਰੋੜਾ, ਮਨਜੀਤ ਠਿੱਡ, ਸੁਸ਼ਮਾ ਗਰੋਵਰ, ਡਾ. ਇੰਦੂ ਵਰਮਾ, ਪ੍ਰਿੰ. ਮੋਨਿਕਾ ਸ੍ਰੀਧਰ, ਸੋਨੀਆ ਮਲਹੀ, ਪ੍ਰਵੀਨ ਕੌਰ, ਅਲਕਾ ਸ਼ਰਮਾ, ਤਰਸੇਮ ਕੁਮਾਰੀ, ਮਨਸਾ ਤਿਵਾਰੀ, ਨੀਤੂ ਅਰੋੜਾ, ਵੀਨਾ ਕਪੂਰ, ਦਲਜੀਤ ਕੌਰ, ਸ਼ਸ਼ੀ ਬਜਾਜ, ਮਮਤਾ ਕਪੂਰ ਅਤੇ ਨੀਰੂ ਖੰਨਾ ਸਮੇਤ ਕਈ ਸਦੱਸਾਂ ਨੇ ਇਹ ਸੰਕਲਪ ਲਿਆ ਕਿ ਉਹ ਆਪਣੇ ਪਰਿਵਾਰ, ਪੜੋਸ ਅਤੇ ਰਿਸ਼ਤੇਦਾਰਾਂ ਵਿੱਚ ਡਿਜਿਟਲ ਫਾਸਟਿੰਗ ਬਾਰੇ ਜਾਗਰੂਕਤਾ ਫੈਲਾਉਣਗੇ।

ਅੰਤ ਵਿੱਚ ਮਹਾਂਸਚਿਵ ਡੌਲੀ ਭਾਟੀਆ ਜੀ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਰਾਸ਼ਟਰੀ ਗਾਨ ਨਾਲ ਪ੍ਰੋਗਰਾਮ ਦਾ ਸਮਾਪਨ ਹੋਇਆ।

### ਭਾਈ ਪੰਜਵੜ ਦਾ ਖਾੜਕੂ ਯੋਧੇ ਵਜੋਂ ਆਪਣੇ ਨਿਸ਼ਾਨੇ ਪ੍ਰਤੀ ਦ੍ਰਿੜ ਰਹਿਣਾ

# ਕੌਮ ਲਈ ਸੇਵਾ ਭਾਵਨਾ ਦੀ ਦਿੰਦਾ ਹੈ ਸਿੱਖਿਆ: ਭਾਈ ਤਾਰਾ, ਭਾਈ ਭਿਓਰਾ



**ਨਵੀਂ ਦਿੱਲੀ 5 ਮਈ (ਮਨਪ੍ਰੀਤ ਸਿੰਘ ਖਾਲਸਾ)**:- ਭਾਈ ਪਰਮਜੀਤ ਸਿੰਘ ਪੰਜਵੜ ਉਹਨਾਂ ਚੋਟੀ ਦੇ ਜੁਝਾਰੂ ਸਿੰਘਾਂ ਵਿਚੋਂ ਇਕ ਸਨ ਜੋ ਕੌਮ ਦੀ ਅਜ਼ਾਦੀ ਨਿਆਂ ਅਤੇ ਬਰਾਬਰੀ ਲਈ ਆਪੋ ਆਪਣੀਆਂ ਜਥੇਬੰਦੀਆਂ ਦੀ ਅਗਵਾਈ ਕਰਦੇ ਰਹੇ ਸਨ। ਭਾਈ ਪੰਜਵੜ ਨੇ 1980 ਦੇ ਦਹਾਕੇ ਤੋਂ ਲੈ ਕੇ ਆਪਣੀ ਮੌਤ ਤੱਕ ਲਗਭਗ ਚਾਰ ਦਹਾਕਿਆਂ ਤੱਕ ਖਾਲਿਸਤਾਨ ਦੇ ਨਿਸ਼ਾਨੇ ਲਈ ਸੰਘਰਸ਼ ਜਾਰੀ ਰੱਖਿਆ।ਉਨ੍ਹਾਂ ਦਾ ਜੀਵਨ ਸਿਖਾਉਂਦਾ ਹੈ ਕਿ ਵੱਡੇ ਮਕਸਦਾਂ ਲਈ ਦਹਾਕਿਆਂ ਤੱਕ ਦੀ ਦ੍ਰਿੜਤਾ ਅਤੇ ਸਬਰ ਦੀ ਲੋੜ ਹੁੰਦੀ ਹੈ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਬੁੜੈਲ ਜੇਲ੍ਹ ਅੰਦਰ ਬੰਦ ਭਾਈ ਜਗਤਾਰ ਸਿੰਘ ਤਾਰਾ ਅਤੇ ਭਾਈ ਪਰਮਜੀਤ ਸਿੰਘ ਭਿਓਰਾ ਨੇ ਇਕ ਮੁਲਾਕਾਤ ਰਾਹੀਂ ਕਿਹਾ ਕਿ ਉਨ੍ਹਾਂ ਨੇ ਇੱਕ ਬੈਂਕ ਮੁਲਾਜ਼ਮ ਦੀ ਸੁਰੱਖਿਅਤ ਨੌਕਰੀ ਛੱਡ ਕੇ ਹਥਿਆਰਬੰਦ ਸੰਘਰਸ਼ ਦਾ ਰਾਹ ਚੁਣਿਆ। ਉਨ੍ਹਾਂ ਦੇ ਪਰਿਵਾਰ ਨੂੰ ਵੀ ਭਾਰੀ ਤਸ਼ੱਦਦ ਸਹਿਣਾ ਪਿਆ, ਜਿਸ ਵਿੱਚ ਉਨ੍ਹਾਂ ਦੀ ਮਾਤਾ ਜੀ ਦੀ ਗ੍ਰਿਫ਼ਤਾਰੀ ਅਤੇ ਲਾਪਤਾ ਹੋਣਾ ਵੀ ਸ਼ਾਮਲ ਹੈ। ਉਨ੍ਹਾਂ ਕਿਹਾ ਜਿਨ੍ਹਾਂ ਸਿੰਘਾਂ ਸੂਰਮਿਆਂ ਨੇ ਆਪਣੇ ਪਰਿਵਾਰ, ਘਰ-ਬਾਰ ਸਭ ਕੁੱਝ ਤਿਆਗ ਅਤੇ ਉਜਾੜ ਕੇ ਕੌਮੀ ਘਰ ਖਾਲਸਾ ਰਾਜ ਖਾਲਿਸਤਾਨ ਦੀ ਪ੍ਰਾਪਤੀ ਲਈ ਸਿਰ ਤੇ ਕੱਫਣ ਬੰਨ੍ਹ ਕੇ ਕੌਮ ਦੀ ਅਜ਼ਾਦੀ, ਹੱਕ-ਇਨਸਾਫ਼ ਲਈ ਲੜਦੇ ਰਹੇ ਹਨ ਉਨ੍ਹਾਂ ਵਿਚ ਭਾਈ ਪਰਮਜੀਤ ਸਿੰਘ ਪੰਜਵੜ ਵੀ ਸ਼ਾਮਿਲ ਹਨ । ਭਾਈ ਪਰਮਜੀਤ ਸਿੰਘ ਪੰਜਵੜ ਵਰਗੇ ਚੋਟੀ ਦੇ ਸਿੰਘਾਂ ਦੇ ਨਾਮ ਵਿੱਚ ਹੀ ਇੰਨੀ ਬਰਕਤ, ਰੋਅਬ ਅਤੇ ਦਹਿਸ਼ਤ ਸੀ ਕਿ ਭਾਰਤੀ ਹਕੂਮਤ, ਏਜੰਸੀਆਂ ਅਤੇ ਪੁਲਿਸ ਵਾਲੇ ਉਹਨਾਂ ਦੇ ਨਾਮ ਤੋਂ ਹੀ ਥਰ-ਥਰ ਕੰਬਦੇ ਸਨ। ਮਤਲਬ ਉਹ ਇੱਕ ਇਹੋ ਜਿਹਾ ਸੁਨਿਹਰੀ ਸਮਾਂ ਸੀ ਕਿ ਜਦੋਂ ਜੁਝਾਰੂ ਸਿੰਘਾਂ ਦਾ ਪੰਜਾਬ ਦੇ ਵਿੱਚ ਰਾਜ ਹੁੰਦਾ ਸੀ, ਜਦੋਂ ਪੰਜਾਬ ਦੇ ਲੋਕ ਆਪਣੇ ਘਰਾਂ ਦੇ ਦਰਵਾਜ਼ੇ ਖੁੱਲ੍ਹੇ ਰੱਖ ਕੇ ਜੁਝਾਰੂ ਸਿੰਘਾਂ ਦੀ ਸੇਵਾ ਅਤੇ ਦਰਸ਼ਨ ਕਰਨ ਲਈ ਉਡੀਕ ਵਿਚ ਅਰਦਾਸਾਂ ਕਰਦੇ ਸਨ। ਇਹਨਾ ਜੁਝਾਰੂ ਸਿੰਘਾਂ ਦੇ ਵਿਚਾਰ ਅਤੇ ਕਿਰਦਾਰ ਇੰਨੇ ਉੱਚੇ- ਸੁੱਚੇ ਅਤੇ ਪਵਿੱਤਰ ਸਨ ਕਿ ਲੋਕ ਆਪਣੇ ਘਰੇਲੂ ਲੜਾਈ ਝਗੜਿਆਂ ਦੇ ਫ਼ੈਸਲੇ ਵੀ ਇਨ੍ਹਾਂ ਚੋਟੀ ਦੇ ਜੁਝਾਰੂ ਸਿੰਘਾਂ ਦੀ ਕਚਹਿਰੀ ਅਤੇ ਅਗਵਾਈ ਵਿਚ ਕਰਦੇ ਰਹੇ ਸਨ। ਉਨ੍ਹਾਂ ਦਸਿਆ ਲੋਕ ਸਿੱਖ ਸੰਘਰਸ਼ ਦੀ ਲਹਿਰ ਨੂੰ ਦਿਲੋਂ ਪਿਆਰ ਅਤੇ ਸਤਿਕਾਰ ਕਰਦੇ ਸਨ, ਜਦੋਂ ਕਿਤੇ ਜੁਝਾਰੂ ਸਿੰਘ ਨੂੰ ਪੁਲਿਸ ਨੇ ਫੜ੍ਹ ਲੈਣਾ ਜਾਂ ਜੇਲ੍ਹ ਵਿਚ ਭੇਜ ਦੇਣਾ ਤੇ ਸਿੱਖ ਸੰਗਤ ਇਨ੍ਹਾਂ ਜੁਝਾਰੂ ਸਿੰਘਾਂ ਦੀ ਰਿਹਾਈ ਅਤੇ ਚੜ੍ਹਦੀ ਕਲਾ ਲਈ ਸੁਖਮਨੀ ਸਾਹਿਬ ਜੀ ਦੇ ਪਾਠ ਕਰਨੇ, ਜੇਕਰ ਕੋਈ ਜੁਝਾਰੂ ਸਿੰਘ ਦੇ ਸ਼ਹੀਦ ਹੋਣ ਦੀ ਖਬਰ ਮਿਲਣੀ ਤਾਂ ਧੀਆਂ- ਭੈਣਾਂ, ਮਾਵਾਂ-ਬਜ਼ੁਰਗਾਂ ਨੇ ਆਪਣੇ ਘਰਾਂ ਦੇ ਚੁੱਲ੍ਹਿਆਂ ਵਿੱਚ ਅੱਗ ਨਹੀਂ ਸੀ ਬਾਲ੍ਹਦੇ ਸਗੋ ਆਪਣੇ ਹੰਝੂਆਂ ਨਾਲ ਸ਼ਰਧਾ ਦੇ ਫੁੱਲ ਭੇਟ ਕਰਕੇ ਚੜਦੀ ਕਲਾ ਵਿੱਚ ਜੈਕਾਰੇ ਛਡਦੇ ਹੁੰਦੇ ਸਨ । ਭਾਈ ਪੰਜਵੜ ਨੇ ਇੱਕ ਖਾੜਕੂ ਯੋਧੇ ਵਜੋਂ ਆਪਣਾ ਜੀਵਨ ਜਿਓਂਇਆ ਅਤੇ ਆਪਣੇ ਨਿਸ਼ਾਨੇ ਪ੍ਰਤੀ ਦ੍ਰਿੜ ਰਹੇ, ਜੋ ਕਿ ਕੌਮ ਲਈ ਸੇਵਾ ਭਾਵਨਾ ਦੀ ਸਿੱਖਿਆ ਦਿੰਦਾ ਹੈ। ਨੌਜਵਾਨਾਂ ਦੇ ਸਿਰਾਂ ਤੇ ਕੇਸਰੀ ਦਸਤਾਰਾਂ, ਪ੍ਰਕਾਸ਼ ਦਾਹੜੇ ਅਤੇ ਦਰਸ਼ਨੀ ਚਿਹਰੇ ਪੰਜਾਬ ਦੇ ਭਵਿੱਖ ਦੇ ਦਰਸ਼ਨਾਂ ਦੇ ਸੁਨਿਹਰੀ ਦਿਨਾ ਦੇ ਪ੍ਰਤੱਖ ਰੂਪ ਵਿਚ ਦਿਸਦੇ ਸਨ। ਬੇਸ਼ੱਕ ਅੱਜ ਸਾਡੇ ਚਿਹਰਿਆਂ ਵਿਚੋਂ ਉਨ੍ਹਾਂ ਖਾੜਕੂ ਸਿੰਘਾਂ ਵਾਲਾ ਪ੍ਰਭਾਵ ਅਤੇ ਰੋਅਬ ਨਜ਼ਰ ਨਹੀਂ ਆ ਰਿਹਾ। ਕਿਉਂਕਿ ਅੱਜ ਸਾਡੇ ਵਿਚ ਸੇਵਾ, ਸਿਮਰਨ, ਸਹਿਜ ਦੀ ਘਾਟ ਕਰਕੇ ਗੁਰੂ ਸਾਹਿਬ ਤੋ ਪ੍ਰਾਪਤ ਹੋਣ ਵਾਲੀ ਅਧਿਆਤਮਕ ਸ਼ਕਤੀ ਅਤੇ ਗੁਰੂ ਦੀ ਬਖਸਿਸ਼ ਦੀ ਦਾਤ ਪ੍ਰਾਪਤ ਨਹੀਂ ਹੋ ਰਹੀ। ਉਨ੍ਹਾਂ ਦਸਿਆ ਜਦੋਂ ਪੰਜਾਬ ਵਿੱਚ ਸੰਘਰਸ਼ ਮੱਠਾ ਪੈ ਗਿਆ ਸੀ, ਉਨ੍ਹਾਂ ਨੇ ਵਿਦੇਸ਼ ਵਿੱਚ ਰਹਿ ਕੇ ਵੀ ਆਪਣੀ ਜੱਥੇਬੰਦੀ ਖਾਲਿਸਤਾਨ ਕਮਾਂਡੋ ਫੋਰਸ ਨੂੰ ਸੰਗਠਿਤ ਰੱਖਿਆ। ਇਹ ਕਿਸੇ ਲੀਡਰ ਦੀ ਮੁਸ਼ਿਕਲ ਹਾਲਾਤਾਂ ਵਿੱਚ ਵੀ ਜਥੇਬੰਦੀ ਨੂੰ ਚਲਾਉਣ ਦੀ ਸਮਰੱਥਾ ਨੂੰ ਦਰਸਾਉਂਦਾ ਹੈ। ਸਿੱਖ ਸਿਧਾਂਤਾਂ ਅਨੁਸਾਰ, ਸ਼ਹਾਦਤ ਨੂੰ ਉੱਚਾ ਦਰਜਾ ਦਿੱਤਾ ਜਾਂਦਾ ਹੈ ਅਤੇ ਉਨ੍ਹਾਂ ਦੀ ਮੌਤ ਨੂੰ ਪੰਥਕ ਸੇਵਾਵਾਂ ਦੇ ਚਾਨਣ ਮੁਨਾਰੇ ਵਜੋਂ ਯਾਦ ਕੀਤਾ ਜਾਂਦਾ ਹੈ। ਭਾਈ ਪਰਮਜੀਤ ਸਿੰਘ ਪੰਜਵੜ ਵਰਗੇ ਸ਼ਹੀਦਾਂ ਦੀ ਸ਼ਹਾਦਤ ਸਾਡੇ ਲਈ ਪ੍ਰੇਰਨਾ ਸਰੋਤ ਹੋਵੇਗੀ। ਆਓ ਅਸੀਂ ਇੰਨ੍ਹਾ ਸੂਰਮਿਆਂ ਦੇ ਅਧੂਰੇ ਰਹਿ ਗਏ ਸੁਫ਼ਨੇ ਆਪਣੇ ਮੁੱਲਕ ਦੀ ਸਥਾਪਨਾ ਲਈ ਜਦੋਜਹਿਦ ਕਰਦੇ ਹੋਏ ਉਨ੍ਹਾਂ ਦੇ ਦੱਸੇ ਰਾਹ ਤੇ ਚਲੀਏ।

# ਸ਼੍ਰੋਮਣੀ ਗਾਇਕ ਪਾਲੀ ਦੇਤਵਾਲੀਆ ਦੇ ਨੌਜਵਾਨ ਬੇਟੇ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ



ਸਠਿਆਲਾ, 5 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ) ਪ੍ਰਸਿੱਧ ਪੰਜਾਬੀ ਗਾਇਕ ਪਾਲੀ ਦੇਵਵਾਲੀਆ ਦੇ ਨੌਜਵਾਨ ਬੇਟੇ ਮਨਜੋਤ ਸਿੰਘ ਦੇ ਅਚਾਨਕ ਦਿਹਾਂਤ ਹੋਣ ਦੀ ਖਬਰ ਸਾਹਿਤਕ ਤੇ ਸੰਗੀਤਕ ਜਗਤ ਨੂੰ ਸੋਗ ਲਹਿਰ 'ਚ ਡੁੱਬੋ ਦਿੱਤਾ ਹੈ। ਇਸ ਮੌਕੇ ਤੇ ਪੰਜਾਬੀ ਸਾਹਿਤ ਸਭਾ ਸਠਿਆਲਾ ਦੇ ਸਿਰਜਕ ਸਾਬਕਾ ਸਰਪੰਚ ਗੁਰਪ੍ਰਤਾਪ ਸਿੰਘ ਭਿੱਲਾ, ਸਰਪ੍ਰਸਤ ਸਾ: ਸਰਪੰਚ ਦਲਵਿੰਦਰ ਸਿੰਘ, ਸਭਾ ਦੇ ਪ੍ਰਧਾਨ ਕਰਨ ਸਫਰੀ ਤੇ ਸੰਚਾਲਕ ਮਾ: ਜਗੀਰ ਸਿੰਘ ਸਠਿਆਲਾ, ਸਾਹਿਤਕਾਰ ਨਿਰਮਲ ਸਿੰਘ ਟਪਿਆਲਾ, ਸਾਹਿਤਕ ਕਵੀ ਸੁਖਬੀਰ ਸਿੰਘ ਸ਼ਾਹੀ, ਗੀਤਕਾਰ ਨਛੱਤਰ ਸਿੰਘ ਬੱਲ, ਨਾਟਕਕਾਰ ਸੁਖਦੇਵ ਸਿੰਘ ਬੱਲ ਨਾਟਕਕਾਰ ਪ੍ਰਿਤਪਾਲ ਸਿੰਘ ਵਲੋਂ ਸ਼੍ਰੋਮਣੀ ਗਾਇਕ ਪਾਲੀ ਦੇਤਵਾਲੀਆ ਦੇ ਨੌਜਵਾਨ ਬੇਟੇ ਦੀ ਮੌਤ 'ਤੇ ਦੁੱਖ ਪ੍ਰਗਟ ਕਰਦਿਆਂ ਕਿਹਾ ਹੈ ਕਿ ਮਾਪਿਆਂ ਲਈ ਆਪਣੇ ਜਿਗਰ ਦੇ ਟੁਕੜੇ ਤੋਂ ਵਿਛੋੜਾ ਸਭ ਤੋਂ ਵੱਡਾ ਦੁੱਖ ਹੁੰਦਾ ਹੈ, ਜਦ ਇਹੋ ਜਿਹਾ ਘਾਟਾ ਜਿਸ ਨੂੰ ਸ਼ਬਦਾਂ ਵਿਚ ਬਿਆਨ ਕਰਨਾ ਮੁਸ਼ਕਲ ਹੈ ਉਨ੍ਹਾਂ ਨੇ ਕਿਹਾ ਕਿ ਵਾਹਿਗੁਰੂ ਅੱਗੇ ਅਰਦਾਸ ਕਰਦੇ ਹਾਂ ਕਿ ਵਿਛੜੀ ਨੌਜਵਾਨ ਦੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ੇ,ਉਸ ਨੂੰ ਸਦੀਵੀਂ ਸ਼ਾਂਤੀ ਪ੍ਰਦਾਨ ਕਰੇ ਅਤੇ ਪਿਛੇ ਰਹਿ ਗਏ ਪਰਿਵਾਰ ਨੂੰ ਇਹ ਭਾਰੀ ਦੁੱਖ ਸਹਿਣ ਲਈ ਹੌਸਲਾ,ਧੀਰਜ ਅਤੇ ਹਿੰਮਤ ਬਖਸ਼ੇ ਉਨ੍ਹਾਂ ਨੇ ਕਿਹਾ ਕਿ ਇਸ ਦੁੱਖੀ ਦੀ ਘੜੀ ਵਿਚ ਪਾਲੀ ਦੇਤਵਾਲੀਆ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਦਿਲੋਂ ਖੜ੍ਹੇ ਹਾਂ।

# ਮੀਰਹੇੜੀ ਬੇਵਕਤੀ ਮੌਤ ਤੇ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ

**ਧੂਰੀ ( ਰਣਜੀਤ ਸਿੰਘ ਪੇਧਨੀ )**-ਗੌਰਮਿੰਟ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਧੂਰੀ ਦੇ ਮੀਤ ਪ੍ਰਧਾਨ ਸ੍ਰ ਸਾਧੂ ਸਿੰਘ ਮੀਰਹੇੜੀ ਅੱਜ ਅਚਾਨਕ ਹੀ ਅਕਾਲ ਚਲਾਣਾ ਕਰ ਗਏ ਹਨ। ਉਹਨਾਂ ਦੇ ਦਿਹਾਂਤ ਉੱਤੇ ਪੰਜਾਬ ਗੌਰਮਿੰਟ ਪੈਨਸ਼ਨਰਜ ਐਸੋਸੀਏਸ਼ਨ ਦੇ ਸੂਬਾਈ ਪ੍ਰਧਾਨ ਸ੍ਰ ਭਜਨ ਸਿੰਘ ਗਿੱਲ, ਸੂਬਾ ਜਨਰਲ ਸਕੱਤਰ ਸ੍ਰੀ ਸੁਰਿੰਦਰ ਰਾਮ ਕੁੱਸਾ , ਹਰਦੇਵ ਸਿੰਘ ਜਵੰਧਾ ,ਜੈਦੇਵ ਸਰਮਾ , ਜਸਵਿੰਦਰ ਸਿੰਘ ਮੂਲੋਵਾਲ, ਕੁਲਵੰਤ ਸਿੰਘ ਬਰਨ ,ਕਰਮ ਸਿੰਘ ਮਾਨ ,ਹਰਬੰਸ ਸਿੰਘ ਸੋਢੀ , ਸੁਖਦੇਵ ਸਿੰਘ ਖੰਗੂੜਾ ,ਬਚਿੱਤਰ ਸਿੰਘ ਸੇਰਪੁਰ, ਅਵਤਾਰ ਸਿੰਘ ਔਲਖ, ਸਾਧੂ ਸਿੰਘ ਪੇਧਨੀ ਅਤੇ ਹਰਚਰਨ ਸਿੰਘ ਲਹਿਰੀ ਨੇ ਡੂੰਘੇ ਦੁੱਖ ਤੇ ਅਫਸੋਸ ਦਾ ਇਜਹਾਰ ਕੀਤਾ ਹੈ । ਉਹਨਾਂ ਕਿਹਾ ਕਿ ਸ੍ਰ ਸਾਧੂ ਸਿੰਘ ਮੀਰਹੇੜੀ ਨੇ ਲੰਮਾ ਸਮਾਂ ਪੈਨਸ਼ਨਰਾਂ ਦੀ ਅਣਥੱਕ ਸੇਵਾ ਕੀਤੀ ਜਿਸ ਨੂੰ ਭੁਲਾਇਆ ਨਹੀਂ ਜਾ ਸਕਦਾ । ਪੈਨਸ਼ਨਰ ਆਗੂਆਂ ਨੇ ਇਸ ਦੁੱਖ ਦੀ ਘੜੀ ਵਿੱਚ ਸਵਰਗਵਾਸੀ ਆਗੂ ਦੇ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਗਵੰਤ ਸਿੰਘ ਮਾਨ ਨੇ ਰਾਸ਼ਟਰਪਤੀ ਨਾਲ ਕੀਤੀ ਮੁਲਾਕਾਤ

# 'ਪੰਜਾਬ ਦੇ ਗੱਦਾਰ' ਰਾਜ ਸਭਾ ਮੈਂਬਰਾਂ ਦੀ ਮੈਂਬਰਸ਼ਿਪ ਰੱਦ ਕਰਨ ਦੀ ਕੀਤੀ ਮੰਗ

ਨਵੀਂ ਦਿੱਲੀ , 5 ਮਈ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਵਿੱਚ ਦਲ-ਬਦਲੀ ਦੀ ਲੜਾਈ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਜ ਸਰਵਉੱਚ ਸੰਵਿਧਾਨਕ ਅਹੁਦੇ ਤੱਕ ਲੈ ਕੇ ਪੁੱਜੇ ਅਤੇ ਰਾਸ਼ਟਰਪਤੀ ਨੂੰ ਮਿਲੇ। ਉਨ੍ਹਾਂ 'ਪੰਜਾਬ ਦੇ ਗੱਦਾਰ' (ਦਲ-ਬਦਲੀ ਕਰਨ ਵਾਲੇ) ਰਾਜ ਸਭਾ ਮੈਂਬਰਾਂ ਦੀ ਮੈਂਬਰਸ਼ਿਪ ਤੁਰੰਤ ਰੱਦ ਕਰਨ ਦੀ ਮੰਗ ਕੀਤੀ। ਪਾਰਟੀ ਦੀ ਇਕਜੁੱਟਤਾ ਦਾ ਪ੍ਰਦਰਸ਼ਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੇ ਵਿਧਾਇਕਾਂ ਨਾਲ ਦਿੱਲੀ ਪਹੁੰਚੇ ਅਤੇ ਰਾਸ਼ਟਰਪਤੀ ਭਵਨ ਵਿਖੇ ਦਸਤਖ਼ਤ ਕੀਤਾ ਮੰਗ ਪੱਤਰ ਸੌਂਪਿਆ, ਜਿਸ ਵਿੱਚ ਕਿਹਾ ਗਿਆ ਕਿ ਪੰਜਾਬ ਵਿੱਚ ਸਿਰਫ਼ ਦੋ ਵਿਧਾਇਕ ਹੋਣ ਦੇ ਬਾਵਜੂਦ ਭਾਜਪਾ ਦੇ ਰਾਜ ਸਭਾ ਮੈਂਬਰਾਂ ਦੀ ਗਿਣਤੀ ਵਿੱਚ ਨਾਟਕੀ ਵਾਧਾ ਲੋਕਤੰਤਰੀ ਫਤਵੇ ਦੀ ਸਪੱਸ਼ਟ ਉਲੰਘਣਾ ਨੂੰ ਦਰਸਾਉਂਦਾ ਹੈ। ਸੱਤ ਸੰਸਦ ਮੈਂਬਰਾਂ ਨੂੰ 'ਇਲੈਕਟਿਡ ਨਹੀਂ, ਸਗੋਂ ਸਿਲੈਕਟਿਡ' ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਦੀ ਦਲ-ਬਦਲੀ ਨੂੰ ਪੰਜਾਬ ਨਾਲ ਵਿਸ਼ਵਾਸਘਾਤ ਕਰਾਰ ਦਿੱਤਾ। ਉਨ੍ਹਾਂ ਇਨ੍ਹਾਂ ਮੈਂਬਰਾਂ ਨੂੰ ਅਸਤੀਫ਼ਾ ਦੇਣ ਅਤੇ ਨਵਾਂ ਫਤਵਾ ਲੈਣ ਦੀ ਚੁਣੌਤੀ ਦਿੱਤੀ ਅਤੇ ਚੇਤਾਵਨੀ ਦਿੱਤੀ ਕਿ ਨਾ ਤਾਂ ਕੇਂਦਰੀ ਏਜੰਸੀਆਂ ਅਤੇ ਨਾ ਹੀ ਸਿਆਸੀ ਤਾਕਤ ਗਲਤ ਕੰਮਾਂ ਨੂੰ ਨਹੀਂ ਬਚਾਏਗੀ। ਉਨ੍ਹਾਂ ਐਲਾਨ ਕੀਤਾ ਕਿ 'ਅਪਰੇਸ਼ਨ ਲੋਟਸ' ਵਰਗੀਆਂ ਕੋਸ਼ਿਸ਼ਾਂ ਕਦੇ ਵੀ ਪੰਜਾਬ ਵਿੱਚ ਸਫ਼ਲ ਨਹੀਂ ਹੋਣਗੀਆਂ ਕਿਉਂਕਿ ਪੰਜਾਬ ਕਦੇ ਵੀ ਵਿਸ਼ਵਾਸਘਾਤ ਨੂੰ ਬਰਦਾਸ਼ਤ ਨਹੀਂ ਕਰਦਾ। ਆਪਣੇ ਸੋਸ਼ਲ ਮੀਡੀਆ ਅਕਾਊਂਟ ਐਕਸ ਉੱਤੇ ਮੀਟਿੰਗ ਦੇ ਕੁਝ ਅੰਸ਼ ਸਾਂਝੇ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਦਿੱਲੀ ਵਿੱਚ ਮਾਣਯੋਗ ਰਾਸ਼ਟਰਪਤੀ ਦੇ ਸਾਹਮਣੇ ਅਸੀਂ ਦੇਸ਼ ਵਿੱਚ ਹੋ ਰਹੇ 'ਲੋਕਤੰਤਰ ਦੇ ਕਤਲ' ਵਿਰੁੱਧ ਆਪਣੀ ਆਵਾਜ਼ ਮਜ਼ਬੂਤੀ ਨਾਲ ਉਠਾਈ। ਸਿਆਸੀ ਪਾਰਟੀਆਂ ਨੂੰ ਗੈਰ-ਸੰਵਿਧਾਨਕ ਤੌਰ 'ਤੇ ਤੋੜਨਾ ਅਤੇ ਭਾਜਪਾ ਦੀ 'ਵਾਸ਼ਿੰਗ ਮਸ਼ੀਨ' ਵਿੱਚ ਦਾਗੀ ਨੇਤਾਵਾਂ ਨੂੰ ਸਾਫ਼ ਕਰਨ ਲਈ ਈ.ਡੀ. ਤੇ ਸੀ.ਬੀ.ਆਈ. ਵਰਗੀਆਂ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਸਾਡੇ ਲੋਕਤੰਤਰੀ ਢਾਂਚੇ 'ਤੇ ਸਿੱਧਾ ਹਮਲਾ ਹੈ।" ਰਾਸ਼ਟਰਪਤੀ ਨਾਲ ਮੁਲਾਕਾਤ ਤੋਂ ਬਾਅਦ ਮੀਡੀਆ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਰਾਜ ਸਭਾ ਦੇ ਸੱਤ ਮੈਂਬਰਾਂ ਦੀ ਦਲ-ਬਦਲੀ ਨਾਲ ਲੋਕਤੰਤਰ ਦਾ ਕਤਲ ਹੋਇਆ ਹੈ। ਇਹ ਗੈਰ-ਸੰਵਿਧਾਨਕ ਹੈ ਕਿਉਂਕਿ ਜਾਂ ਤਾਂ ਪੂਰੀ ਪਾਰਟੀ ਨੂੰ ਮਤਾ ਪਾਸ ਕਰਨਾ ਚਾਹੀਦਾ ਸੀ, ਪਰ ਇਨ੍ਹਾਂ ਸੱਤ ਸੰਸਦ ਮੈਂਬਰਾਂ ਨੇ ਗੈਰ-ਸੰਵਿਧਾਨਕ ਢੰਗ ਨਾਲ ਆਪਣੀ ਵਫ਼ਾਦਾਰੀ ਬਦਲ ਲਈ, ਜਿਸ ਨਾਲ ਲੋਕਤੰਤਰ ਦਾ ਮਜ਼ਾਕ ਉਡਾਇਆ ਗਿਆ।" ਉਨ੍ਹਾਂ ਅੱਗੇ ਕਿਹਾ, "ਭਾਜਪਾ ਕੋਲ ਦੋ ਵਿਧਾਇਕ ਹਨ ਪਰ ਸੱਤ ਰਾਜ ਸਭਾ ਸੰਸਦ ਮੈਂਬਰ ਹਨ, ਜੋ ਸੰਵਿਧਾਨ ਦਾ ਮਜ਼ਾਕ ਹੈ। ਇਨ੍ਹਾਂ ਸੰਸਦ ਮੈਂਬਰਾਂ ਨੂੰ ਉਸ ਨਵੀਂ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ ਅਸਤੀਫ਼ਾ ਦੇਣਾ ਚਾਹੀਦਾ ਸੀ, ਜਿਸ ਦੀ ਉਹ ਪਹਿਲਾਂ ਨਿੰਦਾ ਕਰਦੇ ਸਨ।" ਉਨ੍ਹਾਂ ਜ਼ੋਰ ਦੇ ਕੇ ਕਿਹਾ,



"ਪੰਜਾਬੀ ਇਸ ਤਰ੍ਹਾਂ ਪਿੱਠ ਵਿੱਚ ਛੁਰਾ ਮਾਰਨ ਨੂੰ ਬਰਦਾਸ਼ਤ ਨਹੀਂ ਕਰਦੇ ਅਤੇ ਉਨ੍ਹਾਂ ਨੂੰ ਸੂਬੇ ਦੇ ਲੋਕ ਸਜ਼ਾ ਦੇਣਗੇ। ਇਹ ਆਗੂ ਹੁਣ ਉਲਝੇ ਹੋਏ ਹਨ, ਜਿਸ ਕਾਰਨ ਉਹ ਤਰਕਹੀਣ ਬਿਆਨ ਦੇ ਰਹੇ ਹਨ।" ਉਨ੍ਹਾਂ ਅੱਗੇ ਕਿਹਾ, "ਭਾਜਪਾ ਵਿੱਚ ਸ਼ਾਮਲ ਹੋਣ ਦਾ ਮਤਲਬ ਇਹ ਨਹੀਂ ਹੈ ਕਿ ਇਨ੍ਹਾਂ ਆਗੂਆਂ ਨੂੰ ਮਾੜੇ ਕੰਮਾਂ ਲਈ ਦੋਸ਼ੀ ਨਹੀਂ ਠਹਿਰਾਇਆ ਜਾ ਸਕਦਾ। ਭਾਵੇਂ ਉਨ੍ਹਾਂ ਦੇ ਪਾਪਾਂ ਬਾਰੇ ਬਾਅਦ ਵਿੱਚ ਰਿਪੋਰਟਾਂ ਆਉਣ ਪਰ ਭਵਿੱਖ ਵਿੱਚ ਵੀ ਉਨ੍ਹਾਂ ਵਿਰੁੱਧ ਕਾਰਵਾਈ ਹੋਵੇਗੀ।" ਜਵਾਬਦੇਹੀ ਬਾਰੇ ਦ੍ਰਿੜ੍ਹ ਰੁਖ਼ ਅਪਣਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਭਾਜਪਾ ਦੀ ਢਾਲ ਉਨ੍ਹਾਂ ਨੂੰ ਹੋਰ ਸੂਬਿਆਂ ਵਿੱਚ ਕਾਨੂੰਨ ਦੇ ਫੰਦੇ ਤੋਂ ਤਾਂ ਬਚਾਅ ਸਕਦੀ ਹੈ ਪਰ ਪੰਜਾਬ ਵਿੱਚ ਨਹੀਂ। ਇਨ੍ਹਾਂ ਆਗੂਆਂ ਨੂੰ ਪੰਜਾਬੀਆਂ ਨੂੰ ਧਮਕਾਉਣ ਤੋਂ ਬਾਜ਼ ਆਉਣਾ ਚਾਹੀਦਾ ਹੈ ਕਿਉਂਕਿ ਪੰਜਾਬੀ ਉਨ੍ਹਾਂ ਨੂੰ ਆਪਣੀ ਅਸਲ ਸਥਿਤੀ ਦਿਖਾਉਣਗੇ।" ਉਨ੍ਹਾਂ ਅੱਗੇ ਕਿਹਾ, "ਲੋਕਾਂ ਦੇ ਨੁਮਾਇੰਦਿਆਂ ਦੁਆਰਾ ਚੁਣੇ ਗਏ ਇਨ੍ਹਾਂ ਆਗੂਆਂ ਨੂੰ ਪੰਜਾਬ ਦੇ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਨ ਲਈ ਸਦਨ ਵਿੱਚੋਂ ਬਰਖਾਸਤ ਕਰ ਦੇਣਾ ਚਾਹੀਦਾ ਹੈ।" ਉਨ੍ਹਾਂ ਟਿੱਪਣੀ ਕੀਤੀ, "ਭਾਜਪਾ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰ ਕੇ ਦੇਸ਼ ਦੇ ਸੰਵਿਧਾਨ ਦੀ ਉਲੰਘਣਾ ਕਰ ਰਹੀ ਹੈ। ਇਹ ਵਿਡੰਬਨਾ ਹੈ ਕਿ ਉਸੇ ਅਸ਼ੋਕ ਮਿੱਤਲ ਨੂੰ ਭਾਜਪਾ ਨੇ ਜ਼ੈੱਡ ਪਲੱਸ ਸੁਰੱਖਿਆ ਪ੍ਰਦਾਨ ਕੀਤੀ, ਜਿਸ ਦੇ ਟਿਕਾਣਿਆਂ ▾ਤੇ ਕੁਝ ਦਿਨ ਪਹਿਲਾਂ ਈ.ਡੀ. ਨੇ ਛਾਪੇ ਮਾਰੇ ਸਨ।" ਦਲ-ਬਦਲੀ ਦੇ ਹਾਲਾਤ ਬਾਰੇ ਉਨ੍ਹਾਂ ਕਿਹਾ, "ਇਹ ਭਾਜਪਾ ਦੀ ਬਾਂਹ ਮਰੋੜਨ ਵਾਲੀ ਰਣਨੀਤੀ ਹੈ। ਰਾਘਵ ਚੱਢਾ, ਜੋ ਕਹਿੰਦਾ ਹੁੰਦਾ ਸੀ ਕਿ ਭਾਜਪਾ ਬਿਨਾਂ ਡਿਟਰਜੈਂਟ ਵਾਲੀ ਵਾਸ਼ਿੰਗ ਮਸ਼ੀਨ ਹੈ, ਜਿੱਥੇ ਸਿਆਸੀ ਨੇਤਾਵਾਂ ਦੇ ਪਾਪ ਧੋਤੇ ਜਾਂਦੇ ਹਨ, ਹੁਣ ਉਸੇ ਪਾਰਟੀ ਨਾਲ ਹੱਥ ਮਿਲਾ ਰਿਹਾ ਹੈ।" ਭਾਜਪਾ ਦੀ ਪੰਜਾਬ ਪ੍ਰਤੀ ਪਹੁੰਚ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਭਾਜਪਾ ਨੂੰ ਕਦੇ ਵੀ ਪੰਜ ਦਰਿਆਵਾਂ ਦੀ ਇਸ ਧਰਤੀ ਤੋਂ ਜਿੱਤਣ ਦਾ ਸੁਪਨਾ ਨਹੀਂ ਦੇਖਣਾ ਚਾਹੀਦਾ। ਸੂਬੇ ਦੇ ਲੋਕ ਭਾਜਪਾ ਦੇ ਸ਼ੱਕੀ ਕਿਰਦਾਰ ਤੋਂ ਚੰਗੀ ਤਰ੍ਹਾਂ ਜਾਣੂੰ ਹਨ ਅਤੇ ਉਹ ਇਸ ਨੂੰ ਸਬਕ ਜ਼ਰੂਰ ਸਿਖਾਉਣਗੇ।" ਉਨ੍ਹਾਂ ਅੱਗੇ ਕਿਹਾ, "ਭਾਵੇਂ ਭਾਜਪਾ ਕੁੱਝ ਸੂਬਿਆਂ ਵਿੱਚ ਮਿਲੀ ਜਿੱਤ ਤੋਂ ਉਤਸ਼ਾਹਿਤ ਹੈ, ਜਿੱਥੋਂ ਤੱਕ ਪੰਜਾਬ ਦਾ ਸਵਾਲ ਹੈ, ਸੂਬੇ ਅਤੇ ਇਸ ਦੇ ਲੋਕਾਂ ਪ੍ਰਤੀ ਇਸ ਦੇ ਬੇਇਨਸਾਫ਼ੀ ਅਤੇ ਮਤਰੇਈ ਮਾਂ ਵਾਲੇ ਸਲੂਕ ਦੀ ਕਹਾਣੀ ਬਹੁਤ ਲੰਬੀ ਹੈ।" ਉਨ੍ਹਾਂ ਕਿਹਾ, "ਭਾਜਪਾ ਪੰਜਾਬ ਨੂੰ ਪੰਜਾਬ ਯੂਨੀਵਰਸਿਟੀ, ਝਾਕੀ, ਚੰਡੀਗੜ੍ਹ, ਭਾਖੜਾ ਡੈਮ ਅਤੇ ਹੋਰ ਹਰੇਕ ਜਾਇਜ਼ ਹੱਕ ਤੋਂ ਵਾਂਝਾ ਕਰਨਾ ਚਾਹੁੰਦੀ ਹੈ।" ਵਿੱਤੀ ਚਿੰਤਾਵਾਂ ਸਬੰਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਨ੍ਹਾਂ ਲੋਕਾਂ ਨੇ ਪੰਜਾਬ ਦੇ ਵਿਕਾਸ ਨੂੰ ਖ਼ਤਰੇ ਵਿੱਚ ਪਾਉਣ ਲਈ ਸੂਬੇ ਦੇ ਜਾਇਜ਼ ਫੰਡ ਰੋਕ ਦਿੱਤੇ ਹਨ।" ਉਨ੍ਹਾਂ ਅੱਗੇ ਕਿਹਾ, "ਹਵਾਈ ਕਿਲ੍ਹੇ ਉਸਾਰਨ ਦੀ ਬਜਾਏ ਭਾਜਪਾ ਲੀਡਰਸ਼ਿਪ ਨੂੰ ਇਹ ਭੁੱਲ ਜਾਣਾ ਚਾਹੀਦਾ ਹੈ ਕਿ ਉਹ ਕਦੇ ਵੀ ਪੰਜਾਬ ਵਿੱਚ ਸੱਤਾ ਸੰਭਾਲਣਗੇ। ਪੰਜਾਬ ਤੇ ਪੰਜਾਬੀਆਂ ਵਿਰੁੱਧ ਕੀਤੇ ਗੁਨਾਹ ਮੁਆਫ਼ ਨਹੀਂ ਕੀਤੇ ਜਾ ਸਕਦੇ।" ਉਨ੍ਹਾਂ ਟਿੱਪਣੀ ਕੀਤੀ, "ਭਾਜਪਾ ਕਿਸ ਮੂੰਹ ਨਾਲ ਪੰਜਾਬ ਆਵੇਗੀ, ਜਦੋਂ ਉਨ੍ਹਾਂ ਦੇ ਆਗੂਆਂ ਨੇ ਕਦੇ ਵੀ ਸੂਬੇ ਅਤੇ ਇਸ ਦੇ ਲੋਕਾਂ ਦੇ ਮੁੱਦੇ ਨਹੀਂ ਉਠਾਏ ? ਪੰਜਾਬ ਦੇ ਬਹਾਦਰ ਅਤੇ ਸਿਆਣੇ ਲੋਕ ਭਾਜਪਾ ਦੇ ਮਾੜੇ ਕੰਮਾਂ ਨੂੰ ਕਦੇ ਨਹੀਂ ਭੁੱਲਣਗੇ ਅਤੇ ਉਸ ਨੂੰ ਢੁਕਵਾਂ ਸਬਕ ਸਿਖਾਉਣਗੇ। ਸਿਆਸੀ ਹਕੀਕਤ ਦੀ ਨਿਸ਼ਾਨਦੇਹੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਭਾਜਪਾ ਕੋਲ ਇਸ ਸਮੇਂ ਸੂਬੇ ਵਿੱਚ ਦੋ ਵਿਧਾਇਕ ਹਨ, ਪਰ ਜਿਸ ਤਰੀਕੇ ਨਾਲ ਉਹ ਸ਼ੇਖੀ ਮਾਰ ਰਹੇ ਹਨ, ਇਸ ਨਾਲ ਉਨ੍ਹਾਂ ਦੀਆਂ ਸੀਟਾਂ ਸਿਫ਼ਰ ਹੋ ਸਕਦੀਆਂ ਹਨ।" ਉਨ੍ਹਾਂ ਅੱਗੇ ਕਿਹਾ, "ਪੰਜਾਬੀ ਅਜਿਹੀਆਂ ਤਾਨਾਸ਼ਾਹੀ ਚਾਲਾਂ ਅੱਗੇ ਨਹੀਂ ਝੁਕਦੇ ਅਤੇ ਹਮੇਸ਼ਾ ਉਨ੍ਹਾਂ ਫੁੱਟਪਾਊ ਤਾਕਤਾਂ ਨੂੰ ਢੁਕਵਾਂ ਸਬਕ ਸਿਖਾਉਂਦੇ ਹਨ, ਜੋ ਪੰਜਾਬ 'ਤੇ ਤਾਕਤ ਨਾਲ ਰਾਜ ਕਰਨਾ ਚਾਹੁੰਦੀਆਂ ਹਨ।" ਉਨ੍ਹਾਂ ਕਿਹਾ, ਜਦੋਂ ਤੋਂ ਸੂਬਾ ਸਰਕਾਰ ਨੇ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਇਆ ਹੈ, ਭਾਜਪਾ ਪ੍ਰੇਸ਼ਾਨ ਹੈ ਕਿਉਂਕਿ ਉਹ ਪੰਜਾਬ ਵਿੱਚ ਆਪਣੇ ਫੁੱਟਪਾਊ ਏਜੰਡੇ ਨੂੰ ਅੱਗੇ ਨਹੀਂ ਵਧਾ ਸਕੇਗੀ। ਸਰਕਾਰ ਦਾ ਸਟੈਂਡ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਵਿੱਚ ਵਾਰ-ਵਾਰ ਨਕਾਰਨ ਦੇ ਬਾਵਜੂਦ ਭਾਜਪਾ ਨੇ ਡਰਾਉਣ-ਧਮਕਾਉਣ, ਲਾਲਚ ਦੇਣ ਅਤੇ ਦਲ-ਬਦਲੀ ਦੇ ਯਤਨਾਂ ਰਾਹੀਂ ਭ੍ਰਿਸ਼ਟਾਚਾਰ ਮੁਕਤ ਸਰਕਾਰ ਨੂੰ ਕਮਜ਼ੋਰ ਕਰਨ ਦੀਆਂ ਕੋਸ਼ਿਸ਼ਾਂ ਕਰ ਕੇ ਸੂਬੇ ਪ੍ਰਤੀ ਵੈਰ-ਵਿਰੋਧ ਵਾਲਾ ਰਵੱਈਆ ਅਪਣਾਇਆ ਹੈ।" ਉਨ੍ਹਾਂ ਜ਼ੋਰ ਦੇ ਕੇ ਕਿਹਾ, "ਆਪ ਆਪਣੀ ਤਾਕਤ ਆਮ ਲੋਕਾਂ ਤੋਂ ਪ੍ਰਾਪਤ ਕਰਦੀ ਹੈ ਅਤੇ ਇਕ ਸਿਧਾਂਤਕ ਦ੍ਰਿਸ਼ਟੀਕੋਣ ਨਾਲ ਜੁੜੀ ਹੋਈ ਹੈ। ਅਜਿਹੀਆਂ ਕੋਝੀਆਂ ਚਾਲਾਂ ਲੋਕਤੰਤਰ ਵਿੱਚ ਸਿਆਸੀ ਜਿੱਤਾਂ ਯਕੀਨੀ ਨਹੀਂ ਬਣਾ ਸਕਦੀਆਂ। ਪੰਜਾਬੀ ਉਨ੍ਹਾਂ ਨੂੰ ਢੁਕਵਾਂ ਸਬਕ ਸਿਖਾਉਣਗੇ।"

### ਦਮਦਮੀ ਟਕਸਾਲ ਵੱਲੋਂ 84 ਵਿੱਚ ਹੋਏ ਸ਼ਹੀਦਾ ਦੀ ਯਾਦ ਨੂੰ

# ਗੁਰਮਤਿ ਸਮਾਗਮ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਵਿਖੇ ਹੋਇਆ

## ਸੰਤ ਬਾਬਾ ਗੁਰਦੇਵ ਸਿੰਘ ਜੀ ਨੇ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੂੰ ਸਿਰਪਾਓ ਅਤੇ ਦੁਸ਼ਾਲੇ ਦੇ ਕੇ ਸਨਮਾਨਿਤ ਕੀਤਾ













(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਚੌਕ ਮਹਿਤਾ, 5 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)-ਜੂਨ '84 ਤੀਸਰੇ ਘੱਲੂਘਾਰੇ ਦੀ ਯਾਦ 'ਚ ਹਰ ਸਾਲ ਦੀ ਤਰ੍ਹਾਂ 6 ਜੂਨ ਨੂੰ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਣ ਜਾ ਰਹੇ 42 ਵੇਂ ਸ਼ਹੀਦੀ ਜੋੜ ਮੇਲੇ ਦੀਆਂ ਤਿਆਰੀਆਂ ਆਰੰਭ ਹੋ ਚੁੱਕੀਆਂ ਹਨ। ਇਸ ਦੌਰਾਨ ਵੱਖ-ਵੱਖ ਨਗਰਾਂ "ਚ ਮਹੀਨਾ ਭਰ ਸਜਾਏ ਜਾਣ ਵਾਲੇ ਸ਼ਬਦ-ਕੀਰਤਨ ਤੇ ਕਥਾ ਸਮਾਗਮਾਂ ਦੀ ਲੜੀ ਤਹਿਤ ਪੰਜਵਾਂ ਸਮਾਗਮ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਦੇ ਮੌਜੂਦਾ ਮੁੱਖੀ ਸੰਤ ਬਾਬਾ ਗੁਰਦੇਵ ਸਿੰਘ ਤਰਸਿੱਕੇ ਵਾਲਿਆਂ ਦੀ ਅਗਵਾਈ ਹੇਠ ਸਮਾਗਮ ਹੋਇਆ। ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਗੁਲਲਾਲ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਸ੍ਰਵਨ ਕਰਵਾਏ। ਉਪਰੰਤ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਪਵਿੱਤਰ ਪਾਵਨ ਗੁਰਬਾਣੀ ਦੇ ਹੁਕਮਨਾਮੇ ਸਾਹਿਬ ਜੀ ਦੀ ਵਿਆਖਿਆ ਕੀਤੀ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ, ਭਾਈ ਸਤਨਾਮ ਸਿੰਘ ਨੇਂ ਪਵਿੱਤਰ ਪਾਵਨ ਗੁਰਬਾਣੀ ਦੇ ਹੁਕਮਨਾਮੇ ਸਾਹਿਬ ਜੀ ਦਾ ਸ਼ਬਦ ਦਾ ਜਾਪੁ ਕੀਤਾ। ਇਸ ਮੌਕੇ ਤੇ ਸੰਤ ਬਾਬਾ ਗੁਰਦੇਵ ਸਿੰਘ ਤਰਸਿੱਕੇ ਵਾਲਿਆਂ ਨੇ ਵਾਲਿਆਂ ਨੇ ਸਮੂਹ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਸੰਤਾ, ਮਹਾਂਪੁਰਖਾ ਨੂੰ ਸਿਰਪਾਉ ਅਤੇ ਦੂਸਾਲੇ ਦੇ ਕੇ ਸਨਮਾਨਿਤ ਕੀਤਾ ਇਸ ਮੌਕੇ ਤੇ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ, , ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ, ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੱਬੋਵਾਲ, ਸੰਤ ਬਾਬਾ ਕਵਲਜੀਤ ਸਿੰਘ ਨਾਗੀਆਨਾ ਸਾਹਿਬ,ਸੰਤ ਬਾਬਾ ਸਰਦਾਰਾ ਸਿੰਘ ਮੱਖਣਵਿੰਡੀ, ਸੰਤ ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ,ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਚੌਕ ਮਹਿਤਾ, ਜਥੇਦਾਰ ਬਾਬਾ ਬੋਹੜ ਸਿੰਘ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ, ਭਾਈ ਜੁਝਾਰ ਸਿੰਘ, ਦਮਦਮੀ ਟਕਸਾਲ ਦੇ ਹੈਂਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ, ਭਾਈ ਗੁਰਕਿਰਪਾਲ ਸਿੰਘ, ਭਾਈ ਭਾਗ ਸਿੰਘ,ਪ੍ਰਿੰਸੀਪਲ ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ, ਭਾਈ ਸਤਨਾਮ ਸਿੰਘ, ਭਾਈ ਸਾਹਿਬ ਸਿੰਘ, ਡਾਕਟਰ ਅਵਤਾਰ ਸਿੰਘ ਬੁੱਟਰ,ਗਿਆਨੀ ਗੁਰਬਾਜ ਸਿੰਘ, ਜਥੇਦਾਰ ਤਰਲੋਚਨ ਸਿੰਘ, ਭਾਈ ਗੁਰਪ੍ਰੀਤ ਸਿੰਘ ਵੈਦ, ਭਾਈ ਪ੍ਰਕਾਸ਼ ਸਿੰਘ, ਆਦਿ ਬਹੁਤ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀਆਂ ਭਰੀਆਂ।ਸਟੇਜ ਸੈਕਟਰੀ ਦੀ ਸੇਵਾ ਗਿਆਨੀ ਹਰਪ੍ਰੀਤ ਸਿੰਘ ਵਡਾਲਾ ਜੋਹਲ ਵਾਲਿਆਂ ਨੇ ਬਾਖੂਬੀ ਨਾਲ ਨਿਭਾਈ ਇਸ ਮੌਕੇ ਤੇ ਸੰਤ ਬਾਬਾ ਗੁਰਦੇਵ ਸਿੰਘ ਜੀ ਨੇ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੂੰ ਸਿਰਪਾਓ ਅਤੇ ਦੁਸ਼ਾਲੇ ਦੇ ਕੇ ਸਨਮਾਨਿਤ ਕੀਤਾ। ••

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਮਦਮੀ ਟਕਸਾਲ ਵੱਲੋਂ 84 ਵਿੱਚ ਹੋਏ ਸ਼ਹੀਦਾ ਦੀ ਯਾਦ ਨੂੰ

# ਗੁਰਮਤਿ ਸਮਾਗਮ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਵਿਖੇ ਹੋਇਆ

**ਸੰਤ ਬਾਬਾ ਗੁਰਦੇਵ ਸਿੰਘ ਜੀ ਨੇ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੂੰ ਸਿਰਪਾਓ ਅਤੇ ਦੁਸ਼ਾਲੇ ਦੇ ਕੇ ਸਨਮਾਨਿਤ ਕੀਤਾ**










ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਪੰਜਾਬ ਦੇ ਪਾਣੀ, ਪੰਜਾਬੀ ਭਾਸ਼ਾ, ਕਿਸਾਨੀ ਹੱਕਾਂ ਦੇ ਨਾਲ ਨਸ਼ਿਆਂ ਵਿਰੁੱਧ**

# ਜੂਝਣ ਵਾਲਾ ਸੂਰਮਾ: ਸ਼ਹੀਦ ਭਾਈ ਜੋਗਿੰਦਰ ਸਿੰਘ ਦਿੱਲੀ

**ਦਿੱਲੀ** ਦੇ ਪ੍ਰਸਿੱਧ ਫਿਲਮਸਤਾਨ ਸਿਨੇਮਾ ਇਲਾਕੇ ਦੀ ਇੱਕ ਭੀੜੀ ਜਿਹੀ ਗਲੀ ਵਿੱਚ ਦਿੱਲੀ ਪੁਲਸ ਆਪ੍ਰੇਸ਼ਨ ਸੈੱਲ ਤੇ ਦੇਸ਼ ਦੀਆਂ ਦਰਜਨ ਕੁ ਉੱਚ ਸੁਰੱਖਿਆ ਏਜੰਸੀਆਂ ਤੇ ਉਹਨਾਂ ਦੇ ਅਫ਼ਸਰਾਂ ਅਤੇ 150 ਦੇ ਕਰੀਬ ਕਮਾਂਡੋਆਂ ਦਾ ਇੱਕ ਗਸ਼ਤੀ ਟੋਲਾ ਆਦਮ ਬੋਅ ਆਦਮ ਬੋਅ ਕਰਦਾ ਹੋਇਆ ਇੱਕ ਛੋਟੇ ਜਿਹੇ ਘਰ ਦੇ ਕਰੀਬ ਪਹੁੰਚਿਆ। ਇਨ੍ਹਾਂ ਵਿੱਚੋਂ ਕੁੱਝ ਕਮਾਂਡੋਆਂ ਨੇ ਆਲੇ ਦੁਆਲੇ ਦੇ ਮਕਾਨਾਂ ਦੀਆਂ ਛੱਤਾਂ ਅਤੇ ਕੁੱਝ ਨੇ ਗਲੀ ਵਿੱਚ ਹਥਿਆਰਬੰਦ ਪੁਜਿਸ਼ਨਾਂ ਲੈ ਲਈਆਂ ਤੇ ਕਿਸੇ ਤੱਕੜੇ ਅੱਤਵਾਦੀ ਦੀ ਗ੍ਰਿਫ਼ਤਾਰੀ ਦੀ ਉਡੀਕ ਕਰਨ ਲੱਗੇ। ਇਨ੍ਹਾਂ ਵਿੱਚ ਇੱਕ ਟੋਲਾ ਇੱਕ ਸਾਦੇ ਕੱਪੜਿਆਂ ਵਾਲੇ ਪੁਲਸ ਅਫ਼ਸਰ ਦੀ ਕਮਾਂਡ ਵਿੱਚ ਛੋਟੇ ਜਿਹੇ ਮੱਧਵਰਗੀ ਸਿੱਖ ਦੇ ਘਰ ਵਿੱਚ ਬੇਲਗਾਮ ਜਾਨਵਰਾਂ ਵਾਂਗ ਦਾਖਲ ਹੋਇਆ। ਘਰ ਦੇ ਬਾਹਰੀ ਹਿੱਸੇ ਬੈਠੀ ਮਾਤਾ ਬਸੰਤ ਕੌਰ ਆਪਣੇ ਅੰਦਰ ਚਲ ਰਹੇ ਗੁਰਮੰਤਰ ਦੇ ਅਜੱਪਾ ਜਾਪ ਦਾ ਆਨੰਦ ਲੈਂਦੀ ਹੋਈ ਕੁਰਸੀ ਤੇ ਬੈਠ ਕੇ ਚਾਹ ਪੀ ਰਹੀ ਸੀ ਤੇ ਬਾਪੂ ਗੁਰਬਖਸ਼ ਸਿੰਘ ਜੀ ਘਰ ਦੇ ਇੱਕ ਕਮਰੇ ਵਿੱਚ ਪ੍ਰਕਾਸ਼ਮਾਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਤੋਂ ਗੁਰਬਾਣੀ ਜਾਪ ਕਰ ਰਹੇ ਸਨ। ਗਸ਼ਤੀ ਟੋਲੇ ਦੀ ਆਮਦ ਨੇਂ ਉਹਨਾਂ ਦੇ ਇਸ ਦੈਵੀ ਕਾਰਜ ਵਿੱਚ ਕੋਈ ਅਸਰ ਨਾ ਪਾਇਆ ਤੇ ਦੋਵੇਂ ਜਣੇਂ ਆਪੋ ਆਪਣੇ ਸਥਾਨ ਤੇ ਰੂਹਾਨੀਅਤ ਦਾ ਆਨੰਦ ਮਾਣਦੇ ਰਹੇ। ਕ੍ਰੋਧ ਨਾਲ ਲਾਲ ਪੀਲੇ ਹੋਏ ਅਫ਼ਸਰ ਨੇਂ ਆਪਣਾ ਪਿਸਟਲ ਮਾਤਾ ਬਸੰਤ ਕਰ ਵੱਲ ਸੇਧਦੇ ਹੋਏ ਦੰਦ ਕਰੀਚ ਕੇ ਪੁੱਛਿਆ "ਕਹਾਂ ਹੈ ਤੁਮਾਹਰਾ ਬੇਟਾ ਜੋਗਿੰਦਰ ਸਿੰਹ (ਸਿੰਘ). ? ਮਾਤਾ ਜੀ ਬੜੇ ਸਹਿਜ ਨਾਲ ਬੋਲੇ "ਮੁਝੇ ਕਿਆ ਪਤਾ ਤੁਮਕੋ ਪਤਾ ਹੋਗਾ ਜਹਾਂ ਮਿਲਤਾ ਹੈ ਢੂੰਢ ਲੋ"। ਪੁਲਸ ਅਫ਼ਸਰ ਨੇਂ ਗਰਜਵੀਂ ਅਵਾਜ਼ ਵਿੱਚ ਕਮਾਂਡੋਆਂ ਨੂੰ ਹੁਕਮ ਦਿੱਤਾ "ਘਰ ਕਾ ਕੋਨਾ ਕੋਨਾ ਛਾਣ ਮਾਰੋ ਜੋ ਬੀ ਮਰਦ ਘਰ ਮੇਂ ਮਿਲੇ ਉਸੇ ਉਠਾ ਲਾਉ ਤੇ ਫਿਰ ਮਾਤਾ ਨੂੰ ਮੁਖਾਤਬ ਹੋ ਕੇ ਕਹਿਣ ਲੱਗਾ ਅੱਛਾ ਤੋ ਤੁਝੇ ਅਪਣੇ ਬੇਟੇ ਕਾ ਪਤਾ ਨਹੀਂ ਤੂ ਜਾਣਤੀ ਹੈ ਤੇਰੇ ਬੇਟੇ ਨੇ ਡਾ. ਤਿਆਗੀ ਕੋ ਮਾਰ ਦੀਆ ਹੈ। ਮਾਤਾ ਨੇਂ ਬੜੇ ਆਰਾਮ ਨਾਲ ਚਾਹ ਦਾ ਕੱਪ ਖਾਲੀ ਕਰਕੇ ਕੁਰਸੀ ਦੇ ਥੱਲੇ ਰੱਖਿਆ ਤੇ ਅਫ਼ਸਰ ਦੀਆਂ ਅੱਖਾਂ ਵਿੱਚ ਅੱਖਾਂ ਪਾ ਕੇ ਬੜੇ ਰਹੁਬਦਾਰ ਅੰਦਾਜ ਵਿੱਚ ਬੋਲੀ "ਹਮੇਂ ਕਿਆ ਪਤਾ ਕੌਣ ਹੈ ਡਾਕਟਰ ਤਿਆਗੀ ? ਜਬ ਬੀ ਕੋਈ ਕੁੱਤਾ ਬਿੱਲਾ ਦਿੱਲੀ ਮੇਂ ਮਰ ਜਾਤਾ ਹੈ ਤੋ ਤੁਮ ਜੈਸੇ ਆ ਜਾਤੇ ਹੈਂ ਹਮਾਰੇ ਘਰ ਮੂੰਹ ਉਠਾਏ ਹੂਏ। ਕੁੱਝ ਕੁ ਪਲਾਂ ਵਿੱਚ ਹੀ ਕਮਾਂਡੋ ਜੁੱਤੀਆਂ ਸਮੇਤ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ਮਾਨ ਕਮਰੇ ਵਿੱਚ ਦਾਖਲ ਹੋਏ ਤੇ ਤਾਬਿਆ ਬੈਠੇ ਬਾਪੂ ਗੁਰਬਖਸ਼ ਸਿੰਘ ਜੀ ਨੂੰ ਧੂਹ ਕੇ ਗਲੀ ਵਿੱਚ ਲੈ ਆਏ ਤੇ ਘੜੀਸਦਿਆਂ ਹੋਇਆਂ ਜਾ ਕੇ ਆਪਣੀ ਗੱਡੀ ਵਿੱਚ ਸੁੱਟ ਲਿਆ। ਅਫ਼ਸਰ ਫਿਰ ਕ੍ਰੋਧ ਨਾਲ ਚੀਕਦਿਆਂ ਹੋਇਆਂ ਮਾਤਾ ਨੂੰ ਕਹਿਣ ਲੱਗਾ " ਲੇ ਚਲੇ ਹੈਂ ਇਸ ਬੁੱਢੇ ਕੋ ਜਬ ਤੇਰਾ ਬੇਟਾ ਆਏ ਤੋ ਉਸੇ ਕਹਿਣਾ ਥਾਣੇ ਸੇ ਅਪਣੇ ਬਾਪ ਕੋ ਛੁੜਵਾ ਕੇ ਲੇ ਜਾਏ। ਜਦੋਂ ਵੀ ਕਈ ਛੋਟੀ ਵੱਡੀ ਘਟਨਾ ਵਾਪਰਦੀ ਹੈ ਤਾਂ ਪੁਲਸ ਅਤੇ ਸੁਰੱਖਿਆ ਏਜੰਸੀਆਂ ਵੱਲੋਂ ਅਜਿਹਾ ਵਤੀਰਾ ਉਨ੍ਹਾਂ ਗੁਰਸਿੱਖ ਪਰਿਵਾਰਾਂ ਵਿਰੁੱਧ ਅਪਣਾਇਆ ਜਾਂਦਾ ਜਿੰਨ੍ਹਾਂ ਦੇ ਪੁੱਤਰ ਉਨ੍ਹਾਂ ਰਾਹਾਂ ਤੇ ਤੁਰ ਪਏ ਸਨ ਜਿੰਨ੍ਹਾਂ ਰਾਹਾਂ ਦੀਆਂ ਪੈੜ੍ਹਾਂ ਨਾਲ ਦਿੱਲੀ ਦਾ ਲਾਲ ਕਿਲ੍ਹਾ ਵੀ ਥਰ੍ਹ ਥਰ੍ਹ ਕੰਬਣ ਲੱਗ ਪਿਆ ਸੀ। ਇਨ੍ਹਾਂ ਵਿੱਚ ਹੀ ਇੱਕ ਨੌਜਵਾਨ ਸ਼ਹੀਦ ਭਾਈ ਜੋਗਿੰਦਰ ਸਿੰਘ ਬੱਬਰ, ਮੁੱਖੀ ਬੱਬਰ ਖ਼ਾਲਸਾ ਜੋਨ ਦਿੱਲੀ ਇਸ ਪਰਿਵਾਰ ਨਾਲ ਸਬੰਧਤ ਸੀ। ਮਿਤੀ 17 ਫਰਵਰੀ 1968 ਨੂੰ ਬਾਪੂ ਗੁਰਬਖਸ਼ ਸਿੰਘ ਦੇ ਗ੍ਰਹਿ ਮਾਤਾ ਬਸੰਤ ਕਰ ਦੀ ਕੁੱਖੋਂ ਸ਼ਹੀਦ ਭਾਈ ਜਗਿੰਦਰ ਸਿੰਘ ਬੱਬਰ ਨੇ ਤੀਸਰੀ ਅਤੇ ਸਭ ਤੋ ਛੋਟੀ ਸੰਤਾਨ ਦੇ ਰੂਪ ਵਿੱਚ ਫਿਲਮਸਤਾਨ ਸਿਨੇਮਾ ਨੇੜੇ ਇੱਕ ਮੁਹੱਲੇ ਵਿੱਚ ਜਨਮ ਲਿਆ। ਪਿਤਾ ਗੁਰਬਖਸ਼ ਸਿੰਘ ਪਹਿਲਾਂ ਟਾਇਰਾਂ ਦੀ ਦੁਕਾਨ ਤੇ ਕੰਮ ਕਰਦੇ ਸਨ ਅਤੇ ਬਾਅਦ ਵਿੱਚ ਆਟੋ ਰਿਕਸ਼ਾ ਚਲਾ ਕੇ ਆਪਣੇ ਪਰਿਵਾਰ ਦਾ ਗੁਜਾਰਾ ਕਰਨ ਲੱਗੇ। ਬਹੁਤ ਹੀ ਰੌਸ਼ਣ ਦਿਮਾਗ ਤਿੰਨੇ ਭੈਣ ਭਰਾਵਾਂ ਨੇ ਆਪਣੀ ਸਕੂਲ ਅਤੇ ਕਾਲਜ਼ ਦੀ ਉਚੇਰੀ ਸਿੱਖਿਆ ਪਿੰਡੀ ਖ਼ਾਲਸਾ ਸਕੂਲ ਅਤੇ ਖ਼ਾਲਸਾ ਕਾਲਜ਼ ਦਿੱਲੀ ਤੋਂ ਬੜੀ ਰੀਝ ਨਾਲ ਹਰ ਸਾਲ ਸਕਾਲਰਸ਼ਿਪ ਲੈਕੇ ਕੀਤੀ। ਸਾਕਾ ਨਵੰਬਰ 84 ਵੇਲੇ ਇਸ ਪਰਿਵਾਰ ਨੂੰ ਜਗਦੀਸ਼ ਟਾਈਟਲਰ ਤੇ ਉਸਦੇ ਗੁੰਡਿਆਂ ਨੇ ਭਾਰੀ ਤਸੀਹੇ ਦਿੱਤੇ ਅਤੇ ਬਹੁਤ ਹੀ ਮਾਲੀ ਨੁਕਸਾਨ ਵੀ ਕੀਤਾ। ਨਵੰਬਰ 84 ਦੇ ਪੀੜ੍ਹਤਾਂ ਦੀ ਸੇਵਾ ਕਰਨ ਵਿੱਚ ਭਾਈ ਜੋਗਿੰਦਰ ਸਿੰਘ ਦੇ ਬਚਪਨ ਦੇ ਦੋਸਤ ਭਾਈ ਗੁਲਸ਼ਨ ਸਿੰਘ ਨੇ ਦਿਨ ਰਾਤ ਸਾਥ ਦਿੱਤਾ। ਦੋਨਾਂ ਨੇ ਨਵੰਬਰ 84 ਵਿੱਚ ਸਿੱਖ ਨਸਲਕੁਸ਼ੀ ਸਮੇਂ ਗੁੰਡਿਆਂ ਵਲੋਂ ਸਾੜੇ ਅੱਧ ਸੜੇ ਬੱਚਿਆਂ ਨੂੰ ਆਪਣੇ ਹੱਥਾਂ ਵਿੱਚ ਚੁੱਕ ਕੇ ਹਸਪਤਾਲਾਂ ਵਿੱਚ ਪਹੁੰਚਾਇਆ ਅਤੇ ਪੂਰੀ ਤਰ੍ਹਾਂ ਸੜ ਚੁੱਕੇ ਬੱਚਿਆਂ ਦੀਆਂ ਲਾਸ਼ਾਂ ਦਾ ਆਪਣੇ ਹੱਥੀਂ ਅੰਤਿਮ ਸੰਸਕਾਰ ਕਰਕੇ ਰੋਂਦੀਆਂ ਕੁਰਲਾਉਂਦੀਆਂ ਮਾਵਾਂ ਦੇ ਦਰਦ ਨੂੰ ਆਪਣੀ ਰੂਹ ਉੱਤੇ ਹੰਢਾਇਆ। ਸਿਖ ਸੰਘਰਸ਼ ਨਾਲ ਇਨ੍ਹਾਂ ਦੋਹਾਂ ਦਾ ਰਾਬਤਾ ਕਿਵੇਂ ਤੇ ਕਦੋਂ ਹੋਇਆ ਇਹ ਭਾਵੇਂ ਰਹੱਸ ਹੀ ਹੈ ਪਰ ਦਿੱਲੀ ਦੀ ਸੰਗਤ ਨੇਂ ਇਨ੍ਹਾਂ ਦੋਹਾਂ ਵੀਰਾਂ ਨੂੰ ਸਿੱਖ ਮਿਸ਼ਨਰੀ ਕਾਲਜ, ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅਤੇ ਅਖੰਡ ਕੀਰਤਨੀ ਜੱਥੇ ਵਿੱਚ ਰੀਝ ਨਾਲ ਸੇਵਾ ਕਰਦਿਆਂ ਤੱਕਿਆ। ਦਿੱਲੀ ਪੁਲਸ ਨੇ ਦਿੱਲੀ ਬੰਬ ਧਮਾਕਿਆਂ ਵਿੱਚ ਭਾਈ ਸਾਹਿਬ ਜੀ ਦਾ ਨਾਮ ਝੂਠਾ ਫਸਾ ਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਤਾਂ ਖ਼ਾਲਸਾ ਕਾਲਜ ਸਮੇਤ ਹੋਰ ਅਨੇਕਾਂ ਕਾਲਜ਼ਾਂ ਦੇ ਵਿਦਿਆਰਥਿਆਂ ਨੇ ਰੋਸ ਮੁਜ਼ਾਹਰੇ ਅਤੇ ਹੜਤਾਲਾਂ ਸ਼ੁਰੂ ਕਰ ਦਿੱਤੀਆਂ। ਸੰਗਤ ਅਤੇ ਵਿਦਿਆਰਥੀਆਂ ਦੇ ਭਾਰੀ ਦਬਾਅ ਹੇਠ ਤੇ ਇਨ੍ਹਾਂ ਬੰਬ ਧਮਾਕਿਆਂ ਵਿੱਚ ਭਾਈ ਸਾਹਿਬ ਜੀ ਦਾ ਹੱਥ ਨਾ ਹੋਣ ਦੀ ਸੱਚਾਈ ਕਰਕੇ ਪੁਲਸ ਨੇ ਉਨ੍ਹਾਂ ਨੂੰ ਅਗਲੇ ਦਿਨ ਹੀ ਰਿਹਾਅ ਕਰ ਦਿੱਤਾ ਲੇਕਿਨ ਇਨ੍ਹਾਂ ਨੂੰ ਸਿੱਖ ਸੰਘਰਸ਼ ਤੇ ਖਾੜਕੂਵਾਦ ਨਾਲ ਜੋੜਣ ਦਾ ਸਿਲਸਿਲਾ ਦਿੱਲੀ ਪੁਲਸ ਅਤੇ ਖੁਫੀਆ ਏਜੰਸੀਆਂ ਵੱਲੋਂ ਸ਼ੁਰੂ ਕੀਤਾ ਜਾ ਚੁੱਕਾ ਸੀ। ਸਾਕਾ ਜੂਨ 84 ਅਤੇ ਸਾਕਾ ਨਵੰਬਰ 84 ਤੋਂ ਇਲਾਵਾ ਪੰਜਾਬ ਵਿੱਚ ਚਲ ਰਹੇ ਸ਼ਹੀਦੀ ਸਾਕਿਆਂ ਨੇ ਭਾਈ ਜੋਗਿੰਦਰ ਸਿੰਘ ਤੇ ਭਾਈ ਗੁਲਸ਼ਨ ਸਿੰਘ ਸਣੇ ਹਰ ਅਨੇਕਾਂ ਨੌਜਵਾਨ ਸਾਥੀਆਂ ਨੂੰ ਝੰਝੋੜ ਕੇ ਰੱਖਿਆ ਸੀ। ਦਿੱਲੀ ਦੇ ਤੀਸ ਹਜ਼ਾਰੀ ਕੋਰਟ ਅਤੇ ਦਿੱਲੀ ਪੁਲਸ ਹੈਡਕੁਆਰਟਰ ਵਿੱਚ ਇੱਕ ਦਿਨ ਇਕ ਸਮੇਂ ਹਏ ਬੰਬ ਧਮਾਕਿਆਂ ਪਿੱਛੇ ਇਨ੍ਹਾਂ ਸਿੰਘਾਂ ਦਾ ਹੀ ਹੱਥ ਸੀ। ਜਦੋਂ ਤੀਸ ਹਜ਼ਾਰੀ ਕੋਰਟ ਤੋਂ ਪੁਲਸ ਹੈਡਕੁਆਰਟਰ ਨੂੰ ਫੋਨ ਕਾਲ ਗਈ ਕਿ ਇੱਥੇ ਬੰਬ ਧਮਾਕਾ ਹੋਇਆ ਹੈ ਤਾਂ ਅੱਗ ਫੋਨ ਆਪ੍ਰੇਟਰ ਦਾ ਜਵਾਬ ਸੀ ਅਸੀਂ ਤੁਹਾਡਾ ਕੀ ਕਰੀਏ ਸਾਡੇ ਤਾਂ ਆਪ ਇੱਥੇ ਭਾਰੀ ਬੰਬ ਧਮਾਕਾ ਹੋਇਆ ਹੈ ਤੇ ਸਾਰੇ ਅਫ਼ਸਰ ਡਰਦੇ ਮਾਰੇ ਟੇਬਲਾਂ ਥੱਲੇ ਵੜੇ ਹੋਏ ਹਨ। ਇਨ੍ਹਾਂ ਦੋਹਾਂ ਉੱਚ ਸੁਰਿਖਆ ਵਾਲੇ ਸਥਾਨਾਂ ਤੇ ਇੱਕੋ ਦਿਨ ਇੱਕੋ ਸਮੇਂ ਇੱਕ ਸਕਿੰਟ ਦਾ ਵੀ ਫਰਕ ਪਏ ਬਿਨਾਂ ਹੋਏ ਬੰਬ ਧਮਾਕਿਆਂ ਸਬੰਧੀ ਉਦੋਂ ਦਿੱਲੀ ਪੁਲਸ ਦੇ ਕਮਿਸ਼ਨਰ ਵੇਦ ਮਰਵਾਹਾ ਨੇ ਤਕਰੀਬਨ ਪੰਦਰ੍ਹਾਂ ਮਿੰਟ ਦੂਰ ਦਰਸ਼ਨ ਤੇ ਆ ਕੇ ਇਹ ਝੂਠੀ ਕਹਾਣੀ ਸੁਣਾਈ ਸੀ ਕਿ ਇਹ ਬੰਬ ਧਮਾਕੇ ਕਰਨ ਵਾਲੇ ਪਾਕਿਸਤਾਨ ਤੋਂ ਟ੍ਰੇਨਿੰਗ ਲੈ ਕੇ ਆਏ ਸਨ। ਦਿੱਲੀ ਤੋਂ ਕਦੇ ਵੀ ਬਾਹਰ ਪੈਰ ਨਾ ਪਾਉਣ ਵਾਲੇ ਇਹ ਜੁਝਾਰੂ ਸਿੰਘ ਉਸਦੀਆਂ ਬੇਸਿਰ ਪੈਰ ਕਹਾਣੀਆਂ ਸੁਣ ਕੇ ਹੱਸਿਆ ਕਰਦੇ ਸਨ। ਸੰਘਰਸ਼ ਵਿੱਚ ਸਿੰਘਾਂ ਤੇ ਪੰਜਾਬ ਵਿਰੁੱਧ ਜ਼ਿਹਰ ਉਗਲਣ ਵਾਲਾ ਇੱਕ ਬਦਨਾਮ ਪੱਤਰਕਾਰ ਜੋ ਪੰਜਾਬ ਵਿੱਚ ਸਿੰਘਾਂ ਦੇ ਹਮਲਿਆਂ ਤੋਂ 2-3 ਵਾਰ ਬਚ ਗਿਆ ਸੀ ਤੇ ਦਿੱਲੀ ਵਿੱਚ ਨਾਮ ਤੇ ਭੇਸ ਬਦਲ ਕੇ ਕਿਸੇ ਅਖ਼ਬਾਰ ਵਿੱਚ ਕੰਮ ਕਰ ਰਿਹਾ ਸੀ ਪਤਾ ਨਹੀਂ ਕਿਵੇਂ ਇਹ ਉਸ ਸਮੇਂ ਤੀਸ ਹਜ਼ਾਰੀ ਕੋਰਟ ਕਿਸੇ ਕੰਮ ਪਹੁੰਚਿਆ ਅਤੇ ਧਮਾਕੇ ਵਾਲੀ ਥਾਂ ਤੋਂ 300 ਮੀਟਰ ਦੂਰ ਲੰਘ ਰਿਹਾ ਸੀ। ਉਦੋਂ ਹੀ ਧਮਾਕੇ ਵਿਚੋਂ ਉੱਡ ਕੇ ਨਿਕਲੀ ਇੱਕ ਕਿੱਲ ਉਸਦੇ ਸਿਰ ਵਿੱਚ ਜਾ ਵੜੀ ਤੇ ਇੱਕ ਮਹੀਨਾ ਆਲ ਇੰਡੀਆ ਮੈਡੀਕਲ ਇੰਸਟੀਚਿਊਟ ਵਿੱਚ ਦਾਖਲ ਰਹਿਣ ਤੋਂ ਬਾਅਦ ਉਹ ਮਰ ਗਿਆ। ਸਰਕਾਰ ਲਈ ਉਹ ਕਿੰਨਾ ਅਹਿਮ ਸੀ ਕਿ ਉਸਦੇ ਅੰਤਿਮ ਸੰਸਕਾਰ ਵੇਲੇ ਦਿੱਲੀ ਦੰਗਿਆਂ ਦੇ ਮੁੱਖ ਦੋਸ਼ੀ ਵਿਸ਼ੇਸ਼ ਤੌਰ ਤੇ ਹਾਜ਼ਰ ਵੇਖੇ ਗਏ। ਰਾਜੀਵ ਗਾਂਧੀ ਦੀ ਤਾਮਿਲਨਾਡੂ ਵਿੱਚ ਹੋਈ ਮੌਤ ਤੋਂ ਚੰਦ ਦਿਨ ਪਹਿਲਾਂ ਹੋਈਆਂ ਚੋਣਾਂ ਦੌਰਾਣ ਵੀ ਦਿੱਲੀ ਦੇ ਨਾਮਧਾਰੀ ਬਹੁਲਤਾ ਇਲਾਕੇ ਰਮੇਸ਼ ਨਗਰ ਵਿੱਚ ਸਿੱਖ ਕਤਲੇਆਮ ਦੇ ਦੋਸ਼ੀ ਜਗਦੀਸ਼ ਟਾਈਟਲਰ ਤੇ ਹੋਏ ਇੱਕ ਭਰਵੇਂ ਹਮਲੇ ਦਾ ਰਹੱਸ ਵੀ ਲੰਬੇ ਸਮੇਂ ਤੱਕ ਛੁਪਿਆ ਹੀ ਰਿਹਾ। ਭਾਈ ਸਾਹਿਬ ਭਾਈ ਰਣਧੀਰ ਸਿੰਘ ਜੀ ਰਚਿਤ ਪੁਸਤਕਾਂ ਜੇਲ੍ਹ ਚਿੱਠੀਆਂ ਤੇ ਰੰਗਲੇ ਸੱਜਣ ਅਤੇ ਸ਼ਹੀਦ ਭਾਈ ਅਨੋਖ਼ ਸਿੰਘ ਜੀ ਦੀਆਂ ਗੁਰਮਤਿ ਜੁਗਤ ਸਿੱਖਿਆਵਾਂ ਇਨ੍ਹਾਂ ਸਿੰਘਾਂ ਦੇ ਜੀਵਣ ਦਾ ਅਧਾਰ ਸਨ। ਭਾਈ ਸਾਹਿਬ ਅਤੇ ਉਨ੍ਹਾਂ ਦੇ ਸਾਥੀਆਂ ਵਲੋਂ ਕੀਤੇ ਜਾਂਦੇ ਐਕਸ਼ਨਾਂ ਕਰਕੇ ਏਜੰਸੀਆਂ ਵਲੋਂ ਬੇਲੋੜੀ ਕਿੜ੍ਹ ਭਾਈ ਜੋਗਿੰਦਰ ਸਿੰਘ, ਭਾਈ ਤਰਲੋਕ ਸਿੰਘ ਅਤੇ ਭਾਈ ਦਲੀਪ ਸਿੰਘ ਦੇ ਪਰਿਵਾਰਾਂ ਤੇ ਕੱਢੀ ਗਈ। ਭਾਈ ਦਲੀਪ ਸਿੰਘ ਦੇ ਪਰਿਵਾਰ, ਬਾਪੂ ਨਿਰੰਜਣ ਅਤੇ ਬਾਪੂ ਗੁਰਬਖਸ਼ ਸਿੰਘ ਉੱਤੇ



ਤਸੀਹਿਆਂ ਦਾ ਪਹਾੜ ਹੀ ਟੁੱਟ ਪਿਆ, ਬਾਪੂ ਗੁਰਬਖਸ਼ ਸਿੰਘ ਜੀ ਦੀਆਂ ਦੋਹਾਂ ਲੱਤਾਂ, ਬਾਹਾਂ, ਛਾਤੀ ਅਤੇ ਚੂਲੇ ਦੀਆਂ ਹੱਡੀਆਂ ਨੂੰ ਲੱਗਭਗ 138 ਹਿੱਸਿਆਂ ਵਿੱਚ ਤੋੜ ਕੇ ਲਾਸ਼ ਦੇ ਰੂਪ ਵਿੱਚ ਉਨ੍ਹਾਂ ਦੇ ਘਰ ਫਿਲਮਸਤਾਨ ਨੇੜੇ ਸੁੱਟ ਦਿੱਤਾ ਗਿਆ ਅਤੇ ਸਾਰੇ ਸਰੀਰ ਤੇ ਪਲਸਤਰ ਲੱਗਣ ਤੇ ਹਸਪਤਾਲੋਂ ਛੇ ਮਹੀਨੇ ਬਾਅਦ ਜਦੋਂ ਉਹ ਘਰ ਆਏ ਤਾਂ ਵੀ ਖਿੱਝ ਕੱਡਣ ਲਈ ਸੁਰੱਖਿਆ ਏਜੰਸੀਆਂ ਕਈ ਵਾਰ ਘਰੋਂ ਚੁੱਕ ਕੇ ਉਨ੍ਹਾਂ ਨੂੰ ਲੈ ਜਾਂਦੀਆਂ ਤੇ ਅਣਮਨੁੱਖੀ ਤਸੀਹੇ ਦਿੰਦੀਆਂ ਰਹੀਆਂ। ਡਾਕਟਰ ਦਵਿੰਦਰ ਸਰੂਪ ਤਿਆਗੀ ਭਾਰਤ ਦਾ ਅੰਤਰਰਾਸ਼ਟਰੀ ਪੱਧਰ ਦਾ ਖੇਤੀ ਵਿਗਿਆਨੀ ਸੀ ਅਤੇ ਭਾਰਤ ਸਰਕਾਰ ਵਲੋਂ ਖੇਤੀਬਾੜੀ ਜਿੰਨਸਾਂ ਦੇ ਮੁੱਲ ਤੈਅ ਕਰਨ ਲਈ ਬਣਾਏ ਖੇਤੀਬਾੜੀ ਅਤੇ ਮੁੱਲ ਕਮਿਸ਼ਨ ਦਾ ਚੇਅਰਮੈਨ ਸੀ। ਭਾਈ ਸਾਹਬ ਤੇ ਉਨ੍ਹਾਂ ਦੇ ਸੰਗੀ ਸਾਥੀਆਂ ਦੀ ਰੂਚੀ ਉੱਚ ਪੱਧਰੀ ਬੁੱਧੀਜੀਵੀਆਂ ਤੇ ਵਿਦਵਾਨਾਂ ਰਚਿਤ ਪੁਸਤਕਾਂ ਅਤੇ ਗੰਭੀਰ ਲਿਖ਼ਤਾਂ ਪੜ੍ਹਣ ਵੱਲ ਰਹਿੰਦੀ ਸੀ। ਜਸਵੰਤ ਸਿੰਘ ਕੰਵਲ ਦੀਆਂ ਲਿਖਤਾਂ ਵਿੱਚੋਂ ਨਿਕਲਦੀਆਂ ਪੰਜਾਬ ਦੀ ਖੇਤੀਬਾੜੀ ਤੇ ਆਰਥਿਕਤਾ ਸਬੰਧੀ ਰਾਜਾਂ ਤੇ ਕੇਂਦਰ ਸਰਕਾਰਾਂ ਦੀਆਂ ਕਮੀਨੀਆਂ ਚਾਲਾਂ ਅਤੇ ਪੰਜਾਬ ਨੂੰ ਆਰਥਿਕ, ਸਮਾਜਿਕ, ਸੱਭਿਆਚਾਰਕ ਅਤੇ ਧਾਰਮਿਕ ਪੱਖ ਤੋਂ ਰੇਗਿਸਤਾਨ ਬਣਾ ਦੇਣ ਦੀਆਂ ਕੋਝੀਆਂ ਚਾਲਾਂ ਦੀ ਭਾਈ ਸਾਹਬ ਨੂੰ ਡੂੰਘੀ ਸਮਝ ਸੀ। ਇਨ੍ਹਾਂ ਨੀਤੀਆਂ ਨੂੰ ਘੜਣ ਵਾਲੇ ਨੌਕਰਸ਼ਾਹਾਂ ਤੇ ਲੂਟੀਅਨਜ਼ ਦੀ ਦਿੱਲੀ ਦੇ ਸਾਊਥ ਬਲਾਕ ਤੇ ਨੋਰਥ ਬਲਾਕ ਵਿੱਚ ਬੈਠੇ ਸਿੱਖ ਵਿਰੋਧੀ ਫਿਰਕੂ ਸਾਜਿਸ਼ੀ ਅਫ਼ਸਰਾਂ ਵਲੋਂ ਸੱਤ ਪਰਦਿਆਂ ਪਿੱਛੇ ਲੁੱਕ ਕੇ ਹਿਲਾਈਆਂ ਜਾਣ ਵਾਲੀਆਂ ਤਾਰਾਂ ਦਾ ਇਨ੍ਹਾਂ ਸਿੰਘਾਂ ਨੂੰ ਚੋਖਾ ਅੰਦਾਜ਼ਾ ਸੀ। ਹੋਲੇ ਮੁੱਹਲੇ ਦੇ ਇੱਕ ਸਮਾਗਮ ਵਿੱਚ ਜਥੇਬੰਦੀ ਵਲੋਂ ਇੱਕ 6 ਪੰਨਿਆਂ ਦਾ ਦਸਤੀ ਪਰਚਾ ਜਾਰੀ ਕੀਤਾ ਗਿਆ ਤੇ ਇਸਦੀਆਂ ਲੱਖਾਂ ਹੀ ਕਾਪੀਆਂ ਆਨੰਦਪੁਰ ਹੋਲੇ ਮੁਹੱਲੇ ਤੇ ਵੰਡੀਆਂ ਗਈਆਂ ਸੀ। ਇਸ ਪਰਚੇ ਵਿੱਚ ਭਾਰਤ ਸਰਕਾਰ ਦੇ 7 ਪਰਦਿਆਂ ਪਿੱਛੇ ਲੁਕੇ ਸਿੱਖ ਵਿਰਧੀ ਚੇਹਰਿਆਂ ਤੇ ਦਿਮਾਗਾਂ ਵਾਲੇ ਨੌਕਰਸ਼ਾਹਾਂ ਦੀ ਨਾਵਾਂ ਤੇ ਅਹੁਦਿਆਂ ਦੀ ਸੂਚੀ ਜਾਰੀ ਕਰਕੇ ਉਨ੍ਹਾਂ ਨੂੰ ਚੇਤਾਵਨੀ ਦਿੱਤੀ ਗਈ ਸੀ ਕਿ ਉਹ ਸਿੱਖ ਮਾਰੂ ਨੀਤੀਆਂ ਘੜ੍ਹਨੀਆਂ ਬੰਦ ਕਰ ਦੇਣ। ਇਸ ਪਰਚੇ ਨੂੰ ਸ਼ਾਇਦ ਸਰਕਾਰ ਨੇ ਸ਼ੁਰੂਆਤ ਵਿੱਚ ਹਲਕੇ ਵਿੱਚ ਲਿਆ ਹੋਵੇ ਪਰ ਸਿੰਘਾਂ ਵਲੋਂ ਸ਼ਰਾਬਬੰਦੀ ਦਾ ਐਲਾਨ ਕਰਨ ਤੋਂ ਬਾਅਦ ਇੱਕ ਐਕਸਾਇਜ਼ ਕਮਿਸ਼ਨਰ ਮਿਸ਼ਰਾ ਵਲੋਂ ਪੰਜਾਬ ਵਿੱਚ ਠੇਕਿਆਂ ਦੀ ਗਿਣਤੀ ਵਧਾਉਣ ਦਾ ਐਲਾਨ ਕਰਨ ਤੇ ਅਤੇ ਪੰਜਾਬ ਨੂੰ ਨਸ਼ਿਆਂ ਦੇ ਵਹਿਣ ਵਿੱਚ ਧੱਕਣ ਵਾਲੇ ਇਸ ਆਈ.ਏ.ਐਸ ਅਫ਼ਸਰ ਮਿਸ਼ਰਾ ਨੂੰ ਪਟਿਆਲਾ ਵਿੱਚ ਜਦੋਂ ਸੋਧ ਦਿੱਤਾ ਗਿਆ ਤਾਂ ਪੰਜਾਬ ਵਿੱਚ ਸ਼ਰਾਬ ਦੇ ਠੇਕਿਆਂ ਨੂੰ ਆਪ ਮੁਹਾਰੇ ਹੀ ਤਾਲੇ ਲੱਗ ਗਏ ਤੇ ਸਰਕਾਰ ਦੀਆਂ ਚੂਲਾਂ ਹਿੱਲ ਗਈਆਂ। ਭਾਰਤ ਦੇ ਆਲ ਇੰਡੀਆ ਰੇਡੀਓ ਤੇ ਦੂਰ ਦਰਸ਼ਨ ਵਲੋਂ ਜਦੋਂ ਸਿੰਘਾਂ ਦੀ ਕਿਰਦਾਰਕੁਸ਼ੀ ਆਰੰਭ ਕੀਤੀ ਗਈ ਤਾਂ ਜਥੇਬੰਦੀ ਵਲੋਂ ਉਨ੍ਹਾਂ ਨੂੰ ਇਹ ਚੇਤਾਵਨੀ ਦਿੱਤੀ ਗਈ ਸੀ ਕਿ ਜੇ ਸਰਕਾਰ ਆਪਣੀਆਂ ਸਿੱਖ ਵਿਰੋਧੀ ਨੀਤੀਆਂ ਤੋਂ ਬਾਝ ਨਾ ਆਈ ਤਾਂ ਉਸਦੇ ਇਸ ਅਖੌਤੀ ਸਰਕਾਰੀ ਮੀਡੀਆ ਤੇ ਅਖੌਤੀ ਚਾਣੱਕੀਆ ਦੀਆਂ ਔਲਾਦਾਂ ਦੇ ਟੁੱਕੜੇ ਕੱਲ੍ਹ ਵੱਖ-ਵੱਖ ਥਾਵਾਂ ਤੇ ਖਿਲ੍ਹਾਰ ਦਿੱਤੇ ਜਾਣਗੇ। ਪਰ ਜਦੋਂ ਇਸ ਮਹਿਕਮੇ ਦੇ ਇੱਕ ਉੱਚ ਪੱਧਰੀ ਆਈ.ਏ.ਐਸ ਅਧਿਕਾਰੀ ਮਨਚੰਦਾ ਤੇ ਸਿੰਘਾਂ ਦੀ ਇਸ ਚੇਤਾਵਨੀ ਦਾ ਕੋਈ ਅਸਰ ਨਾ ਹੋਇਆ ਤਾਂ ਉਸਨੇ ਆਪਣੀ ਸਿੱਖ ਵਿਰੋਧੀ ਨੀਤੀ ਜਾਰੀ ਰੱਖੀ। ਤਾਂ ਸ਼ਹੀਦ ਭਾਈ ਅਮਰੀਕ ਸਿੰਘ ਕੌਲੀ ਨੇ ਦਿਨੇਂ ਦੁਪਿਹਰੇ ਹੀ ਇਸਨੂੰ ਚੁੱਕ ਕੇ ਅਲੋਪ ਕਰ ਦਿੱਤਾ। ਸਰਕਾਰ ਨੇ ਆਪਣੇ ਸਰਕਾਰੀ ਮੀਡੀਆ ਦੇ ਇਸ ਤੋਤੇ ਦੀ ਰਿਹਾਈ ਕਰਵਾਉਣ ਦੀ ਥਾਂ ਇੱਕ ਮਹੀਨਾ ਵੱਖ-ਵੱਖ ਪਾਖੰਡ ਰਚਾਏ। ਅਖੀਰ ਨਾ ਚਹੁੰਦਿਆ ਹੋਇਆਂ ਵੀ ਜਥੇਬੰਦੀ ਨੇ ਕੌੜਾ ਘੁੱਟ ਭਰ ਕੇ ਇਸ ਨੂੰ ਸੋਧ ਦਿੱਤਾ। ਆਲ ਇੰਡੀਆ ਰੇਡੀਓ ਦੇ ਸਰਕਾਰੀ ਤੋਤੇ ਮਨਚੰਦਾ ਦੇ ਸਰੀਰ ਦੇ ਟੁੱਕੜੇ ਪੰਜਾਬ ਤੇ ਹਰਿਆਣਾ ਦੇ ਵੱਖ-ਵੱਖ ਚੌਕਾਂ ਵਿੱਚ ਮਿਲੇ। ਸਿੰਘਾਂ ਵਲੋਂ ਕੀਤੇ ਜਾਂਦੇ ਐਕਸ਼ਨਾਂ ਤੋਂ ਸਰਕਾਰ ਤਿਲਮਿਲਾ ਉਠੀ ਸੀ। ਕਿਉਂਕਿ ਅਜਿਹੀਆਂ ਘਟਨਾਵਾਂ ਤੋਂ ਭੈਅਭੀਤ 600 ਤੋਂ ਵੱਧ ਆਈ.ਏ.ਐਸ ਅਧਿਕਾਰੀਆਂ ਨੇ ਬੁਲੇਟ ਪਰੂਫ ਗੱਡੀਆਂ ਤੇ ਸੁਰੱਖਿਆ ਦਸਤਿਆਂ ਦੀ ਮੰਗ ਕਰ ਲਈ ਸੀ ਜੋ ਸਰਕਾਰ ਦੇ ਵੱਸੋਂ ਬਾਹਰ ਸੀ। ਉਨ੍ਹਾਂ ਨੂੰ ਵੱਡੇ ਪੱਧਰ ਤੇ ਬੁਲੇਟ ਪਰੂਫ ਗੱਡੀਆਂ ਤੇ ਸੁਰੱਖਿਆ ਦਸਤੇ ਦੇਣ ਦਾ ਖਰਚਾ ਝੱਲਣਾ ਸਰਕਾਰ ਦੇ ਵੱਸ ਦੀ ਗੱਲ ਨਹੀਂ ਸੀ। ਮਈ 1992 ਵਿੱਚ ਦਿੱਲੀ ਦੇ ਅਤਿ ਉੱਚ ਸੁਰੱਖਿਆ ਵਾਲੇ ਗੋਲਫ਼ ਕਲੱਬ ਇਲਾਕੇ ਦੇ ਇੱਕ ਅਤਿ ਸੁਰੱਖਿਤ ਕੰਪਲੈਕਸ ਵਿੱਚ ਰਹਿਣ ਵਾਲੇ ਤੇ ਪੰਜਾਬ ਦੀ ਕਿਸਾਨੀ ਦਾ ਖ਼ੂਨ ਪੀਣ ਵਾਲੀਆਂ ਨੀਤੀਆਂ ਘੜ੍ਹਨ ਵਾਲੇ ਡਾਕਟਰ ਦਵਿੰਦਰ ਸਰੂਪ ਤਿਆਗੀ ਦੀ ਸੁਧਾਈ ਕਰਣ ਦਾ ਸਮਾਂ ਆ ਪਹੁੰਚਿਆ ਸੀ। ਇਸ ਦੀ ਸੁਧਾਈ ਦੀ ਸੇਵਾ ਲਈ ਵਿਸ਼ੇਸ਼ ਤੌਰ ਤੇ ਜਥੇਦਾਰ ਸਾਹਿਬ ਸ਼ਹੀਦ ਭਾਈ ਬਲਵਿੰਦਰ ਸਿੰਘ ਗੰਗਾ ਜੀ ਦੇ ਨਿਰਦੇਸ਼ਾਂ ਤੇ ਭਾਈ ਗੁਰਮੀਤ ਸਿੰਘ ਮੁਕਤਸਰ ਉਰਫ਼ ਭਾਈ ਅਮਰਜੀਤ ਸਿੰਘ ਲਾਡੀ ਦੀ ਡਿਊਟੀ ਲਗਾਈ ਗਈ। ਉਨਾਂ ਨੇ ਦਿੱਲੀ ਪਹੁੰਚ ਕੇ ਭਾਈ ਜੋਗਿੰਦਰ ਸਿੰਘ ਨਾਲ ਮਿਲ ਕੇ ਇਸ ਸੇਵਾ ਨੂੰ ਸਫ਼ਲਤਾਪੂਰਵਕ ਨੇਪਰੇ ਚਾੜਿਆ ਸੀ। ਡਾ. ਤਿਆਗੀ ਦੇ ਸੋਧੇ ਤੋਂ ਅਗਲੇ ਦਿਨ ਹੀ ਜਥੇਬੰਦੀ ਨੇ ਆਪਣਾ ਸਿਧਾਂਤਕ ਪੱਖ ਪੇਸ਼ ਕਰਨ ਲਈ ਇੱਕ ਜਿੰਮ੍ਹੇਵਾਰੀ ਪੱਤਰ ਪ੍ਰੈਸ ਦੇ ਨਾਮ ਜਾਰੀ ਕੀਤਾ ਜਿਸਦੇ ਮੁੱਖ ਅਖ਼ਬਾਰਾਂ ਵਿੱਚ ਪ੍ਰਕਾਸ਼ਿਤ ਹੋਣ ਉਪਰੰਤ ਸਰਕਾਰ ਨੇਂ ਤੁਰੰਤ ਕਿਸਾਨਾਂ ਦੀ ਕੁਝ ਮੰਗਾ ਮੰਨ ਲਈਆਂ ਸਨ। ਡਾ. ਤਿਆਗੀ ਦੀ ਮੌਤ ਦੇ ਬਾਅਦ ਕੇਂਦਰੀ ਸਰਕਾਰ ਵਲੋਂ ਲੱਖਾਂ ਮਿੰਨਤਾਂ ਤਰਲੇ ਕਰਨ ਦੇ ਬਾਵਜੂਦ ਵੀ ਕੋਈ ਵੀ ਆਈ.ਏ.ਐਸ ਅਧਿਕਾਰੀ ਖੇਤੀਬਾੜੀ ਅਤੇ ਮੁੱਲ ਕਮਿਸ਼ਨ ਦੇ ਮੁੱਖ ਅਹੁਦੇ ਨੂੰ ਸਵੀਕਾਰ ਕਰਨ ਲਈ ਰਾਜੀ ਨਾ ਹੋਇਆ ਤੇ ਇਹ ਅਹੁਦਾ ਇੱਕ ਸਾਲ ਤੋਂ ਵੱਧ ਸਮੇਂ ਤੱਕ ਖਾਲੀ ਰਹਿਆ। ਅਖੀਰ ਇੱਕ ਸ਼ਰਤ ਤੇ ਡਾ. ਮਨੋਹਰ ਸਿੰਘ ਗਿੱਲ ਨੇ ਇਹ ਅਹੁਦਾ ਸਵੀਕਾਰ ਕੀਤਾ ਕਿ ਕੇਂਦਰ ਸਰਕਾਰ ਉਨ੍ਹਾਂ ਦੇ ਦਸਤਖ਼ਤਾਂ ਹੇਠ ਉਨ੍ਹਾਂ ਨੂੰ ਕਈ ਵੀ ਅਜਿਹਾ ਫੈਸਲਾ ਕਰਨ ਲਈ ਮਜਬੂਰ ਨਹੀਂ ਕਰੇਗੀ ਜਿਸ ਨਾਲ ਪੰਜਾਬ ਤੇ ਦੇਸ਼ ਦੇ ਕਿਸਾਨਾਂ ਵਿੱਚ ਰੋਸ ਤੇ ਬੇਗਾਨਗੀ ਦੀ ਭਾਵਨਾ ਪੈਦਾ ਹੋਵੇ। ਬਾਅਦ ਵਿੱਚ ਇਸ ਅਹੁਦੇ ਨੂੰ ਸਵੀਕਾਰ ਕਰਨ ਦੇ ਇਨਾਮ ਵਿੱਚ ਡਾ. ਮਨੋਹਰ ਸਿੰਘ ਗਿੱਲ ਨੂੰ ਭਾਰਤ ਦਾ ਚੋਣ ਕਮਿਸ਼ਨਰ ਵੀ ਬਣਾਇਆ ਗਿਆ। 9 ਅਗਸਤ 1992 ਨੂੰ ਜਥੇਦਾਰ ਭਾਈ ਸੁਖਦੇਵ ਸਿੰਘ ਬੱਬਰ ਜੀ ਦੀ ਪਟਿਆਲੇ ਸ਼ਹਾਦਤ ਤੋਂ ਬਾਅਦ ਅਜੇ ਜਥੇਬੰਦੀ ਨੂੰ ਸੰਭਲਣ ਦਾ ਮੌਕਾ ਹੀ ਨਹੀਂ ਮਿਲਿਆ ਸੀ, ਕਿ 11 ਅਗਸਤ 1992 ਨੂੰ ਸਵੇਰੇ ਤੜਕੇ ਹੀ ਦਿੱਲੀ ਦੇ ਪੱਛਮ ਵਿਹਾਰ ਇਲਾਕੇ ਵਿੱਚ ਭਾਈ ਮੂਰਤਾ ਸਿੰਘ ਫੌਜ਼ੀ ਅਤੇ ਭਾਈ ਅਮਰੀਕ ਸਿੰਘ ਮੁਕਤਸਰ ਦੇ ਫਲੈਟ ਨੂੰ ਘੇਰਾ ਪੈ ਗਿਆ। ਦਿੱਲੀ ਨੇ ਅਜਿਹਾ ਪੁਲਸ ਮੁਕਾਬਲਾ ਪਹਿਲੀ ਤੇ ਆਖ਼ਰੀ ਵਾਰ ਦੇਖਿਆ ਸੀ। ਭਾਈ ਗੁਰਮੀਤ ਸਿੰਘ ਤੜਕ੍ਹੇ ਹੀ ਉਥੋਂ ਬਚ ਨਿਕਲਣ ਵਿੱਚ ਕਾਮਯਾਬ ਰਹੇ ਪਰ ਭਾਈ ਮੂਰਤਾ ਸਿੰਘ ਫੌਜ਼ੀ ਤੇ ਉਨ੍ਹਾਂ ਦੀ ਸਿੰਘਣੀ ਬੀਬੀ ਹਰਿੰਦਰ ਕੌਰ ਭਾਰਤੀ ਉੱਚ ਪੱਧਰੀ ਕਮਾਂਡੋਆਂ ਵਲੋਂ ਅੰਤਰਰਾਸ਼ਟਰੀ ਜੰਗ ਦੇ ਕਾਨੂੰਨਾਂ ਦੀਆਂ ਧੱਜੀਆਂ ਉਡਾ ਕੇ ਸੁੱਟੀ ਗਈ ਜ਼ਿਹਰੀਲੀ ਗੈਸ ਕਾਰਨ ਸ਼ਹੀਦ ਹੋ ਗਏ। ਇਸ ਪੁਲਸ ਮੁਕਾਬਲੇ ਦਾ ਰੋਲਾ ਅੰਤਰਰਾਸ਼ਟਰੀ ਪੱਧਰ ਤੇ ਪਿਆ ਤੇ ਭਾਰਤੀ ਸੰਸਦ ਵਿੱਚ ਵੀ ਇਹ ਗੂੰਝਿਆ ਕਿ ਅੰਤਰਰਾਸ਼ਟਰੀ ਮਾਪਦੰਡਾਂ ਨੂੰ ਪੈਰ੍ਹਾਂ ਥੱਲੇ ਲਿਤਾੜਦਿਆਂ ਜ਼ਿਹਰੀਲੀ ਗੈਸ ਦੀ ਵਰਤੋਂ ਕਿਉਂ ਕੀਤੀ..? ਇੰਨ੍ਹਾ ਸਿੰਘਾਂ ਵਲੋਂ ਦਿੱਲੀ ਦੇ ਇਤਿਹਾਸਿਕ ਗੁਰਦੁਆਰਾ ਬਾਲਾ ਸਾਹਿਬ ਦੇ ਮੁੱਖ ਗ੍ਰੰਥੀ ਅਵਤਾਰ ਸਿੰਘ ਡਾਗੀ ਅਤੇ ਲਾਂਗਰੀ ਮਨਜੀਤ ਜੋ ਕਿ ਮੁਖਬਰੀਆਂ ਕਰਣ ਨਾਲ ਸਿੱਖਾਂ ਦੀਆਂ ਕੁੜੀਆਂ ਨੂੰ ਗਲਤ ਕੰਮਾਂ ਵਲ ਧਕੇਲਦੇ ਸਨ ਦੇ ਨਾਲ ਦਿੱਲੀ ਸਿੱਖ ਕਤਲੇਆਮ ਦੇ ਦੋਸ਼ੀ ਤਰਲੋਕ ਨੂੰ ਵੀ ਆਪਣੇ ਹੱਥੀ ਸਜ਼ਾ ਦਿੱਤੀ ਗਈ ਸੀ ਜਿਸ ਕਰਕੇ ਦਿੱਲੀ ਕਮੇਟੀ ਦੇ ਤਤਕਾਲੀਨ ਮੈਂਬਰ ਵੀ ਇੰਨ੍ਹਾ ਤੋਂ ਥਰ ਥਰ ਕੰਬਦੇ ਹੁੰਦੇ ਸਨ। ਅਤਿ ਕਠਿਨ ਹਲਾਤਾਂ ਵਿੱਚ ਸੰਘਰਸ਼ ਕਰਦਿਆਂ ਭਾਈ ਤਰਲੋਕ ਸਿੰਘ, ਭਾਈ ਜੋਗਿੰਦਰ ਸਿੰਘ ਦਿੱਲੀ , ਭਾਈ ਗੁਲਸ਼ਨ ਸਿੰਘ, ਭਾਈ ਬਲਦੇਵ ਸਿੰਘ ਅਤੇ ਹੋਰ ਕਈ ਸਿੰਘਾਂ ਦੀਆਂ ਸ਼ਹਾਦਤਾਂ ਹੋ ਗਈਆਂ। ਭਾਈ ਜੋਗਿੰਦਰ ਸਿੰਘ ਜੀ ਦੀ ਸ਼ਹਾਦਤ ਉਨ੍ਹਾਂ ਦੀ ਗ੍ਰਿਫ਼ਤਾਰੀ ਤੋਂ ਬਾਅਦ ਨਕਲੀ ਪੁਲਸ ਮੁਕਾਬਲੇ ਵਿੱਚ ਹੋਈ। ਲੇਕਿਨ ਗ੍ਰਿਫ਼ਤਾਰੀ ਦੌਰਾਣ ਉਨ੍ਹਾਂ ਨੂੰ ਦਿੱਤੇ ਗਏ ਅਤਿ ਵਹਿਸ਼ੀ ਤਸੀਹਿਆਂ ਨਾਲ ਵੀ ਸਰਕਾਰੀ ਏਜੰਸੀਆਂ ਉਨ੍ਹਾਂ ਦੇ ਮੂੰਹੋਂ ਜਥੇਬੰਦੀ ਜਾਂ ਉਨਾਂ ਦੇ ਇੱਕ ਵੀ ਸਾਥੀ ਦਾ ਰਾਜ ਉਗਲਵਾਉਣ ਵਿੱਚ ਅਸਫ਼ਲ ਰਹੀਆਂ। ਭਾਈ ਸਾਹਬ ਜੀ ਦੀ ਸ਼ਹਾਦਤ ਤੋਂ ਉਪਰੰਤ ਵੀ ਘੱਟ ਘੱਟ 10 ਸਾਲਾਂ ਤੱਕ ਉਨ੍ਹਾਂ ਦੇ ਪਰਿਵਾਰ ਨੂੰ ਤਸੀਹੇ ਦੇਣ ਦਾ ਸਿਲਸਿਲਾ ਜਾਰੀ ਰਿਹਾ। ਕਿਸੇ ਵੀ ਗੁਰਦੁਆਰੇ ਵਿੱਚ ਉਨ੍ਹਾਂ ਨਮਿੱਤ ਸ਼੍ਰੀ ਅਖੰਡ ਪਾਠ ਸਾਹਿਬ ਦਾ ਭੋਗ ਨਹੀਂ ਪਾਉਣ ਦਿੱਤਾ ਗਿਆ।

**ਗੁਰੂ ਪੰਥ ਦਾ ਸੇਵਾਦਾਰ**
**ਮਨਪ੍ਰੀਤ ਸਿੰਘ ਖਾਲਸਾ, ਨਵੀਂ ਦਿੱਲੀ**

# ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ ਆਮ ਆਦਮੀ ਪਾਰਟੀ 'ਚ ਸ਼ਾਮਿਲ




ਜੰਡਿਆਲਾ ਗੁਰੂ 3 ਮਈ ( ਕੁਲਵੰਤ ਸਿੰਘ ਵਿਰਦੀ ) ਆਦਮੀ ਪਾਰਟੀ ਅਤੇ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਜੀ ਦੀ ਸਰਕਾਰ ਦੇ ਵਿਕਾਸੀ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਬੀਤੇ ਦਿਨ ਕਾਂਗਰਸੀ ਆਗੂ ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ ਅਤੇ ਪ੍ਰਭਜੋਤ ਸਿੰਘ ਮਲਹੋਤਰਾ ਕਾਂਗਰਸ ਪਾਰਟੀ ਨੂੰ ਛੱਡ ਕੇ ਆਪ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਇਸ ਮੌਕੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਨੇ ਕਿਹਾ ਕਿ ਇਹ ਭਰੋਸਾ ਸਾਡੀ ਸਭ ਤੋਂ ਵੱਡੀ ਤਾਕਤ ਹੈ, ਜੋ ਸਾਨੂੰ ਨਿਰੰਤਰ ਲੋਕ-ਹਿੱਤ ਲਈ ਕੰਮ ਕਰਨ ਦੀ ਪ੍ਰੇਰਣਾ ਦਿੰਦਾ ਹੈ। ਓਹਨਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਿਲ ਹੋਣ ਤੇ ਓਹਨਾਂ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ ।

# ਕਾਂਗਰਸ ਪਾਰਟੀ ਵਲੋਂ ਹਰਪ੍ਰੀਤ ਸਿੰਘ ਸੰਧੂ ਨੂੰ ਸ੍ਰੀ ਹਰਗੋਬਿੰਦਪੁਰ ਨਗਰ ਕੌਂਸਲ ਚੋਣਾਂ ਲਈ ਅਬਜ਼ਰਵਰ ਨਿਯੁਕਤ ਕੀਤਾ

**ਪੱਟੀ 5 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਪੰਜਾਬ ਕਾਂਗਰਸ ਵੱਲੋਂ ਚੋਣ ਸਰਗਰਮੀਆਂ ਨੂੰ ਹੋਰ ਤੇਜ਼ ਕਰ ਦਿੱਤਾ ਗਿਆ ਹੈ। ਪਾਰਟੀ ਵੱਲੋਂ ਵੱਖ-ਵੱਖ ਹਲਕਿਆਂ ਵਿੱਚ ਜ਼ਿੰਮੇਵਾਰ ਆਗੂਆਂ ਦੀਆਂ ਡਿਊਟੀਆਂ ਲਗਾ ਕੇ ਚੋਣ ਤਿਆਰੀਆਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਪੱਟੀ ਹਲਕੇ ਨਾਲ ਸਬੰਧਿਤ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ (ਪੀਪੀਸੀਸੀ) ਦੇ ਮੈਂਬਰ ਹਰਪ੍ਰੀਤ ਸਿੰਘ ਸੰਧੂ ਨੂੰ ਨਗਰ ਕੌਂਸਲ ਸ੍ਰੀ ਹਰਗੋਬਿੰਦਪੁਰ ਦੀਆਂ ਆਉਣ ਵਾਲੀਆਂ ਚੋਣਾਂ ਲਈ ਅਬਜ਼ਰਵਰ ਨਿਯੁਕਤ ਕੀਤਾ ਗਿਆ ਹੈ।

ਪਾਰਟੀ ਹਾਈਕਮਾਂਡ ਵੱਲੋਂ ਕੀਤੀ ਇਸ ਨਿਯੁਕਤੀ ਨੂੰ ਲੈ ਕੇ ਕਾਂਗਰਸੀ ਵਰਕਰਾਂ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਹਰਪ੍ਰੀਤ ਸਿੰਘ ਸੰਧੂ ਨੇ ਇਸ ਮੌਕੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਅਤੇ ਸੰਗਠਨ ਇੰਚਾਰਜ ਕੈਪਟਨ ਸੰਦੀਪ ਸਿੰਘ ਸੰਧੂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਜੋ ਵਿਸ਼ਵਾਸ ਉਨ੍ਹਾਂ 'ਤੇ ਜਤਾਇਆ ਹੈ, ਉਹ ਉਸ 'ਤੇ ਖਰਾ ਉਤਰਣ ਲਈ ਪੂਰੀ ਇਮਾਨਦਾਰੀ ਅਤੇ ਮਿਹਨਤ ਨਾਲ ਕੰਮ ਕਰਨਗੇ।

ਉਨ੍ਹਾਂ ਕਿਹਾ ਕਿ ਨਗਰ ਕੌਂਸਲ ਸ੍ਰੀ ਹਰਗੋਬਿੰਦਪੁਰ ਵਿੱਚ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਜਮੀਨੀ ਪੱਧਰ 'ਤੇ ਵਰਕਰਾਂ ਨਾਲ ਮਿਲ ਕੇ ਚੋਣ ਰਣਨੀਤੀ ਤਿਆਰ ਕੀਤੀ ਜਾਵੇਗੀ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੀ ਜਨਤਾ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਨਿਰਾਸ਼ ਹੈ ਅਤੇ ਲੋਕ ਮੁੜ ਕਾਂਗਰਸ ਪਾਰਟੀ ਵੱਲ ਉਮੀਦ ਨਾਲ ਦੇਖ ਰਹੇ ਹਨ।

### ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਦੋ ਦਿਨਾਂ ਸੈਮੀਨਾਰ ਦਾ ਸਫਲ ਸਮਾਪਨ

# ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਵੱਲੋਂ ਸਾਰੇ ਵਕਤਾਵਾਂ ਨੂੰ ਕੀਤਾ ਗਿਆ ਸਨਮਾਨਿਤ




**ਨਵੀਂ ਦਿੱਲੀ, 5 ਮਈ (ਮਨਪ੍ਰੀਤ ਸਿੰਘ ਖਾਲਸਾ)**-ਤਖ਼ਤ ਪਟਨਾ ਸਾਹਿਬ ਦੇ ਗੁਰਦੁਆਰਾ ਗੁਰੂ ਕਾ ਬਾਗ ਵਿਖੇ ਸਥਿਤ ਪ੍ਰਕਾਸ਼ ਪੁੰਜ ਵਿੱਚ ਚੱਲ ਰਹੇ ਦੋ ਦਿਨਾਂ ਸੈਮੀਨਾਰ ਦਾ ਸਫਲ ਸਮਾਪਨ ਹੋਇਆ। ਪ੍ਰੋਗਰਾਮ ਵਿੱਚ ਬਿਹਾਰ ਦੇ ਮੁੱਖ ਮੰਤਰੀ ਨੂੰ ਸ਼ਾਮਲ ਹੋਣਾ ਸੀ, ਪਰ ਅਚਾਨਕ ਦਿੱਲੀ ਦੌਰੇ ਕਾਰਨ ਉਹ ਹਾਜ਼ਰੀ ਨਹੀਂ ਲਗਾ ਸਕੇ। ਹਾਲਾਂਕਿ ਉਨ੍ਹਾਂ ਕਿਹਾ ਕਿ ਉਹ ਵੀ ਗੁਰੂ ਸਾਹਿਬ ਪ੍ਰਤੀ ਆਪਣੀ ਸ਼ਰਧਾ ਪ੍ਰਗਟ ਕਰਨਾ ਚਾਹੁੰਦੇ ਸਨ। ਸੰਸਕ੍ਰਿਤੀ ਮੰਤਰਾਲਾ, ਭਾਰਤ ਸਰਕਾਰ, ਸਾਹਿਤ ਅਕਾਦਮੀ, ਨਵੀਂ ਦਿੱਲੀ ਅਤੇ ਤਖ਼ਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਾਂਝੇ ਤਹਿਤ ਸ਼੍ਰੀ ਗੁਰੂ ਤੇਗ ਬਹਾਦੁਰ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ "ਸ਼੍ਰੀ ਗੁਰੂ ਤੇਗ ਬਹਾਦੁਰ ਜੀ ਦਾ ਜੀਵਨ ਅਤੇ ਸਿੱਖਿਆਵਾਂ" ਵਿਸ਼ੇ 'ਤੇ ਦੋ ਦਿਨਾਂ ਦੀ ਰਾਸ਼ਟਰੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਦਾ ਉਦਘਾਟਨ ਬਿਹਾਰ ਦੇ ਰਾਜਪਾਲ ਲੈਫਟਿਨੈਂਟ ਜਨਰਲ ਸਈਦ ਆਤਾ ਹਸਨੈਨ ਵੱਲੋਂ ਕੀਤਾ ਗਿਆ। ਇਸ ਮੌਕੇ 'ਤੇ ਤਖ਼ਤ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ, ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਉਪ ਪ੍ਰਧਾਨ ਲਖਵਿੰਦਰ ਸਿੰਘ, ਉਪ ਪ੍ਰਧਾਨ ਗੁਰਵਿੰਦਰ ਸਿੰਘ ਅਤੇ ਸਕੱਤਰ ਹਰਬੰਸ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਸਾਹਿਤ ਅਕਾਦਮੀ ਵੱਲੋਂ ਸਾਰੇ ਮਹਿਮਾਨਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ 'ਤੇ ਕਈ ਵਿਸ਼ੇਸ਼ ਹਸਤੀਆਂ ਵੀ ਹਾਜ਼ਰ ਰਹੀਆਂ, ਜਿਨ੍ਹਾਂ ਵਿੱਚ ਸਾਹਿਤ ਅਕਾਦਮੀ ਦੇ ਪ੍ਰਧਾਨ ਮਾਧਵ ਕੌਸ਼ਿਕ, ਪੰਜਾਬੀ ਸਲਾਹਕਾਰ ਬੋਰਡ ਦੇ ਸੰਯੋਜਕ ਰਾਵੇਲ ਸਿੰਘ, ਬਿਹਾਰ ਵਿਧਾਨ ਪਰਿਸ਼ਦ ਦੇ ਉਪਸਭਾਪਤੀ ਰਾਮ ਬਚਨ ਰਾਏ, ਮਾਤਾ ਸੁੰਦਰੀ ਕਾਲਜ ਦੀ ਪ੍ਰਿੰਸੀਪਲ ਹਰਪ੍ਰੀਤ ਕੌਰ, ਸੀਨੀਅਰ ਆਈਪੀਐਸ ਅਧਿਕਾਰੀ ਅਤੇ ਲੇਖਕ ਡਾ. ਮਨਮੋਹਨ, ਪ੍ਰੋ. ਜਗਬੀਰ ਸਿੰਘ, ਪ੍ਰੋ. ਮਨਜਿੰਦਰ ਸਿੰਘ ਅੰਮ੍ਰਿਤਸਰ, ਪ੍ਰੋ. ਕੁਲਦੀਪ ਸਿੰਘ, ਪ੍ਰੋ. ਅਮਰਜੀਤ ਸਿੰਘ, ਵਿਧਾਇਕ ਸੰਜੀਵ ਚੌਰਸੀਆ ਅਤੇ ਸੂਰਜ ਸਿੰਘ ਨਲਵਾ ਸ਼ਾਮਲ ਸਨ।

ਸੈਮੀਨਾਰ ਵਿੱਚ ਵੱਖ-ਵੱਖ ਸਿਖਿਅਕ ਸੈਸ਼ਨ ਆਯੋਜਿਤ ਕੀਤੇ ਗਏ, ਜਿਨ੍ਹਾਂ ਵਿੱਚ ਵਿਦਵਾਨਾਂ ਨੇ ਗੁਰੂ ਤੇਗ ਬਹਾਦੁਰ ਜੀ ਦੇ ਦਰਸ਼ਨ, ਆਧਿਆਤਮਿਕ ਦ੍ਰਿਸ਼ਟੀ ਅਤੇ ਵਿਸ਼ਵਵਿਆਪੀ ਸੰਦੇਸ਼ 'ਤੇ ਵਿਚਾਰ ਸਾਂਝੇ ਕੀਤੇ। ਖ਼ਾਸ ਤੌਰ 'ਤੇ ਉਨ੍ਹਾਂ ਦੇ ਬਲਿਦਾਨ, ਧਾਰਮਿਕ ਆਜ਼ਾਦੀ ਅਤੇ ਮਨੁੱਖੀ ਮਰਿਆਦਾ ਦੇ ਆਦਰਸ਼ਾਂ 'ਤੇ ਚਰਚਾ ਕੀਤੀ ਗਈ। ਬਿਹਾਰ ਦੇ ਵੱਖ-ਵੱਖ ਇਲਾਕਿਆਂ, ਸਾਸਾਰਾਮ, ਕਿਸ਼ਨਗੰਜ, ਕਟਿਹਾਰ ਆਦਿ ਤੋਂ ਵੱਡੀ ਗਿਣਤੀ ਵਿੱਚ ਸੰਗਤ ਨੇ ਉਤਸ਼ਾਹ ਨਾਲ ਭਾਗ ਲਿਆ, ਜੋ ਗੁਰੂ ਸਾਹਿਬ ਦੀ ਵਿਰਾਸਤ ਪ੍ਰਤੀ ਗਹਿਰੀ ਸ਼ਰਧਾ ਨੂੰ ਦਰਸਾਉਂਦਾ ਹੈ। ਆਯੋਜਕਾਂ ਵੱਲੋਂ ਸਾਰੇ ਮਹਿਮਾਨਾਂ, ਵਿਦਵਾਨਾਂ ਅਤੇ ਭਾਗੀਦਾਰਾਂ ਦਾ ਦਿਲੋਂ ਧੰਨਵਾਦ ਕੀਤਾ ਗਿਆ, ਜਿਨ੍ਹਾਂ ਦੇ ਸਹਿਯੋਗ ਨਾਲ ਇਹ ਪ੍ਰੇਰਣਾਦਾਇਕ ਅਤੇ ਸਫਲ ਆਯੋਜਨ ਸੰਪੰਨ ਹੋਇਆ। ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਉਪ ਪ੍ਰਧਾਨ ਲਖਵਿੰਦਰ ਸਿੰਘ ਅਤੇ ਉਪ ਪ੍ਰਧਾਨ ਗੁਰਵਿੰਦਰ ਸਿੰਘ ਵੱਲੋਂ ਸਾਰੇ ਵਕਤਾਵਾਂ ਦਾ ਸਵਾਗਤ ਕੀਤਾ ਗਿਆ ਅਤੇ ਆਸ ਜਤਾਈ ਗਈ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾਏ ਜਾਣਗੇ।

### ਸਰਨਾ ਨੇ ਅਕਾਲ ਤਖ਼ਤ ਦੇ ਸਟੈਂਡ ਦਾ ਕੀਤਾ ਸਮਰਥਨ

# ਸਰਕਾਰ ਸਿੱਖ ਸੰਸਥਾਵਾਂ ਨਾਲ ਗੱਲਬਾਤ ਰਾਹੀਂ ਕਾਨੂੰਨ ਉਪਰ ਮੁੜ ਕਰੇ ਵਿਚਾਰ



**ਨਵੀਂ ਦਿੱਲੀ, 5 ਮਈ (ਮਨਪ੍ਰੀਤ ਸਿੰਘ ਖਾਲਸਾ):**- ਦਿੱਲੀ ਅਕਾਲੀ ਮੁਖੀ ਪਰਮਜੀਤ ਸਿੰਘ ਸਰਨਾ ਨੇ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਪੇਸ਼ ਕੀਤੇ ਗਏ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਬਾਰੇ ਐਲਾਨ ਕੀਤੇ ਗਏ ਸਟੈਂਡ ਦਾ ਪੂਰਾ ਅਤੇ ਸਪੱਸ਼ਟ ਸਮਰਥਨ ਕੀਤਾ ਹੈ, ਕਿਉਂਕਿ ਉਨ੍ਹਾਂ ਵਲੋਂ ਸਿੱਖ ਪੰਥ ਦੀਆਂ ਸਰਵਉੱਚ ਸੰਸਥਾਵਾਂ ਨਾਲ ਸਲਾਹ-ਮਸ਼ਵਰੇ ਦੀ ਘਾਟ ਦੇ ਆਧਾਰ 'ਤੇ ਹਾਲ ਹੀ ਵਿੱਚ ਲਾਗੂ ਕੀਤੇ ਗਏ ਬੇਅਦਬੀ ਕਾਨੂੰਨ ਦਾ ਸਖ਼ਤ ਵਿਰੋਧ ਕੀਤਾ ਹੈ। ਮੀਡੀਆ ਨੂੰ ਜਾਰੀ ਕੀਤੇ ਇੱਕ ਬਿਆਨ ਵਿੱਚ, ਸਰਨਾ ਨੇ ਕਿਹਾ ਕਿ ਜਥੇਦਾਰ ਸਾਹਿਬ ਵੱਲੋਂ ਉਠਾਈਆਂ ਗਈਆਂ ਚਿੰਤਾਵਾਂ ਸਿੱਖ ਭਾਈਚਾਰੇ ਦੀ ਸਮੂਹਿਕ ਭਾਵਨਾ ਨੂੰ ਦਰਸਾਉਂਦੀਆਂ ਹਨ ਅਤੇ ਸਾਰੇ ਹਿੱਸੇਦਾਰਾਂ ਦੁਆਰਾ ਇਨ੍ਹਾਂ ਨੂੰ ਬਹੁਤ ਗੰਭੀਰਤਾ ਨਾਲ ਲਿਆ ਜਾਣਾ ਚਾਹੀਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੋਵੇਂ ਸਿੱਖ ਧਾਰਮਿਕ ਮਾਮਲਿਆਂ ਵਿੱਚ ਸਰਵਉੱਚ ਅਤੇ ਕੇਂਦਰੀ ਅਹੁਦੇ ਰੱਖਦੇ ਹਨ, ਅਤੇ ਉਨ੍ਹਾਂ ਦੀ ਸਲਾਹ ਤੋਂ ਬਿਨਾਂ ਭਾਈਚਾਰੇ ਨੂੰ ਪ੍ਰਭਾਵਿਤ ਕਰਨ ਵਾਲੇ ਕਿਸੇ ਵੀ ਵਿਧਾਨਕ ਕਦਮ ਨੂੰ ਜਾਇਜ਼ ਨਹੀਂ ਮੰਨਿਆ ਜਾ ਸਕਦਾ। ਉਨ੍ਹਾਂ ਕਿਹਾ ਕਿ ਜਥੇਦਾਰ ਸਾਹਿਬ ਨੇ ਪਹਿਲਾਂ ਹੀ ਸਰਕਾਰ ਨੂੰ ਕਾਨੂੰਨ ਦੇ ਖਰੜੇ ਨੂੰ ਲਾਗੂ ਕਰਨ ਤੋਂ ਪਹਿਲਾਂ ਇਨ੍ਹਾਂ ਸੰਸਥਾਵਾਂ ਦੇ ਸਾਹਮਣੇ ਰੱਖਣ ਦੀ ਅਪੀਲ ਕੀਤੀ ਸੀ, ਜੋ ਕਿ ਇੱਕ ਅਜਿਹਾ ਕਦਮ ਸੀ ਜੋ ਨਹੀਂ ਚੁੱਕਿਆ ਗਿਆ। ਸਰਕਾਰ ਵਲੋਂ ਪੰਥ ਨਾਲ ਸਿੱਧੇ ਤੌਰ 'ਤੇ ਸਬੰਧਤ ਮਾਮਲਿਆਂ ਵਿੱਚ ਸਥਾਪਿਤ ਸਿੱਖ ਸੰਸਥਾਵਾਂ ਨੂੰ ਨਜ਼ਰਅੰਦਾਜ਼ ਕਰਨਾ ਉਨ੍ਹਾਂ ਦੇ ਇਰਾਦੇ ਅਤੇ ਪ੍ਰਕਿਰਿਆ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ।

ਇਤਿਹਾਸਕ ਵਚਨਬੱਧਤਾਵਾਂ ਦਾ ਹਵਾਲਾ ਦਿੰਦੇ ਹੋਏ, ਸਰਨਾ ਨੇ ਨਹਿਰੂ-ਤਾਰਾ ਸਿੰਘ ਸਮਝੌਤੇ ਦਾ ਹਵਾਲਾ ਦਿੱਤਾ, ਜਿਸ ਦੇ ਤਹਿਤ ਕੇਂਦਰੀ ਲੀਡਰਸ਼ਿਪ ਨੇ ਭਰੋਸਾ ਦਿੱਤਾ ਸੀ ਕਿ ਸਿੱਖ ਧਾਰਮਿਕ ਮਾਮਲੇ ਰਾਜ ਦੇ ਦਖਲ ਤੋਂ ਮੁਕਤ ਰਹਿਣਗੇ ਅਤੇ ਸਿੱਖ ਮਾਮਲਿਆਂ ਬਾਰੇ ਕੋਈ ਵੀ ਕਾਨੂੰਨ ਸ਼੍ਰੋਮਣੀ ਕਮੇਟੀ ਦੀ ਪ੍ਰਵਾਨਗੀ ਤੋਂ ਬਿਨਾਂ ਨਹੀਂ ਬਣਾਇਆ ਜਾਵੇਗਾ। ਸਰਨਾ ਨੇ ਕਿਹਾ ਕੋਈ ਵੀ ਕਦਮ ਜੋ ਇਹਨਾਂ ਸਿਧਾਂਤਾਂ ਨੂੰ ਨਜ਼ਰਅੰਦਾਜ਼ ਕਰਦਾ ਹੈ, ਦੇਸ਼ ਦੇ ਇਤਿਹਾਸ ਦੇ ਇੱਕ ਨਾਜ਼ੁਕ ਪਲ 'ਤੇ ਕੀਤੇ ਗਏ ਗੰਭੀਰ ਵਾਅਦੇ ਤੋਂ ਹਟਣਾ ਦਰਸਾਉਂਦਾ ਹੈ ਅਤੇ ਮੌਜੂਦਾ ਵਿਕਾਸ ਉਸ ਸਮਝ ਦੀ ਉਲੰਘਣਾ ਹੈ। ਸ਼੍ਰੋਮਣੀ ਕਮੇਟੀ, ਗੁਰਦੁਆਰਿਆਂ, ਗ੍ਰੰਥੀਆਂ ਅਤੇ ਨਿੱਜੀ ਨਿਗਰਾਨਾਂ ਨੂੰ ਨਵੇਂ ਕਾਨੂੰਨ ਦੇ ਦਾਇਰੇ ਵਿੱਚ ਲਿਆਉਣ ਵਾਲੇ ਪ੍ਰਬੰਧਾਂ 'ਤੇ ਚਿੰਤਾ ਪ੍ਰਗਟ ਕਰਦੇ ਹੋਏ, ਸਰਨਾ ਨੇ ਇਸ ਕਦਮ ਨੂੰ ਇੱਕ ਅਸਵੀਕਾਰਨਯੋਗ ਕਬਜ਼ਾ ਦੱਸਿਆ। ਉਨ੍ਹਾਂ ਕਿਹਾ ਇਹ ਪ੍ਰਭਾਵਸ਼ਾਲੀ ਢੰਗ ਨਾਲ ਸਿੱਖ ਧਾਰਮਿਕ ਮਾਮਲਿਆਂ ਦੇ ਰਾਜ ਦੇ ਨਿਯਮਨ ਦਾ ਦਰਵਾਜ਼ਾ ਖੋਲ੍ਹਦਾ ਹੈ। ਅਜਿਹੀ ਦਖਲਅੰਦਾਜ਼ੀ ਲੰਬੇ ਸਮੇਂ ਤੋਂ ਚੱਲ ਰਹੇ ਭਰੋਸੇ ਅਤੇ ਸਥਾਪਿਤ ਨਿਯਮਾਂ ਦੇ ਉਲਟ ਹੈ। ਉਨ੍ਹਾਂ ਸਿੱਖ ਸੰਗਠਨਾਂ, ਗੁਰਦੁਆਰਾ ਕਮੇਟੀਆਂ ਅਤੇ ਵਿਸ਼ਾਲ ਭਾਈਚਾਰੇ ਨੂੰ ਇੱਕਜੁੱਟ ਹੋਣ ਅਤੇ ਅਕਾਲ ਤਖ਼ਤ ਵੱਲੋਂ ਜਾਰੀ ਮਾਰਗਦਰਸ਼ਨ ਦੀ ਪਾਲਣਾ ਕਰਨ ਦਾ ਸੱਦਾ ਦਿੱਤਾ। ਆਪਣੇ ਸਮਰਥਨ ਨੂੰ ਦੁਹਰਾਉਂਦੇ ਹੋਏ, ਸਰਨਾ ਨੇ ਸਰਕਾਰ ਨੂੰ ਸਿੱਖ ਸੰਸਥਾਵਾਂ ਨਾਲ ਗੱਲਬਾਤ ਰਾਹੀਂ ਕਾਨੂੰਨ ਨੂੰ ਮੁੜ ਵਿਚਾਰਨ ਦੀ ਅਪੀਲ ਕੀਤੀ। ਸਿੱਖ ਭਾਈਚਾਰੇ ਨਾਲ ਸਬੰਧਤ ਕੋਈ ਵੀ ਢਾਂਚਾ ਸਲਾਹ-ਮਸ਼ਵਰੇ, ਸਤਿਕਾਰ ਅਤੇ ਆਪਸੀ ਸਮਝ ਰਾਹੀਂ ਉਭਰਨਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪਾਵਰ ਕਾਰਪਰੇਸ਼ਨ ਵਿੱਚ ਬਤੌਰ ਲਾਈਨਮੈਨ ਰਿਟਾਇਰ ਹੋਣ ਤੇ ਅਵਤਾਰ ਸਿੰਘ ਸੈਦੋਲੇਹਲ ਨੂੰ ਵਿਦਾਇਗੀ ਪਾਰਟੀ ਦਿੱਤੀ



**ਚੌਕ ਮਹਿਤਾ, 5 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਵਿੱਚ ਲੰਮਾ ਸਮਾਂ ਸੇਵਾਵਾਂ ਨਿਭਾ ਕੇ ਬਤੌਰ ਲਾਈਨਮੈਨ ਰਿਟਾਇਰ ਹੋਣ ਵਾਲੇ ਅਵਤਾਰ ਸਿੰਘ ਸੈਦੋਲੇਹਲ ਨੂੰ ਉਹਨਾਂ ਦੇ ਸਟਾਫ ਅਤੇ ਸਕੇ ਸਬੰਧੀਆਂ ਤੇ ਦੋਸਤਾਂ ਵੱਲੋਂ ਨਿੱਘੀ ਵਿਦਾਇਗੀ ਦਿੰਦਿਆਂ ਉਹਨਾਂ ਨੂੰ ਵੱਖ ਵੱਖ ਤਰਹਾਂ ਦੇ ਉਪਹਾਰ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਅਵਤਾਰ ਸਿੰਘ ਵੱਲੋਂ ਪਾਵਰ ਰਾਜ ਕਾਰਪੋਰੇਸ਼ਨ ਵਿੱਚ ਨਿਭਾਈਆਂ ਹੋਈਆਂ ਬੇਦਾਗ ਸੇਵਾਵਾਂ ਦੀਆਂ ਸਲਾਘਾ ਕੀਤੀਆਂ ਗਈਆਂ, ਅਵਤਾਰ ਸਿੰਘ ਸੈਦੋਲੇਹਲ ਵੱਲੋਂ ਰਿਟਾਇਰਮੈਂਟ ਦੀ ਖੁਸ਼ੀ ਵਿੱਚ ਆਪਣੇ ਗ੍ਰਹਿ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਕਰਵਾਏ ਗਏ ਪਾਠ ਦੇ ਭੋਗ ਪੈਣ ਉਪਰੰਤ ਕੀਰਤਨ ਕਰਵਾਇਆ ਗਿਆ, ਬਾਅਦ ਵਿੱਚ ਵਿਦਾਏਗੀ ਸਮਾਰੋਹ ਹੋਇਆ ਜਿਸ ਵਿੱਚ ਸੰਬੋਧਨ ਕਰਦਿਆਂ ਮੁਲਾਜ਼ਮ ਜਥੇਬੰਦੀ ਟੀਐਸਯੂ ਦੇ ਡਿਵੀਜ਼ਨ ਪ੍ਰਧਾਨ ਬਿਕਰਮਜੀਤ ਸਿੰਘ, ਸਰਕਲ ਪ੍ਰਧਾਨ ਗੁਰਵਿੰਦਰ ਸਿੰਘ ਰੰਧਾਵਾ, ਡਿਵੀਜ਼ਨ ਸਕੱਤਰ ਮਨੋਜ ਕੁਮਾਰ, ਐਸਡੀਓ ਸ੍ਰੀ ਪੰਕਜ, ਜੇਈ ਦਿਲਜੀਤ ਸਿੰਘ ਜੋਸ਼ਨ, ਜੇਈ ਕਾਬਲ ਸਿੰਘ ਬਾਠ, ਹਰਜਿੰਦਰ ਸਿੰਘ ਸੋਨੂ ਮੀਤ ਪ੍ਰਧਾਨ, ਸੁਖਵਿੰਦਰ ਸਿੰਘ ਜੇਈ, ਸ਼ਰਨਜੀਤ ਸਿੰਘ ਜੇਈ, ਸੁਖਮਿੰਦਰ ਸਿੰਘ ਮੀਤ ਪ੍ਰਧਾਨ, ਦਿਲਬਾਗ ਸਿੰਘ ਜੇਈ , ਦਮਨਦੀਪ ਸਿੰਘ ਮੀਤ ਸਕੱਤਰ ਨੇ ਅਵਤਾਰ ਸਿੰਘ ਵੱਲੋਂ ਪਾਵਰ ਕਾਰਪਰਸ਼ਨ ਅਤੇ ਟੀਐਸਯੂ ਵਿੱਚ ਨਿਭਾਈਆਂ ਗਈਆਂ ਸੇਵਾਵਾਂ ਦੀਆਂ ਸਲਾਘਾ ਕਰਦਿਆਂ ਕਿਹਾ ਕਿ ਅਵਤਾਰ ਸਿੰਘ ਵਰਗੇ ਹੋਣਹਾਰ ਮੁਲਾਜ਼ਮਾਂ ਸਦਕਾ ਹੀ ਪਾਵਰ ਕਾਰਪਰੇਸ਼ਨ ਅਤੇ ਜਥੇਬੰਦੀਆਂ ਸਹੀ ਤਰੀਕੇ ਨਾਲ ਕੰਮ ਕਰ ਰਹੀਆਂ ਹਨ ਇਸ ਲਈ ਉਹਨਾਂ ਨੂੰ ਬੜਾ ਮਾਣ ਮਹਿਸੂਸ ਹੋ ਰਿਹਾ ਕਿ ਉਹਨਾਂ ਦਾ ਇੱਕ ਸਾਥੀ ਬੇਦਾਗ ਰਿਟਾਇਰਮੈਂਟ ਹੋ ਕੇ ਆਪਣੇ ਪਰਿਵਾਰ ਦੇ ਨਾਲ ਖੜਾ ਹੈ ਇਸ ਲਈ ਅਸੀਂ ਆਪਣੀ ਜਥੇਬੰਦੀ ਅਤੇ ਸਮੂਹ ਮੁਲਾਜ਼ਮਾਂ ਵੱਲੋਂ ਅਵਤਾਰ ਸਿੰਘ ਨੂੰ ਵਧਾਈ ਦਿੰਨੇ ਆਂ ਅਤੇ ਵਿਸ਼ਵਾਸ ਦਵਾਉਦੇ ਆ ਕਿ ਪਹਿਲਾਂ ਦੀ ਤਰ੍ਹਾਂ ਹੀ ਅਸੀਂ ਉਹਨਾਂ ਦੇ ਨਾਲ ਖੜੇ ਰਹਾਂਗੇ, ਅਵਤਾਰ ਸਿੰਘ ਵੱਲੋਂ ਆਏ ਹੋਏ ਆਪਣੇ ਮੁਲਾਜ਼ਮ ਸਾਥੀਆਂ ਦਾ ਤੇ ਹੋਰ ਆਗੂਆਂ ਦਾ ਧੰਨਵਾਦ ਕੀਤਾ ਗਿਆ।

# ਪੱਲੇਦਾਰ ਯੂਨੀਅਨ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਬਿੱਲਾ ਹਠੂਰ ਅਕਾਲੀ ਦਲ 'ਚ ਸ਼ਾਮਿਲ

### ਅਕਾਲੀ ਦਲ ਨੇ ਵਾਰਡ ਨੰਬਰ 23 ਤੋਂ ਬਿੱਲਾ ਹਠੂਰ ਦੀ ਪਤਨੀ ਨੂੰ ਐਲਾਨਿਆ ਉਮੀਦਵਾਰ





**ਜਗਰਾਉ (ਵਰਿਆਮ ਹਠੂਰ)** -ਸ਼੍ਰੋਮਣੀ ਅਕਾਲੀ ਦਲ ਨੂੰ ਜਗਰਾਉਂ ਵਿੱਚ ਉਸ ਵੇਲੇ ਹੋਰ ਮਜ਼ਬੂਤੀ ਮਿਲੀ ਜਦੋਂ ਪੱਲੇਦਾਰ ਯੂਨੀਅਨ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਬਿੱਲਾ ਹਠੂਰੜ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਕੇ ਨਗਰ ਕੌਂਸਲ ਚੋਣਾਂ ਦਾ ਬਿਗਲ ਵਜਾ ਦਿੱਤਾ। ਇਸ ਮੌਕੇ ਹਲਕਾ ਇੰਚਾਰਜ ਐੱਸ.ਆਰ. ਕਲੇਰ ਨੇ ਅਵਤਾਰ ਸਿੰਘ ਬਿੱਲਾ ਹਠੂਰ (ਜਗਰਾਉਂ) ਵਾਲਿਆਂ ਨੂੰ ਜੀ ਆਇਆਂ ਨੂੰ ਆਖਦਿਆਂ ਪਾਰਟੀ ਵਿੱਚ ਸਵਾਗਤ ਕੀਤਾ, ਉਨ੍ਹਾਂ ਦੀ ਅਗਵਾਈ ਹੇਠ ਹੋਏ ਇਸ ਪ੍ਰੋਗਰਾਮ ਦੌਰਾਨ ਬਿੱਲਾ ਹਠੂਰ ਨੇ ਅਕਾਲੀ ਦਲ ਦੀਆਂ ਨੀਤੀਆਂ ਅਤੇ ਸਿਧਾਂਤਾਂ 'ਤੇ ਭਰੋਸਾ ਜਿਤਾਉਂਦੇ ਹੋਏ ਪਾਰਟੀ ਨਾਲ ਡਟ ਕੇ ਖੜ੍ਹਨ ਦਾ ਭਰੋਸਾ ਦਿੱਤਾ। ਇਸਦੇ ਨਾਲ ਹੀ ਪਾਰਟੀ ਵੱਲੋਂ ਵੱਡਾ ਫੈਸਲਾ ਕਰਦੇ ਹੋਏ ਪ੍ਰਧਾਨ ਅਵਤਾਰ ਸਿੰਘ ਬਿੱਲਾ ਦੀ ਪਤਨੀ ਸੁਖਦੀਪ ਕੌਰ ਧਾਲੀਵਾਲ ਨੂੰ ਵਾਰਡ ਨੰਬਰ 23 ਤੋਂ ਉਮੀਦਵਾਰ ਐਲਾਨਿਆ ਗਿਆ ਹੈ। ਇਸ ਐਲਾਨ ਨਾਲ ਇਲਾਕੇ ਦੀ ਰਾਜਨੀਤੀ ਵਿੱਚ ਨਵੀਂ ਚਰਚਾ ਸ਼ੁਰੂ ਹੋ ਗਈ ਹੈ ਅਤੇ ਅਕਾਲੀ ਦਲ ਨੂੰ ਹੋਰ ਮਜ਼ਬੂਤੀ ਮਿਲਣ ਦੀ ਉਮੀਦ ਜਤਾਈ ਜਾ ਰਹੀ ਹੈ। ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਸ੍ਰੀ ਐੱਸ.ਆਰ. ਕਲੇਰ ਨੇ ਕਿਹਾ ਕਿ ਅਵਤਾਰ ਸਿੰਘ ਬਿੱਲਾ ਹਠੂਰ ਦੇ ਸ਼ਾਮਿਲ ਹੋਣ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਵੱਡਾ ਫਾਇਦਾ ਮਿਲੇਗਾ। ਉਨ੍ਹਾਂ ਕਿਹਾ ਕਿ ਪਾਰਟੀ ਹਮੇਸ਼ਾ ਮਿਹਨਤੀ ਅਤੇ ਲੋਕਾਂ ਨਾਲ ਜੁੜੇ ਹੋਏ ਆਗੂਆਂ ਨੂੰ ਤਰਜੀਹ ਦਿੰਦੀ ਹੈ। ਇਸ ਮੌਕੇ ਐੱਸ.ਜੀ.ਪੀ.ਸੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਆਖਿਆ ਕਿ ਅਵਤਾਰ ਸਿੰਘ ਬਿੱਲਾ ਮਿਹਨਤੀ ਅਤੇ ਇਮਾਨਦਾਰ ਆਗੂ ਹੈ। ਉਨ੍ਹਾਂ ਕਿਹਾ ਕਿ ਬਿੱਲਾ ਦੀ ਆਮਦ ਨਾਲ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਬਲ ਉਤਸ਼ਾਹ ਮਿਲੇਗਾ। ਇਸ ਮੌਕੇ ਬੋਲਦਿਆਂ ਅਵਤਾਰ ਸਿੰਘ ਬਿੱਲਾ ਹਠੂਰ ਨੇ ਕਿਹਾ ਕਿ ਉਹ ਆਪਣੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਦਿਨ-ਰਾਤ ਮਿਹਨਤ ਕਰਨਗੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਨ। ਗੱਲਬਾਤ ਕਰਦਿਆਂ ਮੈਡਮ ਸੁਖਦੀਪ ਕੌਰ ਨੇ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂਆਂ ਨੇ ਉਨ੍ਹਾਂ ਤੇ ਭਰੋਸਾ ਕਰਦਿਆਂ ਉਨ੍ਹਾਂ ਨੂੰ ਚੋਣ ਲੜ੍ਹਨ ਦੇ ਯੋਗ ਸਮਜਿਆ ਅਸੀਂ ਵਿਸਵਾਸ਼ ਦਿਵਾਉਂਦੇ ਹਾਂ ਕਿ ਇਹ ਭਰੋਸੇਯੋਗਤਾ ਹਮੇਸਾਂ ਕਾਇਮ ਰਹੇਗੀ। ਇਸ ਮੌਕੇ ਸਾਬਕਾ ਚੇਅਰਮੈਨ ਸ.ਕਮਲਜੀਤ ਸਿੰਘ ਮੱਲ੍ਹਾ, ਸਾਬਕਾ ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲ ਜਗਰਾਉਂ ਦਵਿੰਦਰਜੀਤ ਸਿੰਘ ਸਿੱਧੂ, ਸੀਨੀਅਰ ਅਕਾਲੀ ਆਗੂ ਦੀਪਇੰਦਰ ਸਿੰਘ ਭੰਡਾਰੀ, ਸੀਨੀਅਰ ਅਕਾਲੀ ਹਰਦੇਵ ਸਿੰਘ ਬੌਬੀ, ਰੂਬੀ ਠੇਕੇਦਾਰ, ਮਨਜੀਤ ਸਿੰਘ ਫੌਜੀ, ਜੋਨਸਨ, ਡਾਇਰੈਕਟਰ ਬਲਜੀਤ ਸਿੰਘ ਹਠੂਰ, ਪਰਦੀਪ ਅਖਾੜਾ ਤੇ ਹੋਰ ਵਾਰਡ ਵਾਸੀ ਹਾਜ਼ਰ ਸਨ।

### ਐਮ.ਆਰ.ਐਸ.ਪੀ.ਟੀ.ਯੂ. ਵਿਖੇ

# ਪ੍ਰਿੰਸੀਪਲਾਂ ਦੇ ਸੰਮੇਲਨ ਦਾ ਆਯੋਜਨ






ਬਠਿੰਡਾ, 05 ਮਈ (ਗੁਰਜੰਟ ਸਿੰਘ ਨਥੇਹਾ)- ਸਕੂਲ ਸਿੱਖਿਆ ਅਤੇ ਉੱਚ ਸਿੱਖਿਆ ਵਿਚਕਾਰ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਇੱਕ ਅਗਾਂਹਵਧੂ ਕਦਮ ਵਜੋਂ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮ.ਆਰ.ਐਸ.ਪੀ.ਟੀ.ਯੂ.), ਬਠਿੰਡਾ ਵੱਲੋਂ ਆਪਣੇ ਆਡੀਟੋਰੀਅਮ ਵਿਖੇ ਸਰਕਾਰੀ ਅਤੇ ਨਿੱਜੀ ਸੀਨੀਅਰ ਸੈਕੰਡਰੀ ਸਕੂਲ ਪ੍ਰਿੰਸੀਪਲਾਂ ਦੇ ਇੱਕ ਸੰਮੇਲਨ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਸੰਮੇਲਨ ਦਾ ਵਿਸ਼ਾ ਸੀ "ਸਕੂਲ ਸਿੱਖਿਆ ਤੋਂ ਉੱਚ ਸਿੱਖਿਆ ਤੱਕ ਮਜ਼ਬੂਤ ਰਸਤੇ ਬਣਾਉਣਾ (ਬੁਨਿਆਦ ਤੋਂ ਭਵਿੱਖ ਤੱਕ)।" ਇਸ ਸਮਾਗਮ ਨੇ ਅਧਿਆਪਕਾਂ ਨੂੰ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨ ਅਤੇ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਵਿੱਚ ਤਬਦੀਲੀ ਲਈ ਬਿਹਤਰ ਢੰਗ ਨਾਲ ਤਿਆਰ ਕਰਨ ਦੇ ਵਿਹਾਰਕ ਤਰੀਕਿਆਂ ਦੀ ਪੜਚੋਲ ਕਰਨ ਲਈ ਸਾਂਝਾ ਪਲੇਟਫਾਰਮ ਪ੍ਰਦਾਨ ਕੀਤਾ ਗਿਆ। ਮੁੱਖ ਮਹਿਮਾਨ ਵਜੋਂ ਜ਼ਿਲ੍ਹਾ ਸਿੱਖਿਆ ਅਧਿਕਾਰੀ, ਸ਼੍ਰੀਮਤੀ ਮਮਤਾ ਖੁਰਾਨਾ ਨੇ ਇਸ ਮੌਕੇ 'ਤੇ ਸ਼ਿਰਕਤ ਕੀਤੀ। ਭਾਗ ਲੈਣ ਵਾਲਿਆਂ ਦਾ ਸਵਾਗਤ ਕਰਦੇ ਹੋਏ, ਵਾਈਸ ਚਾਂਸਲਰ ਪ੍ਰੋ. ਸੰਜੀਵ ਕੁਮਾਰ ਸ਼ਰਮਾ ਨੇ ਸੰਮੇਲਨ ਦੇ ਮੁੱਖ ਉਦੇਸ਼ 'ਤੇ ਚਾਨਣਾ ਪਾਇਆ। ਸਕੂਲਾਂ ਅਤੇ ਯੂਨੀਵਰਸਿਟੀ ਵਿਚਕਾਰ ਆਪਸੀ ਸਮਝ ਨੂੰ ਉਤਸ਼ਾਹਿਤ ਕਰਨਾ, ਅਤੇ ਅਕਾਦਮਿਕ ਤਬਦੀਲੀਆਂ ਨੂੰ ਮਜ਼ਬੂਤ ਕਰਨ ਲਈ ਦੋਵਾਂ ਪਾਸਿਆਂ ਤੋਂ ਉਮੀਦਾਂ ਦੀ ਪੜਚੋਲ ਕਰਨਾ। ਉਨ੍ਹਾਂ ਅੱਗੇ ਜ਼ੋਰ ਦਿੱਤਾ ਕਿ ਯੂਨੀਵਰਸਿਟੀਆਂ ਨੂੰ ਸਕੂਲਾਂ ਦੇ ਸਹਿਯੋਗ ਨਾਲ ਵਿਦਿਆਰਥੀਆਂ ਲਈ ਭਵਿੱਖ ਲਈ ਤਿਆਰ ਰਸਤੇ ਸਰਗਰਮੀ ਨਾਲ ਸਲਾਹ, ਮਾਰਗਦਰਸ਼ਨ ਅਤੇ ਸਹਿ ਸਿਰਜਣਾ ਲਈ ਰਵਾਇਤੀ ਭੂਮਿਕਾਵਾਂ ਤੋਂ ਪਰੇ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਪਲੇਟਫਾਰਮ ਵਿਕਸਤ ਹੋ ਰਹੀਆਂ ਉਦਯੋਗਿਕ ਮੰਗਾਂ ਦੇ ਨਾਲ ਪਾਠਕ੍ਰਮ ਨੂੰ ਇਕਸਾਰ ਕਰਨ ਅਤੇ ਵਿਦਿਆਰਥੀਆਂ ਵਿੱਚ ਨਵੀਨਤਾ, ਆਲੋਚਨਾਤਮਕ ਸੋਚ ਅਤੇ ਜੀਵਨ ਭਰ ਸਿੱਖਣ ਨੂੰ ਉਤਸ਼ਾਹਿਤ ਕਰਨ ਲਈ ਮਹੱਤਵਪੂਰਨ ਹਨ। ਡਾ. ਰਾਜੇਸ਼ ਗੁਪਤਾ, ਕਾਰਪੋਰੇਟ ਰਿਸੋਰਸ ਸੈਂਟਰ ਦੇ ਮੁਖੀ ਅਤੇ ਪ੍ਰੋਗਰਾਮ ਕੋਆਰਡੀਨੇਟਰ, ਨੇ ਯੂਨੀਵਰਸਿਟੀ ਦੀ ਜਾਣ-ਪਛਾਣ ਕਰਵਾਈ ਅਤੇ ਇਸਦੇ ਬੁਨਿਆਦੀ ਢਾਂਚੇ, ਅਕਾਦਮਿਕ ਪ੍ਰੋਗਰਾਮਾਂ ਅਤੇ ਵਿਦਿਆਰਥੀ ਸਹੂਲਤਾਂ ਦੀ ਰੂਪਰੇਖਾ ਦਿੰਦੇ ਹੋਏ ਇੱਕ ਪ੍ਰੇਰਣਾਦਾਇਕ ਭਾਸ਼ਣ ਦਿੱਤਾ ਆਪਣੇ ਮੁੱਖ ਭਾਸ਼ਣ ਵਿੱਚ, ਸ਼੍ਰੀਮਤੀ ਮਮਤਾ ਖੁਰਾਨਾ ਨੇ ਵਿਦਿਆਰਥੀਆਂ ਦੀ ਊਰਜਾ ਨੂੰ ਚੈਨਲਾਈਜ਼ ਕਰਨ ਅਤੇ ਸਕੂਲ ਅਤੇ ਉੱਚ ਸਿੱਖਿਆ ਵਿਚਕਾਰ ਪਾੜੇ ਨੂੰ ਪੂਰਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਵਿੱਚ ਅਥਾਹ ਸੰਭਾਵਨਾਵਾਂ ਹਨ, ਅਤੇ ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਉਨ੍ਹਾਂ ਨੂੰ ਦਿਸ਼ਾ ਅਤੇ ਉਦੇਸ਼ ਪ੍ਰਦਾਨ ਕਰਨ ਵਿੱਚ ਮਦਦ ਕਰਦੀਆਂ ਹਨ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਉੱਚ ਸਿੱਖਿਆ ਸੰਸਥਾਵਾਂ ਵਿਚਕਾਰ ਮਜ਼ਬੂਤ ਸਬੰਧਾਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ, "ਮੈਂ ਕੌਣ ਹਾਂ, ਮੈਂ ਕੀ ਹਾਂ, ਅਤੇ ਮੈਨੂੰ ਕੀ ਕਰਨਾ ਚਾਹੀਦਾ ਹੈ ?" ਦੇ ਵਿਚਾਰ ਨਾਲ ਸਵੈ-ਪ੍ਰਤੀਬਿੰਬ ਨੂੰ ਉਤਸ਼ਾਹਿਤ ਕਰਦੇ ਹੋਏ ਇੱਕ ਮਾਰਗਦਰਸ਼ਕ ਜੀਵਨ ਦਰਸ਼ਨ ਵਜੋਂ ਅਪਨਾਉਣਾ ਹੈ। ਉਨ੍ਹਾਂ ਅੱਗੇ ਜ਼ੋਰ ਦਿੱਤਾ ਕਿ ਇੱਕ ਸਕਾਰਾਤਮਕ ਅਤੇ ਊਰਜਾਵਾਨ ਮਾਨਸਿਕਤਾ ਵਿਦਿਆਰਥੀਆਂ ਨੂੰ ਸਹੀ ਰਸਤੇ ਵੱਲ ਸੇਧਿਤ ਕਰ ਸਕਦੀ ਹੈ, ਇਹ ਵੀ ਕਿਹਾ ਕਿ ਸਿੱਖਿਆ ਨੂੰ ਕਦਰਾਂ-ਕੀਮਤਾਂ, ਸਮਾਜਿਕ ਜ਼ਿੰਮੇਵਾਰੀ ਅਤੇ ਸਮਾਜ ਵਿੱਚ ਯੋਗਦਾਨ ਪਾਉਣ ਦੀ ਭਾਵਨਾ ਪੈਦਾ ਕਰਨੀ ਚਾਹੀਦੀ ਹੈ। ਐਮ.ਆਰ.ਐਸ.ਪੀ.ਟੀ.ਯੂ. ਦੇ ਡਾਇਰੈਕਟਰ, ਇੰਟਰਨਲ ਕੁਆਲਿਟੀ ਅਸ਼ੋਰੈਂਸ ਸੈੱਲ, ਪ੍ਰੋ. ਆਸ਼ੀਸ਼ ਬਾਲਦੀ ਦੁਆਰਾ ਸੰਚਾਲਿਤ ਇੱਕ ਪੈਨਲ ਚਰਚਾ ਮੁੱਖ ਭਾਸ਼ਣ ਤੋਂ ਬਾਅਦ ਹੋਈ। ਪੈਨਲ ਵਿੱਚ ਸ਼੍ਰੀਮਤੀ ਮਮਤਾ ਖੁਰਾਨਾ; ਐਮ.ਆਰ.ਐਸ.ਪੀ.ਟੀ.ਯੂ. ਦੇ ਐਸੋਸੀਏਟ ਡੀਨ ਡਾ. ਅਮਿਤ ਭਾਟੀਆ; ਡਾ. ਰਾਜੇਸ਼ ਗੁਪਤਾ; ਸ਼੍ਰੀ ਮਨਦੀਪ ਮਾਲਰਾ (ਰਾਸ਼ਟਰੀ ਪ੍ਰਧਾਨ ਆਲ ਇੰਡੀਆ ਸਕੂਲ ਐਸੋਸੀਏਸ਼ਨ); ਸ਼੍ਰੀਮਤੀ ਅੰਜੂ ਨਾਗਪਾਲ (ਸਿੱਖਿਆਵਾਦੀ ਅਤੇ ਸੀ.ਬੀ.ਐਸ.ਈ. ਰਿਸੋਰਸ ਪਰਸਨ); ਅਤੇ ਪ੍ਰਿੰਸੀਪਲ ਸਰਕਾਰੀ ਸਕੂਲ ਮੱਤਾ(ਫਰੀਦਕੋਟ) ਸ਼੍ਰੀ ਗੁਰਦਰਸ਼ਨ ਸਿੰਘ ਸ਼ਾਮਲ ਸਨ। ਚਰਚਾ ਦੇ ਮੁੱਖ ਵਿਸ਼ਿਆਂ ਵਿੱਚ ਸਕੂਲ-ਯੂਨੀਵਰਸਿਟੀ ਤਾਲਮੇਲ ਨੂੰ ਮਜ਼ਬੂਤ ਕਰਨਾ, ਹੁਨਰ ਵਿਕਾਸ, ਉੱਦਮਤਾ, ਰਾਸ਼ਟਰੀ ਸਿੱਖਿਆ ਨੀਤੀ ਨੂੰ ਲਾਗੂ ਕਰਨਾ, ਨੈਤਿਕ ਕਦਰਾਂ-ਕੀਮਤਾਂ, ਚਰਿੱਤਰ ਨਿਰਮਾਣ, ਅਤੇ ਪ੍ਰਭਾਵਸ਼ਾਲੀ ਕਰੀਅਰ ਮਾਰਗਦਰਸ਼ਨ ਅਤੇ ਮਾਰਗ ਪ੍ਰਣਾਲੀਆਂ ਦੀ ਸਥਾਪਨਾ ਸ਼ਾਮਲ ਸੀ। ਇਸ ਸਮਾਗਮ ਦਾ ਸਮਾਪਨ ਵਾਈਸ ਚਾਂਸਲਰ ਪ੍ਰੋ. ਸ਼ਰਮਾ ਦੁਆਰਾ ਮੁੱਖ ਮਹਿਮਾਨ ਅਤੇ ਭਾਗ ਲੈਣ ਵਾਲੇ ਪ੍ਰਿੰਸੀਪਲਾਂ ਦਾ ਸਨਮਾਨ ਕਰਨ ਨਾਲ ਹੋਇਆ। ਰਜਿਸਟਰਾਰ ਡਾ. ਗੁਰਿੰਦਰ ਪਾਲ ਸਿੰਘ ਬਰਾੜ ਨੇ ਧੰਨਵਾਦ ਮਤਾ ਪੇਸ਼ ਕੀਤਾ। ਉਹਨਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਅਜਿਹੀਆਂ ਪਹਿਲਕਦਮੀਆਂ ਵਿਦਿਆਰਥੀਆਂ ਦੀ ਵਿਦਿਅਕ ਨੀਂਹ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਉਣਗੀਆਂ। ਇਸ ਮੌਕੇ ਕੈਂਪਸ ਡਾਇਰੈਕਟਰ ਪ੍ਰੋ. ਸਰਬਜੀਤ ਕੌਰ ਬਾਠ, ਡੀਨ, ਡਾਇਰੈਕਟਰ ਅਤੇ ਫੈਕਲਟੀ ਵੀ ਮੌਜੂਦ ਸਨ। ਡਾ. ਹਰਅਮ੍ਰਿਤਪਾਲ ਸਿੰਘ ਸਿੱਧੂ, ਡਾ. ਗਗਨਦੀਪ ਸਿੰਘ ਸੋਢੀ ਅਤੇ ਡਾ. ਸੁਖਜਿੰਦਰ ਸਿੰਘ ਨੇ ਸਮਾਗਮ ਦੇ ਆਯੋਜਨ ਵਿੱਚ ਮੁੱਖ ਭੂਮਿਕਾ ਨਿਭਾਈ। ਪ੍ਰੋਗਰਾਮ ਦਾ ਸੰਚਾਲਨ ਸ਼੍ਰੀਮਤੀ ਅਨੁਮੀਤ ਦੁਆਰਾ ਸੁਚਾਰੂ ਢੰਗ ਨਾਲ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਚਰਨ ਸਿੰਘ ਨਾਹਰ ਨੂੰ ਵੱਡੀ ਜਿੰਮੇਵਾਰੀ ਦਿੰਦਿਆਂ ਪੰਜਾਬ ਕਾਂਗਰਸ ਐਸ.ਸੀ ਵਿੰਗ ਦੇ ਸੂਬਾ ਵਾਈਸ ਚੇਅਰਮੈਨ ਨਿਯੁਕਤ



ਫ਼ਿਰੋਜ਼ਪੁਰ, 05 ਮਈ (ਮਨੋਹਰ ਲਾਲ) :— ਆਲ ਇੰਡੀਆ ਕਾਂਗਰਸ ਕਮੇਟੀ ਦੇ ਐਸ.ਸੀ. ਵਿਭਾਗ ਵੱਲੋਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵਿੱਚ ਜਥੇਬੰਦਕ ਫੇਰਬਦਲ ਕਰਦਿਆਂ ਨਵੀਆਂ ਨਿਯੁਕਤੀਆਂ ਦਾ ਐਲਾਨ ਕੀਤਾ ਗਿਆ ਹੈ। ਇਸ ਤਹਿਤ ਫਿਰੋਜ਼ਪੁਰ ਦੇ ਸੀਨੀਅਰ ਕਾਂਗਰਸੀ ਆਗੂ ਅਤੇ ਜ਼ਿਲ੍ਹਾ ਪ੍ਰਧਾਨ ਗੁਰਚਰਨ ਸਿੰਘ ਨਾਹਰ ਦੀਆਂ ਪਾਰਟੀ ਪ੍ਰਤੀ ਵਫ਼ਾਦਾਰੀ ਅਤੇ ਲੰਬੇ ਸਮੇਂ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਐਸ.ਸੀ. ਵਿਭਾਗ ਦਾ ਵਾਈਸ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਪਾਰਟੀ ਦੇ ਕੌਮੀ ਚੇਅਰਮੈਨ ਵੱਲੋਂ ਜਾਰੀ ਕੀਤੇ ਗਏ ਇਸ ਨਿਯੁਕਤੀ ਪੱਤਰ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਇਹ ਨਿਯੁਕਤੀਆਂ ਤੁਰੰਤ ਪ੍ਰਭਾਵ ਨਾਲ ਲਾਗੂ ਹੋਣਗੀਆਂ। ਦਸਣਯੋਗ ਹੈ ਕਿ ਸ: ਗੁਰਚਰਨ ਸਿੰਘ ਨਾਹਰ ਦੀ ਇਸ ਨਿਯੁਕਤੀ ਨਾਲ ਫਿਰੋਜ਼ਪੁਰ ਜ਼ਿਲ੍ਹੇ ਦੇ ਕਾਂਗਰਸੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਪਾਰਟੀ ਹਾਈਕਮਾਂਡ ਦਾ ਮੰਨਣਾ ਹੈ ਕਿ ਨਾਹਰ ਦੀ ਅਗਵਾਈ ਵਿੱਚ ਐਸ.ਸੀ. ਵਿੰਗ ਪੰਜਾਬ ਭਰ ਵਿੱਚ ਹੋਰ ਮਜ਼ਬੂਤ ਹੋਵੇਗਾ ਅਤੇ ਦਲਿਤ ਭਾਈਚਾਰੇ ਦੀਆਂ ਮੁਸ਼ਿਕਲਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚੁੱਕਿਆ ਜਾਵੇਗਾ। ਇਸ ਮੌਕੇ ਸ: ਗੁਰਚਰਨ ਸਿੰਘ ਨਾਹਰ ਨੇ ਪਾਰਟੀ ਹਾਈਕਮਾਂਡ, ਸੂਬਾ ਲੀਡਰਸ਼ਿਪ ਅਤੇ ਐਸ.ਸੀ. ਵਿਭਾਗ ਦੇ ਮੁਖੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਨੂੰ ਸੌਂਪੀ ਗਈ ਇਸ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਮਕਸਦ ਪਾਰਟੀ ਦੀਆਂ ਨੀਤੀਆਂ ਨੂੰ ਘਰ—ਘਰ ਪਹੁੰਚਾਉਣਾ ਅਤੇ ਪੱਛੜੇ ਵਰਗਾਂ ਦੇ ਹੱਕਾਂ ਲਈ ਲੜਨਾ ਹੋਵੇਗਾ। ਇਸ ਨਿਯੁਕਤੀ ਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਵੱਖ—ਵੱਖ ਕਾਂਗਰਸੀ ਆਗੂਆਂ ਅਤੇ ਸਮਰਥਕਾਂ ਵੱਲੋਂ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਸਥਾਨਕ ਆਗੂਆਂ ਦਾ ਕਹਿਣਾ ਹੈ ਕਿ ਸ: ਗੁਰਚਰਨ ਸਿੰਘ ਨਾਹਰ ਇੱਕ ਮਿਹਨਤੀ ਅਤੇ ਜ਼ਮੀਨੀ ਪੱਧਰ ਦੇ ਆਗੂ ਹਨ, ਜਿਨ੍ਹਾਂ ਦੇ ਵਾਈਸ ਚੇਅਰਮੈਨ ਬਣਨ ਨਾਲ ਪੰਜਾਬ ਵਿੱਚ ਕਾਂਗਰਸ ਪਾਰਟੀ ਹੋਰ ਮਜ਼ਬੂਤ ਹੋਵੇਗੀ। ਇਸ ਮੌਕੇ ਰਜਿੰਦਰਾ ਪਾਲ ਗੌਤਮ ਨੈਸ਼ਨਲ ਚੇਅਰਮੈਨ ਐਸ.ਸੀ ਡਿਪਾਰਟਮੈਂਟ ਆਲ ਇੰਡੀਆ ਕਾਂਗਰਸ ਕਮੇਟੀ, ਭੁਪੇਸ਼ ਬਘੇਲ ਏ.ਆਈ.ਸੀ.ਸੀ ਦੇ ਜਨਰਲ ਸਕੱਤਰ ਆਈ.ਸੀ ਪੰਜਾਬ, ਪ੍ਰਤਾਪ ਸਿੰਘ ਬਾਜਵਾ ਸੀ.ਐਲ.ਪੀ ਆਗੂ ਪੰਜਾਬ, ਕੇ. ਰਾਜੂ ਰਾਸ਼ਟਰੀ ਕੋਆਰਡੀਨੇਟਰ ਏ.ਆਈ.ਸੀ.ਸੀ ਸੁਤੰਤਰ ਚਾਰਜ ਐਸ.ਸੀ, ਐਸ.ਟੀ, ਓ.ਬੀ.ਸੀ ਅਤੇ ਘੱਟ ਗਿਣਤੀ ਵਿਭਾਗ, ਸੁਧੀਰ ਚੌਧਰੀ ਰਾਸ਼ਟਰੀ ਕੋਆਰਡੀਨੇਟਰ ਸੁਤੰਤਰ ਚਾਰਜ ਪੰਜਾਬ, ਅਨੁਸੂਚਿਤ ਜਾਤੀ ਵਿਭਾਗ ਏ.ਆਈ.ਸੀ.ਸੀ, ਗੁਰਪ੍ਰੀਤ ਸਿੰਘ ਲੱਕੀ ਪੱਖੋਕੇ ਚੇਅਰਮੈਨ ਐਸ.ਸੀ ਵਿਭਾਗ ਪੰਜਾਬ ਪ੍ਰਧਾਨ ਜੀ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਮੈਨੂੰ ਮਾਨ—ਸਨਮਾਨ ਦਿੱਤਾ।

# ਬੰਗੀ ਦੀਪਾ 'ਚ 54.75 ਲੱਖ ਦੀ ਲਾਗਤ ਨਾਲ ਬਣੇ ਖੇਡ ਮੈਦਾਨ ਦਾ ਪ੍ਰੋ. ਬਲਜਿੰਦਰ ਕੌਰ ਵੱਲੋਂ ਕੀਤਾ ਉਦਘਾਟਨ



**ਤਲਵੰਡੀ ਸਾਬੋ, 5 ਮਈ (ਗੁਰਜੰਟ ਸਿੰਘ ਨਥੇਹਾ)**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਨਸ਼ਿਆਂ ਖਿਲਾਫ ਚਲਾਏ ਗਏ "ਯੁੱਧ ਨਸ਼ਿਆਂ ਵਿਰੁੱਧ" ਤਹਿਤ ਸੂਬੇ ਭਰ ਵਿਚ 3100 ਨਵੇਂ ਖੇਡ ਮੈਦਾਨ ਪੇਂਡੂ ਖੇਤਰਾਂ 'ਚ ਲੋਕ ਅਰਪਣ ਕੀਤੇ ਜਾ ਰਹੇ ਹਨ। ਮੁੱਖ ਮੰਤਰੀ ਪੰਜਾਬ ਵੱਲੋਂ ਅੱਜ ਮੋਹਾਲੀ ਵਿਖੇ ਇਸ ਦੀ ਸ਼ੁਰੂਆਤ ਕੀਤੀ ਗਈ, ਜਦਕਿ ਜ਼ਿਲ੍ਹਾ ਬਠਿੰਡਾ ਦੇ ਪਿੰਡ ਬੰਗੀ ਦੀਪਾ ਸਿੰਘ ਦਾ ਖੇਡ ਮੈਦਾਨ ਲੋਕ ਸਮਰਪਤ ਕੀਤਾ ਗਿਆ। ਇਸ ਖੇਡ ਮੈਦਾਨ ਦਾ ਉਦਘਾਟਨ ਤਲਵੰਡੀ ਸਾਬੋ ਹਲਕਾ ਵਿਧਾਇਕਾ ਤੇ ਚੀਫ਼ ਵਿਪ ਪ੍ਰੋ. ਬਲਜਿੰਦਰ ਕੌਰ ਵਲੋਂ ਕੀਤਾ ਗਿਆ। ਇਸ ਮੌਕੇ ਬੋਲਦਿਆਂ ਪ੍ਰੋ. ਬਲਜਿੰਦਰ ਕੌਰ ਨੇ ਦੱਸਿਆ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਪੰਜਾਬ ਦੇ ਪਿੰਡਾਂ ਵਿਚ ਆਪ ਸਰਕਾਰ ਵੱਲੋਂ 3100 ਖੇਡ ਮੈਦਾਨ ਬਣਾਏ ਜਾ ਰਹੇ ਹਨ ਇਸੇ ਲੜੀ ਦੇ ਤਹਿਤ ਪਿੰਡ ਬੰਗੀ ਦੀਪਾ ਸਿੰਘ ਦਾ ਖੇਡ ਮੈਦਾਨ ਲਗਭਗ 54.75 ਲੱਖ ਲਾਗਤ ਨਾਲ ਤਿਆਰ ਕੀਤਾ ਗਿਆ ਹੈ, ਜਿਸ ਦਾ ਉਦਘਾਟਨ ਕੀਤਾ ਜਾ ਚੁੱਕਿਆ ਹੈ। ਉਹਨਾਂ ਅੱਗੇ ਕਿਹਾ ਕਿ ਇਨ੍ਹਾਂ ਖੇਡ ਮੈਦਾਨਾਂ ਨੂੰ ਲੰਬੇ ਸਮੇਂ ਤੱਕ ਟਿਕਾਊ ਬਣਾਏ ਰੱਖਣ ਲਈ, ਸਰਕਾਰ ਵੱਲੋਂ ਹਰ ਮੈਦਾਨ ਸਬੰਧੀ ਸਥਾਨਕ "ਪਿੰਡ ਖੇਡ ਅਤੇ ਫਿਟਨੈੱਸ ਕਮੇਟੀ" ਬਣਾਉਣ ਦੇ ਹੁਕਮ ਦਿੱਤੇ ਗਏ ਹਨ। ਇਸ ਕਮੇਟੀ ਵਿੱਚ ਪਿੰਡ ਦਾ ਸਰਪੰਚ, ਯੂਥ ਕਲੱਬ ਪ੍ਰਧਾਨ ਅਤੇ ਹੋਰ ਸਥਾਨਕ ਨੁਮਾਇੰਦੇ ਸ਼ਾਮਲ ਹੋਣਗੇ, ਜੋ ਸੰਭਾਲ ਅਤੇ ਰੱਖ-ਰਖਾਵ ਦੀ ਦੇਖਭਾਲ ਕਰਨਗੇ। ਹਰ ਖੇਡ ਮੈਦਾਨ ਲਈ ਸਾਲਾਨਾ 1,00,000 ਦੀ ਰੱਖ-ਰਖਾਵ ਰਕਮ ਨਿਰਧਾਰਤ ਕੀਤੀ ਗਈ ਹੈ, ਜਿਸ ਵਿੱਚੋਂ 50,000 ਗ੍ਰਾਮ ਪੰਚਾਇਤ ਅਤੇ 50,000 ਪੰਜਾਬ ਸਰਕਾਰ ਵੱਲੋਂ ਦਿੱਤੇ ਜਾਣਗੇ। ਮਾਡਲ ਖੇਡ ਮੈਦਾਨਾਂ 'ਚ ਬੁਨਿਆਦੀ ਢਾਂਚੇ ਦੇ ਨਾਲ ਆਧੁਨਿਕ ਖੇਡ ਸਹੂਲਤਾਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਹਰ ਸਥਾਨ 'ਤੇ ਚੇਨ-ਲਿੰਕ ਫੈਂਸਿੰਗ, ਵ੍ਹੀਲਚੇਅਰ ਰੈਂਪ ਨਾਲ ਸੁਵਿਧਾਜਨਕ ਟਾਇਲਟ, ਕੰਕਰੀਟ ਬੈਂਚ ਅਤੇ ਖੇਡ ਸਾਮਾਨ ਰੱਖਣ ਲਈ ਵੱਖਰੇ ਸਟੋਰ ਰੂਮ ਉਪਲੱਬਧ ਹਨ। ਉਹਨਾਂ ਦੱਸਿਆ ਕਿ ਹਰ ਮੈਦਾਨ ਵਿੱਚ ਵਾਲੀਬਾਲ, ਫੁੱਟਬਾਲ, ਹਾਕੀ ਅਤੇ ਪਿੰਡ ਦੀ ਪਸੰਦ ਮੁਤਾਬਕ ਇਕ ਹੋਰ ਖੇਡ ਲਈ ਕੋਰਟ ਬਣਾਏ ਗਏ ਹਨ, ਜਿਨ੍ਹਾਂ ਨੂੰ ਉੱਚ-ਗੁਣਵੱਤਾ ਵਾਲੀ ਹਰੀ ਘਾਹ ਨਾਲ ਸੰਭਾਲਿਆ ਗਿਆ ਹੈ। ਵਾਤਾਵਰਣ ਅਤੇ ਰੱਖ-ਰਖਾਵ ਨੂੰ ਵੀ ਇਸ ਯੋਜਨਾ ਵਿੱਚ ਖਾਸ ਤੌਰ 'ਤੇ ਧਿਆਨ ਵਿੱਚ ਰੱਖਿਆ ਗਿਆ ਹੈ। ਬਾਊਂਡਰੀ ਫੈਂਸ ਦੇ ਨਾਲ ਦੋ ਪੱਧਰੀ ਰੁੱਖ ਲਗਾਏ ਜਾਣਗੇ, ਜੋ ਵਾਕਿੰਗ ਟਰੈਕ ਲਈ ਛਾਂ ਪ੍ਰਦਾਨ ਕਰਨਗੇ, ਜਦਕਿ ਪਿੰਡ ਖੇਡ ਅਤੇ ਫਿਟਨੈੱਸ ਕਮੇਟੀ ਲਗਾਤਾਰ ਦੇਖਭਾਲ ਯਕੀਨੀ ਬਣਾਏਗੀ। ਇਸ ਮੌਕੇ ਸਮੁੱਚੀ ਪੰਚਾਇਤ, ਆਪ ਵਰਕਰ ਨੌਜਵਾਨ ਅਤੇ ਪਿੰਡ ਵਾਸੀਆਂ ਦੇ ਨਾਲ ਆਪ ਮੌਜੂਦ ਸਨ।

# ਵੱਡੇ-ਵੱਡੇ ਵਾਅਦੇ ਤੇ ਦਾਅਵੇ ਕਰਨ ਵਾਲੀ ਪੰਜਾਬ ਸਰਕਾਰ ਹੋਈ ਫੇਲ



ਫ਼ਿਰੋਜ਼ਪੁਰ, 05 ਮਈ (ਮਨੋਹਰ ਲਾਲ) :— ਕਿੱਡੀ ਅਜੀਬ ਗੱਲ ਹੈ ਕਿ ਪੰਜਾਬ ਸਰਕਾਰ ਆਪਣੇ ਮੁਲਾਜ਼ਮਾਂ ਨੂੰ ਪੈਨਸ਼ਨ ਦੇਣ ਤੋਂ ਵੀ ਅਸਮਰਥ ਹੁੰਦੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੀ.ਡੀ ਸ਼ਰਮਾ ਜ਼ਿਲ੍ਹਾ ਪ੍ਰਧਾਨ ਸੀਨੀਅਰ ਸਿਟੀਜਨ ਕੌਂਸਲ ਨੇ ਕਿਹਾ ਕਿ ਇਸ ਤੋਂ ਪਹਿਲਾਂ ਕਿ ਪੈਨਸ਼ਨਰ ਤੇ ਕਰਮਚਾਰੀ ਸੜਕਾਂ ਤੇ ਉਤਰਣ ਸਰਕਾਰ ਨੂੰ ਪੈਨਸ਼ਨਾਂ ਤੇ ਤਨਖਾਹਾਂ ਦੇਣ ਦਾ ਪ੍ਰਬੰਧ ਕਰਨਾ ਚਾਹੀਦਾ ਹੈ ਤਾਂ ਜੋ ਰਾਜ ਦਾ ਮਾਹੌਲ ਖਰਾਬ ਨਾ ਹੋਵੇ ।

ਉਨ੍ਹਾਂ ਕਿਹਾ ਕਿ ਭਾਵੇਂ ਸਰਕਾਰਾਂ ਵੱਲੋਂ ਸਾਲ 2004 ਤੋਂ ਪਿੱਛੋਂ ਭਰਤੀ ਹੋਏ ਕਰਮਚਾਰੀਆਂ ਦੇ ਸੇਵਾ ਮੁਕਤ ਹੋਣ ਤੋਂ ਪਿੱਛੋਂ ਪੈਨਸ਼ਨ ਦਾ ਹੱਕ ਖੋ ਲਿਆ ਹੈ ਜਿਸ ਨੂੰ ਲੈ ਕੇ ਭਾਰਤ ਸਰਕਾਰ ਅਤੇ ਰਾਜ ਸਰਕਾਰਾ ਕਰਮਚਾਰੀ ਜੱਥੇਬੰਦੀਆਂ ਅਦਾਲਤਾਂ ਦਾ ਰੁਖ਼ ਕਰ ਚੁੱਕੀਆਂ ਹਨ। ਮਾਨਯੋਗ ਅਦਾਲਤਾਂ ਵੱਲੋਂ ਬੜਾ ਸਪੱਸ਼ਟ ਕਿਹਾ ਗਿਆ ਹੈ ਕਿ ਪੈਨਸ਼ਨ ਸੇਵਾ ਮੁਕਤ ਕਰਮਚਾਰੀ ਦਾ ਹੱਕ ਹੈ ਕੋਈ ਖਰੈਤ ਨਹੀਂ, ਇਸ ਲਈ ਪੈਨਸ਼ਨ ਹਰ ਰਿਟਾਇਰ ਹੋਏ ਕਰਮਚਾਰੀ ਨੂੰ ਮਿਲਣੀ ਚਾਹੀਦੀ ਹੈ। ਇਸ ਸਬੰਧੀ ਭਾਵੇਂ ਮਾਨਯੋਗ ਅਦਾਲਤਾਂ ਵੱਲੋਂ ਇਹ ਫੈਸਲਾ ਸੁਣਾ ਦਿੱਤਾ ਗਿਆ ਹੈ ਫਿਰ ਵੀ ਸਰਕਾਰਾਂ ਇਸ ਗੱਲ ਤੇ ਛੇਤੀ ਨਾਲ ਆਉਣ ਨੂੰ ਤਿਆਰ ਨਹੀਂ। ਇਹ ਗੱਲ ਵੀ ਕੋਈ ਝੂਠ ਨਹੀਂ ਕਿ ਸਾਡੇ ਹੀ ਦੇਸ਼ ਦੇ ਸੰਸਦ ਤੇ ਵਿਧਾਇਕ ਆਪਣੀਆਂ ਤਨਖਾਹਾਂ ਤੇ ਪੈਨਸ਼ਨਾਂ ਲਈ ਇੱਕ ਪਲ ਵੀ ਦੇਰੀ ਨਹੀਂ ਕਰਦੇ। ਉਨ੍ਹਾਂ ਕਿਹਾ ਕਿ ਇਹ ਵੀ ਮੁੱਦਾ ਸਾਹਮਣੇ ਆਇਆ ਹੈ ਕਿ ਜੇਕਰ ਸੰਸਦ ਤੇ ਵਿਧਾਇਕਾਂ ਲਈ ਸਰਕਾਰਾਂ ਕੋਲ ਪੈਸਾ ਹੈ ਤਾਂ ਕਰਮਚਾਰੀਆਂ ਲਈ ਕਿਉਂ ਨਹੀਂ। ਉਨ੍ਹਾਂ ਕਿਹਾ ਕਿ ਮੈਂ ਕਈ ਵਾਰ ਪਹਿਲਾਂ ਵੀ ਲਿਖਿਆ ਹੈ ਕਿ ਸਰਕਾਰਾਂ ਦੇ ਮੰਤਰੀ ਸਾਹਿਬਾਨ ਵਿਦੇਸ਼ਾਂ ਵਿੱਚ ਦੌਰਿਆਂ ਤੇ ਜਾਂਦੇ ਹਨ ਅਤੇ ਉਥੋਂ ਦੇ ਮਾਹੌਲ ਦੇ ਅਨੁਸਾਰ ਭਾਰਤ ਨੂੰ ਬਣਾਉਣ ਵਿੱਚ ਪੂਰੀ ਤਰ੍ਹਾਂ ਨਾਲ ਅਸਮਰਥ ਤੇ ਫੇਲ ਰਹੇ ਹਨ। ਉਨ੍ਹਾਂ ਦੇ ਵਿਦੇਸ਼ੀ ਦੌਰਿਆਂ ਤੇ ਕਰੋੜਾਂ ਅਰਬਾਂ ਰੁਪਇਆ ਖਰਚ ਹੁੰਦਾ ਹੈ ਜਿਸ ਦਾ ਭਾਰਤ ਦੇ ਨਾਗਰਿਕ ਨੂੰ ਕੋਈ ਲਾਭ ਨਹੀਂ ਪਹੁੰਚਦਾ। ਗੱਲਬਾਤ ਕਰਦਿਆਂ ਪੀ.ਡੀ ਸ਼ਰਮਾ ਨੇ ਕਿਹਾ ਕਿ ਕਿੱਡੀ ਅਜੀਬ ਗੱਲ ਹੈ ਕਿ ਅੱਜ 5 ਅਪ੍ਰੈਲ 2026 ਹੋ ਚੁੱਕੀ ਹੈ ਅਤੇ ਪੰਜਾਬ ਦਾ ਸੇਵਾ ਮੁਕਤ ਕਰਮਚਾਰੀ ਪੈਨਸ਼ਨ ਲਈ ਤਰਸ ਰਿਹਾ ਹੈ ਅਤੇ ਬੈਂਕਾਂ ਦੇ ਗੇੜੇ ਕੱਢ ਰਿਹਾ ਹੈ, ਪਰ ਹਰ ਬੈਂਕ ਵਿੱਚ ਉਸ ਦੀ ਪੈਨਸ਼ਨ ਨਾ ਹੋਣ ਕਾਰਨ ਉਹ ਬੜਾ ਮਾਯੂਸ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਮੈਂ ਦੇਖਿਆ ਹੈ ਕਿ ਬਹੁਤ ਸਾਰੇ ਐਸੇ ਸੇਵਾ ਮੁਕਤ ਕਰਮਚਾਰੀ ਨੇ ਜਿਨ੍ਹਾਂ ਦਾ ਰੋਟੀ ਰੋਜੀ ਦਾ ਸਾਧਨ ਪੈਨਸ਼ਨ ਹੀ ਹੈ ਅਤੇ ਇਸ ਮਹੀਨੇ ਪੈਨਸ਼ਨ ਨਾ ਮਿਲਣ ਕਾਰਨ ਉਨ੍ਹਾਂ ਦਾ ਬਜਟ ਬਹੁਤ ਬੁਰੀ ਤਰਾਂ ਨਾਲ ਪ੍ਰਭਾਵਿਤ ਹੋਇਆ ਹੈ। ਕਈ ਪਰਿਵਾਰ ਤਾਂ ਇਸ ਤਰ੍ਹਾਂ ਦੇ ਹਨ ਜਿਨ੍ਹਾਂ ਨੂੰ ਪੈਨਸ਼ਨ ਨਾ ਆਉਣ ਕਾਰਨ ਰੋਟੀ ਦੇ ਲਾਲੇ ਪੈ ਗਏ ਹਨ। ਉਨ੍ਹਾਂ ਕਿਹਾ ਕਿ ਕਿੱਡੀ ਅਜੀਬ ਗੱਲ ਹੈ ਇੱਕ ਪਾਸੇ ਸਰਕਾਰਾਂ ਕਰੋੜਾਂ ਅਰਬਾਂ ਰੁਪਏ ਖਰਚ ਕਰਕੇ ਤਰ੍ਹਾਂ—ਤਰ੍ਹਾਂ ਦੇ ਇਸ਼ਿਤਹਾਰ, ਸਬਸੀਡੀਆਂ ਤੇ ਪੈਸਾ ਪਾਣੀ ਵਾਂਗ ਬਹਾ ਰਹੀਆਂ ਹਨ ਤੇ ਦੂਜੇ ਪਾਸੇ ਸੇਵਾ ਮੁਕਤ ਕਰਮਚਾਰੀ ਪੈਨਸ਼ਨਾਂ ਅਤੇ ਹੋਰ ਕਈ ਕਰਮਚਾਰੀਆਂ ਨੂੰ ਤਨਖਾਹਾਂ ਦੇਣ ਤੋਂ ਵੀ ਅਸਮਰਥ ਹੋ ਚੁੱਕੀਆਂ ਹਨ। ਇਥੋਂ ਤੱਕ ਕਿ ਸਕੂਲਾਂ ਵਿੱਚ ਕੰਮ ਕਰ ਰਹੇ ਅਧਿਆਪਕ ਤੇ ਹੋਰ ਕਰਮਚਾਰੀ ਕਈ ਕਈ ਮਹੀਨਿਆਂ ਤੱਕ ਤਨਖਾਹਾਂ ਦੀ ਉਡੀਕ ਕਰਦੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਕੁਝ ਸਮਾਂ ਪਹਿਲਾਂ ਤੱਕ ਸੇਵਾ ਮੁਕਤ ਕਰਮਚਾਰੀਆਂ ਦੀਆਂ ਪੈਨਸ਼ਨਾਂ ਮਹੀਨੇ ਦੇ 25 ਤੋਂ 30 ਤਾਰੀਖ ਤੱਕ ਖਾਤਿਆਂ ਵਿੱਚ ਪੈ ਜਾਇਆ ਕਰਦੀਆਂ ਸਨ। ਕੇਂਦਰ ਸਰਕਾਰ ਦੇ ਸੇਵਾ ਮੁਕਤ ਕਰਮਚਾਰੀਆਂ ਨੂੰ ਹੁਣ ਵੀ ਮਹੀਨਾ ਖਤਮ ਹੋਣ ਤੋਂ ਪਹਿਲਾਂ ਪੈਨਸ਼ਨਾਂ ਖਾਤੇ ਵਿੱਚ ਪਾ ਦਿੱਤੀਆਂ ਜਾਂਦੀਆਂ ਹਨ। ਪੰਜਾਬ ਵਿੱਚ ਪਿਛਲੀ ਲਗਭਗ ਚਾਰ ਪੰਜ ਸਾਲ ਤੋਂ ਮਾਹੌਲ ਇਸ ਤਰ੍ਹਾਂ ਬਣ ਚੁੱਕਾ ਹੈ ਕਿ ਇਹ ਪੈਨਸ਼ਨ 25 ਤੋਂ 30 ਤਾਰੀਖ ਤੱਕ ਦੂਰ ਦੀ ਗੱਲ ਮਹੀਨਾ ਆਉਣ ਤੇ ਵੀ ਇੱਕ ਦੋ ਦਿਨ ਦੀ ਦੇਰੀ ਹੁੰਦੀ ਰਹੀ ਹੈ। ਇਸ ਮਹੀਨੇ ਤਾਂ ਸਰਕਾਰ ਨੇ ਹੱਦ ਹੀ ਕਰ ਦਿੱਤੀ ਹੈ ਕਿ ਅੱਜ ਤੱਕ ਖਾਤਿਆਂ ਵਿੱਚ ਪੈਨਸ਼ਨਾਂ ਨਹੀਂ ਪੈ ਸਕੀਆਂ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਦੇ ਸੈਸ਼ਨ ਵਿੱਚ ਕਾਂਗਰਸ ਅਤੇ ਹੋਰ ਕਈ ਸਿਆਸੀ ਪਾਰਟੀਆਂ ਦੇ ਲੀਡਰਾਂ ਵੱਲੋਂ ਕਰਮਚਾਰੀਆਂ ਤੇ ਪੈਨਸ਼ਨਰਾਂ ਨੂੰ ਬਣਦਾ ਡੀ.ਏ ਦੇਣ ਲਈ ਸਵਾਲ ਉਠਾਏ ਸਨ, ਪਰ ਇਹ ਪਤਾ ਨਹੀਂ ਸੀ ਕਿ ਡੀ.ਏ ਲੈਂਦੇ ਉਹ ਸੇਵਾ ਮੁਕਤ ਕਰਮਚਾਰੀ ਅਤੇ ਹੋਰ ਕਰਮਚਾਰੀ ਆਪਣੀ ਤਨਖਾਹਾਂ ਤੇ ਪੈਨਸ਼ਨਾਂ ਤੋਂ ਵੀ ਹੱਥ ਧੋ ਬਹਿਣਗੇ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਕਿ ਪੈਨਸ਼ਨਰ ਤੇ ਕਰਮਚਾਰੀ ਸੜਕਾਂ ਤੇ ਉਤਰਣ ਸਰਕਾਰ ਨੂੰ ਪੈਨਸ਼ਨਾਂ ਤੇ ਤਨਖਾਹਾਂ ਦੇਣ ਦਾ ਪ੍ਰਬੰਧ ਕਰਨਾ ਚਾਹੀਦਾ ਹੈ ਤਾਂ ਜੋ ਰਾਜ ਦਾ ਮਾਹੌਲ ਖਰਾਬ ਨਾ ਹੋਵੇ।

### ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦਾ ਮੁੱਖ ਟੀਚਾ

# ਪੰਜਾਬ ਵਿੱਚੋਂ ਨਸ਼ਾ ਖਤਮ ਕਰਨਾ-ਬਾਪੂ ਤਰਸੇਮ ਸਿੰਘ



**ਜੰਡਿਆਲਾ ਗੁਰੂ , 5 ਮਈ ( ਕੁਲਵੰਤ ਸਿੰਘ ਵਿਰਦੀ )**-ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਜਿਲ੍ਹਾ ਪ੍ਰਧਾਨ ਜਸਕਰਨ ਸਿੰਘ ਰਿਆੜ ਦੀ ਅਗਵਾਈ ਵਿੱਚ ਜੰਡਿਆਲਾ ਗੁਰੂ ਵਿਖੇ ਅਹਿਮ ਮੀਟਿੰਗ ਹੋਈ। ਜਿਸ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਨੂੰ ਉਸ ਵੇਲੇ ਵੱਡਾ ਬਲ ਮਿਲਿਆ ਜਦੋ ਜੰਡਿਆਲਾ ਗੁਰੂ ਤੋ ਬਾਬੂ ਸਿੰਘ ਜੰਡਿਆਲਾ ਸੋਸਲ ਐਕਟੀਵਿਟਸ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦੀਆਂ ਗਤੀਵਿਧੀਆਂ ਤੋ ਪ੍ਰੇਰਿਤ ਹੋ ਕੇ ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਵਿੱਚ ਸ਼ਮੂਲੀਅਤ ਕੀਤੀ ਇਸ ਮੌਕੇ ਤੇ ਬਾਪੂ ਤਰਸੇਮ ਸਿੰਘ ਖਾਾਲਸਾ ਨੇ ਸਟੇਜ ਤੋਂ ਗਰਜਦੇ ਹੋਏ ਦੱਸਿਆ ਕਿ ਪਿਛਲੀਆਂ ਸਰਕਾਰਾਂ ਜੋ ਕਿ ਜਨਤਾ ਨਾਲ ਝੂਠੇ ਲਾਰੇ ਲਾ ਕੇ ਲੋਕਾਂ ਦਾ ਵਿਸ਼ਵਾਸ ਜਿੱਤ ਕੇ ਪੰਜਾਬ ਵਿੱਚ ਰਾਜ ਭਾਗ ਭੋਗਦੀ ਰਹੀ ਹੈ ਅਤੇ ਅੱਜ ਦੀ ਮੌਜੂਦਾ ਸਰਕਾਰ ਲੋਕਾਂ ਨਾਲ ਵਿਸ਼ਵਾਸ਼ਘਾਤ ਕਰ ਰਹੀ ਹੈ ਅੱਗੇ ਉਨਾਂ ਕਿਹਾ ਕਿ ਇਸ ਸਰਕਾਰ ਦਾ ਲੋਕਾ ਨਾਲ ਵਾਅਦਾ ਸੀ ਕਿ ਪੰਜਾਬ ਵਿੱਚ ਨਸ਼ੇ ਦਾ ਖਾਤਮਾ ਕੀਤਾ ਜਾਵੇਗਾ ਲੇਕਿਨ ਸਰਕਾਰ ਨਸ਼ਾ ਖਤਮ ਕਰਨ ਵਿੱਚ ਬਿਲਕੁਲ ਅਸਫਲ ਰਹੀ ਹੈ ਅੱਗੇ ਉਹਨਾਂ ਬੋਲਦੇ ਹੋਏ ਦੱਸਿਆ ਕਿ ਨਸ਼ਾ ਖਤਮ ਕਰਨ ਦੀ ਬਜਾਏ ਪੰਜਾਬ ਵਿੱਚ ਨਸਾ ਪਹਿਲਾਂ ਨਾਲੋਂ ਦੁੱਗਣਾ ਹੋ ਗਿਆ ਹੈ। ਇਸ ਮੌਕੇ ਤੇ ਉਨਾਂ ਵਿਰੋਧੀ ਪਾਰਟੀਆਂ ਤੇ ਤੰਜ ਕਰਦੇ ਹੋਏ ਕਿਹਾ ਕਿ, ਪੰਜਾਬ ਦੀ ਜਵਾਨੀ ਜੋ ਕਿ ਬਹੁਤ ਵੱਡੀ ਪੱਧਰ ਤੇ ਨਸ਼ਿਆਂ ਦੇ ਹੜ ਵਿਚ ਵਹਿ ਚੁੱਕੀ ਹੈ ਅਤੇ ਸਾਨੂੰ ਇਹਨਾ ਸਰਕਾਰਾਂ ਨੇ ਭਿਖਾਰੀ ਬਣਾ ਕੇ ਰੱਖ ਦਿੱਤਾ ਹੈ।,ਅਤੇ ਆਪ ਇਹ ਸਾਰੇ ਲੀਡਰ ਰਾਜਭਾਗ ਭੋਗ ਰਹੇ ਹਨ।।, ਉਹਨਾਂ ਕਿਹਾ ਕਿ ਪੰਜਾਬ ਵਿੱਚ ਸਬ ਤੋ ਵੱਧ ਵੋਟਾ ਦੇ ਫਰਕ ਨਾਲ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੇ ਜਿੱਤ ਪ੍ਰਾਪਤ ਕੀਤੀ ਅਤੇ ਉਹਨਾਂ ਨੂੰ ਹੀ ਤੁਸੀਂ ਪਾਰਲੀਮੈਂਟ ਵਿੱਚ ਬੋਲਣ ਦੀ ਇਜਾਜ਼ਤ ਨਹੀਂ ਦੇ ਰਹੇ ਇਹ ਵੀ ਇੱਕ ਬੇਇਨਸਾਫੀ ਅਤੇ ਲੋਕਤੰਤਰ ਦਾ ਘਾਣ ਹੈ ਅਤੇ ਸਿੱਖ ਕੌਮ ਨਾਲ ਵਿਤਕਰੇ ਦੀ ਝਲਕ ਸਾਫ ਨਜਰ ਆਉਂਦੀ ਹੈ। ਸਰਕਾਰਾਂ ਨਹੀਂ ਚਾਹੁੰਦੀਆਂ ਕਿ ਪੰਜਾਬ ਵਿੱਚ ਨਸ਼ਾ ਖਤਮ ਹੋਵੇ ਲੇਕਿਨ ਭਾਈ ਅੰਮ੍ਰਿਤਪਾਲ ਸਿੰਘ ਤੇ ਉਹਨਾਂ ਦੀ ਪਾਰਟੀ ਦਾ ਇੱਕ ਹੀ ਟੀਚਾ ਸੀ ਕਿ ਪੰਜਾਬ ਵਿੱਚ ਨਸ਼ਾ ਖਤਮ ਕਰਨਾ ,ਅਤੇ ਉਹਨਾਂ ਦੁਆਰਾ ਚਲਾਈ ਗਈ ਖਾਲਸਾ ਵਹੀਰ ਵਿੱਚ ਅਨੇਕਾਂ ਪੰਜਾਬ ਦੇ ਨੌਜਵਾਨ ਜੋ ਕਿ ਨਸ਼ੇ ਦੀ ਦਲਦਲ ਵਿੱਚ ਫਸ ਚੁੱਕੇ ਸਨ, ਉਹਨਾਂ ਨੌਜਵਾਨਾਂ ਨੇ ਖਾਲਸਾ ਵਹੀਰ ਦਾ ਹਿੱਸਾ ਬਣਕੇ ਨਸੇ ਨੂੰ ਤਿਆਗਿਆ ਅਤੇ ਸਿੰਘ ਸਜੇ ਅਤੇ ਅੱਗੇ ਵੀ ਸਾਡੀ ਜਥੇਬੰਦੀ ਦਾ ਇਹੀ ਟੀਚਾ ਰਹੇਗਾ, ਅੱਗੇ ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਹੰਬਲਾ ਮਾਰਨਾਂ ਚਾਹੀਦਾ ਹੈ ਕਿ 2027 ਵਿਚ ਭਾਈ ਅੰਮ੍ਰਿਤਪਾਲ ਸਿੰਘ ਨੂੰ ਮੁੱਖ ਮੰਤਰੀ ਬਣਾਕੇ ਪੰਜਾਬ ਲਿਆਂਦਾ ਜਾਵੇ ਅਤੇ ਪੰਜਾਬ ਨੂੰ ਮੁੜ ਸੋਨੇ ਦੀ ਚਿੜੀ ਬਣਾਇਆ ਜਾਵੇ।।ਅੱਗੇ ਬਾਬੂ ਸਿੰਘ ਜੰਡਿਆਲਾ ਗੁਰੂ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ, ਉਹਨਾਂ ਨੇ ਪਹਿਲਾਂ ਵੀ ਸਮਾਜ ਵਿੱਚ ਰਹਿੰਦਿਆਂ ਸਮਾਜਿਕ ਸੇਵਾਵਾਂ ਨਿਭਾਈਆਂ, ਹਨ ਅਤੇ ਹੁਣ ਵੀ ਪਿਛਲੀ ਸਰਕਾਰ ਵੇਲੇ ਆਮ ਆਦਮੀ ਪਾਰਟੀ ਜੁਆਇਨ ਕਰਕੇ ਪਾਰਟੀ ਪ੍ਰਤੀ ਅਨੇਕਾਂ ਸੇਵਾਵਾਂ ਨਿਭਾਈਆਂ ਸਨ ਪਰ ਇਸ ਪਾਰਟੀ ਦੀਆਂ ਗਲਤ ਨੀਤੀਆਂ ਤੋਂ ਤੰਗ ਹੋ ਕੇ ਅੱਜ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਹਿ ਕੇ ਅਕਾਲੀ ਦਲ ਵਾਰਿਸ ਜੱਥੇਬੰਦੀ ਵਿਚ ਸ਼ਾਮਿਲ ਹੋਏ ਹਾਂ ।ਉਹਨਾਂ ਕਿਹਾ ਕਿ ਇਹ ਸਰਕਾਰ ਬਿਲਕੁਲ ਹੀ ਨਿਕੰਮੀ ਸਰਕਾਰ ਹੈ ਅਤੇ ਇਹ ਸਰਕਾਰ ਵਿੱਚ ਕਤਲੋਗਾਰਤ ਦੀਆਂ ਘਟਨਾਵਾਂ ਆਮ ਹੀ ਵਾਪਰ ਰਹੀਆਂ ਹਨ ਨੌਜਵਾਨਾਂ ਦਾ ਕਤਲ ਹੋ ਰਿਹਾ ਹੈ।, ਪੰਜਾਬ ਦੀ ਨੌਜਵਾਨੀ ਨਸ਼ੇ ਨੇ ਖਾ ਲਈ ਹੈ। ਕਿਸਾਨਾਂ ਨੂੰ ਆਪਣੇ ਹੱਕ ਨਹੀਂ ਮਿਲ ਰਹੇ, ਲਗਭਗ ਸਾਰਾ ਵਰਗ ਹੀ ਇਹਨਾਂ ਸਰਕਾਰਾਂ ਤੋਂ ਦੁਖੀ। ਇਸ ਮੌਕੇ ਤੇ, ਜਸਕਰਨ ਸਿੰਘ ਰਿਆੜ ਜ਼ਿਲ੍ਹਾ ਪ੍ਰਧਾਨ, ਅੰਮ੍ਰਿਤਸਰ ਜਨਲ ਸਕੱਤਰ ਹਰ ਕਵਲਪ੍ਰੀਤ ਸਿੰਘ ਜੰਡ,, ਦਲਜੀਤ ਸਿੰਘ ਮਿਆਦੀਆਂ ਹਲਕਾ ਇੰਚਾਰਜ ਰਾਜਾ ਸਾਂਸੀ, ਅਮਰੀਕ ਸਿੰਘ ਬਿੱਟਾ ,ਸਰਬਜੀਤ ਸਿੰਘ ਖਾਨਪੁਰ ਹਲਕਾ ਇੰਚਾਰਜ ਬਾਬਾ ਬਕਾਲਾ ਸਾਹਿਬ ,ਪ੍ਰਗਟ ਸਿੰਘ ਮੀਆਂ ਵਿੰਡ , ਦਫਤਰ ਇੰਚਾਰਜ, ਹਰਭਜਨ ਸਿੰਘ ਤੁੜ, ਬਲਬੀਰ ਸਿੰਘ ਸਾਬਕਾ ਸਰਪੰਚ ਪਿੰਡ ਗੁਨੋਵਾਲ,, ਮਨਜਿੰਦਰ ਸਿੰਘ, ਬਲਜੀਤ ਸਿੰਘ ,ਸ਼ਿਵਕਰਨ ਸਿੰਘ ,ਬਾਬੂ ਸਿੰਘ ਜੰਡਿਆਲਾ ਗੁਰੂ, ਦਿਲਸ਼ੇਰ ਸਿੰਘ ਜੰਡਿਆਲਾ ਗੁਰੂ, ਪਰਮਜੀਤ ਸਿੰਘ ਜੌਹਲ ਰਿਆੜ, ਗੁਰਦਿਆਲ ਸਿੰਘ ਟਾਂਗਰਾ ਮੀਤ ਪ੍ਰਧਾਨ, ਨਿਰਮਲ ਸਿੰਘ ਸਰਪੰਚ, ਅਮਨਦੀਪ ਸਿੰਘ ,ਕਿਰਪਾਲ ਸਿੰਘ ਕਿਸ਼ਨ ਸਿੰਘ,ਆਦਿ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਲੋਕ ਹਾਜ਼ਰ ਸਨ!

# ਸ: ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਦਿਹਾੜੇ ਨੂੰ ਸਮਰਪਿਤ ਕਰਵਾਏ ਸਮਾਗਮ



ਫ਼ਿਰੋਜ਼ਪੁਰ, 05 ਮਈ (ਮਨੋਹਰ ਲਾਲ) :— ਆਪਣੀ ਨਿਵੇਕਲੀ ਪਹਿਚਾਣ ਬਣਾ ਚੁੱਕੀ ਜਥੇਬੰਦੀ ਸ: ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੋਸਾਇਟੀ ਰਜਿ 140 ਪੰਜਾਬ ਭਾਰਤ ਦੇ ਪੰਜਾਬ ਪ੍ਰਧਾਨ ਹਰਭਜਨ ਸਿੰਘ ਦੜਿਆਲਾ ਨੇ ਰਾਮਗੜੀਆ ਗੇਟ (ਬਗਦਾਦੀ ਗੇਟ) ਵਿਖੇ ਇਕ ਮੀਟਿੰਗ ਕਰਕੇ ਰਾਮਗੜ੍ਹੀਆ ਬਰਾਦਰੀ ਨੂੰ ਇਕ ਮੰਚ ਤੇ ਖੜ੍ਹਾ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅਹੁਦੇਦਾਰਾਂ ਨੇ ਦੱਸਿਆ ਕਿ ਕੌਮ ਦੇ ਮਹਾਨ ਜਰਨੈਲ ਮਹਾਰਾਜਾ ਸ: ਜੱਸਾ ਸਿੰਘ ਰਾਮਗੜੀਆ ਦੇ ਜਨਮ ਦਿਹਾੜੇ ਨੂੰ ਮਨਾਉਂਦੇ ਹੋਏ ਜੈਕਾਰਿਆਂ ਦੀ ਗੂੰਜ ਵਿੱਚ ਸਟੈਚੂ ਤੇ ਫੁੱਲਾਂ ਦੀ ਵਰਖਾ ਕੀਤੀ ਅਤੇ ਲੱਡੂ ਵੰਡੇ ਗਏ।ਇਸ ਮੌਕੇ ਜਗਜੀਤ ਸਿੰਘ ਭੁੱਲਰ ਸੀਨੀਅਰ ਮੀਤ ਪ੍ਰਧਾਨ ਪੰਜਾਬ ਨੇ ਉਥੇ ਪਹੁੰਚੇ ਰਾਮਗੜੀਆਂ ਭਰਾਵਾਂ ਨੂੰ ਮਹਾਰਾਜਾ ਜੱਸਾ ਸਿੰਘ ਰਾਮਗੜੀਆ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੱਤੀ, ਜਦੋਂ ਕਿ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ ਨੇ ਗੁਰਦੁਆਰਾ ਗੁਰੂ ਅਰਜਨ ਦੇਵ ਜੀ ਧਵਨ ਕਲੋਨੀ ਵਿੱਚ ਮਹਾਰਾਜਾ ਸ: ਜੱਸਾ ਸਿੰਘ ਰਾਮਗੜੀਆ ਜੀ ਦਾ ਜਨਮ ਦਿਹਾੜਾ ਮਨਾਏ ਜਾਣ ਦੀ ਗੱਲ ਕਰਦਿਆਂ ਕਿਹਾ ਕਿ ਇਸ ਧਾਰਮਿਕ ਸਮਾਗਮ ਵਿੱਚ ਸਾਰੇ ਇਲਾਕਾ ਨਿਵਾਸੀਆਂ ਨੂੰ ਪਹੁੰਚਣ ਦੀ ਬੇਨਤੀ ਹੈ। ਇਸ ਮੌਕੇ ਜਸਬੀਰ ਸਿੰਘ ਕਲਸੀ, ਮਿਹਰ ਸਿੰਘ ਕਲਸੀ, ਸਤਨਾਮ ਸਿੰਘ ਹਰਿਆਣ, ਬੂਟਾ ਸਿੰਘ ਰਿਆਣ, ਅੰਗਰੇਜ਼ ਸਿੰਘ ਕਲਸੀ, ਸੁਖਮੰਦਰ ਸਿੰਘ ਜੱਬਲ, ਜਗਤਾਰ ਸਿੰਘ ਕਲਸੀ, ਹਰਵਿੰਦਰ ਸਿੰਘ ਦੇਗੁਨ, ਇੰਦਰਜੀਤ ਸਿੰਘ, ਸਵਰਨ ਸਿੰਘ ਕਲਸੀ, ਜਰਨੈਲ ਸਿੰਘ ਗਬੜੀਆ, ਜਸਵਿੰਦਰ ਸਿੰਘ ਲੋਟੇ, ਗੁਰਪ੍ਰੀਤ ਸਿੰਘ, ਹਰਜਿੰਦਰ ਸਿੰਘ ਦੜਿਆਲਾ, ਕੁਲਦੀਪ ਸਿੰਘ ਰਾਮਗੜੀਆ, ਲਖਮੀਰ ਸਿੰਘ ਸੰਧੂ, ਜਸਵਿੰਦਰ ਸਿੰਘ ਸੰਧੂ, ਗੁਰਮੀਤ ਸਿੰਘ ਮੀਤਾ, ਤਰਲੋਕ ਸਿੰਘ ਹਰਿਆਣ ਵੀ ਸ਼ਾਮਿਲ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪ੍ਰਧਾਨ ਮੰਤਰੀ ਆਲ ਪਾਰਟੀ ਮੀਟਿੰਗ ਸੱਦਣ

# ਰਾਜਨੀਤਿਕ ਪਾਰਟੀਆਂ ਆਪੋ-ਆਪਣੇ ਕੋਟੇ 'ਚੋ ਤੇਤੀ ਫੀਸਦੀ ਸੀਟਾਂ ਔਰਤਾਂ ਨੂੰ ਦੇਣ-ਬੀਬੀ ਜਗੀਰ ਕੌਰ

**ਚੰਡੀਗੜ੍ਹ, 5 ਮਈ(ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਵਿੱਚ ਔਰਤਾਂ ਲਈ 33 ਫੀਸਦੀ ਸੀਟਾਂ ਰਾਖਵੀਆਂ ਕਰਨ ਬਾਰੇ ਬਿੱਲ ਪਾਸ ਨਾ ਹੋ ਸਕਣ 'ਤੇ ਇਸਤਰੀ ਅਕਾਲੀ ਦਲ (ਪੁਨਰ ਸੁਰਜੀਤ) ਦੀ ਸੂਬਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਆਪਣੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਸਾਲ 2029 ਵਿੱਚ ਹੋਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਮੌਜੂਦਾ ਸੀਟਾਂ ਵਿੱਚੋਂ ਹੀ 33 ਫੀਸਦੀ ਹਿੱਸਾ ਔਰਤਾਂ ਲਈ ਰਾਖਵਾਂ ਕੀਤਾ ਜਾਵੇ। ਲੋਕ ਸਭਾ ਵਿੱਚ ਬਿੱਲ ਪਾਸ ਨਾ ਹੋਣ ਤੇ ਟਿੱਪਣੀ ਕਰਦਿਆਂ ਇਸਤਰੀ ਅਕਾਲੀ ਦਲ ਦੀ ਸੂਬਾਈ ਪ੍ਰਧਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਅਕਾਲੀ ਦਲ 1920 ਤੋਂ ਆਪਣੇ ਸ਼ੁਰੂਆਤੀ ਸਮੇਂ ਤੋਂ ਹੀ ਫੈਡਰਲ ਢਾਂਚੇ ਦਾ ਹਾਮੀ ਰਿਹਾ ਹੈ। ਦੇਸ਼ ਵਿੱਚ ਸਭ ਤੋਂ ਪਹਿਲਾਂ ਅਕਾਲੀ ਦਲ ਨੇ ਹੀ ਔਰਤਾਂ ਨੂੰ ਸ਼੍ਰੋਮਣੀ ਕਮੇਟੀ ਚੋਣ ਵਿੱਚ ਵੋਟ ਪਾਉਣ ਦਾ ਅਧਿਕਾਰ ਦਿੱਤਾ ਸੀ। ਜਦ ਕਿ ਉਸ ਵੇਲੇ ਦੇਸ਼ 'ਤੇ ਹਕੂਮਤ ਕਰਨ ਵਾਲੇ ਅੰਗਰੇਜਾਂ ਦੇ ਦੇਸ਼ ਇੰਗਲੈਂਡ ਵਿੱਚ ਵੀ ਔਰਤਾਂ ਨੂੰ ਵੋਟ ਪਾਉਣ ਦਾ ਅਧਿਕਾਰ ਨਹੀਂ ਸੀ। ਇਸ ਤੋਂ ਸਾਬਿਤ ਹੁੰਦਾ ਹੈ ਕਿ ਅਕਾਲੀ ਦਲ ਹਮੇਸ਼ਾਂ ਹੀ ਗੁਰੂ ਨਾਨਕ ਦੇਵ ਜੀ ਦੇ ਸਿਧਾਂਤ 'ਤੇ ਪਹਿਰਾ ਦਿੰਦਾ ਆ ਰਿਹਾ ਹੈ। ਜਿੰਨ੍ਹਾ ਨੇ ਗੁਰਬਾਣੀ ਵਿੱਚ ਔਰਤ ਨੂੰ ਬਹੁਤ ਉੱਚਾ ਦਰਜਾ ਦਿੱਤਾ ਹੋਇਆ ਹੈ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਔਰਤਾਂ ਨੂੰ 33 ਫ਼ੀਸਦੀ ਨਹੀਂ ਸਗੋਂ 50 ਫ਼ੀਸਦੀ ਸੀਟਾਂ ਦਿੱਤੀਆਂ ਜਾਣੀਆ ਚਾਹੀਦੀਆਂ ਹਨ।

ਬੀਬੀ ਜਗੀਰ ਕੌਰ ਨੇ ਕਿਹਾ ਕਿ ਅਚਾਨਕ ਵਿਸ਼ੇਸ਼ ਸ਼ੈਸਨ ਸੱਦਣ ਪਿੱਛੇ ਦੀ ਰਾਜਨੀਤੀ ਸਾਫ ਚਲਕਦੀ ਸੀ। ਜਦੋਂ ਦੇਸ਼ ਦੇ ਪੰਜਾਂ ਸੂਬਿਆਂ ਵਿੱਚ ਚੋਣ ਪ੍ਰਚਾਰ ਸਿਖਰਾਂ ਤੇ ਸੀ ਉਨ੍ਹਾਂ ਸੂਬਿਆਂ ਦੇ ਮੈਂਬਰ ਪਾਰਲੀਮੈਂਟ ਚੋਣ ਪ੍ਰਚਾਰ ਵਿੱਚ ਰੁੱਝੇ ਹੋਏ ਸਨ ਤਾਂ ਅਜਿਹੇ ਮਾਹੌਲ ਵਿੱਚ ਸ਼ੈਸਨ ਸੱਦਣ ਦਾ ਫੈਸਲਾ ਹੀ ਗਲਤ ਸੀ। ਸਤਾਧਾਰੀਆਂ ਵੱਲੋਂ ਇਸ ਨੂੰ ਚੋਣਾਂ ਵਿੱਚ ਲਾਹਾ ਲੈਣ ਲਈ ਵਰਤਣਾ ਗਲਤ ਸੀ ਜਿਸ ਤੋਂ ਉਹਨਾਂ ਦੀ ਨੀਅਤ ਦਾ ਪਤਾ ਲੱਗਦਾ ਹੈ। ਉਨ੍ਹਾਂ ਕਿਹਾ ਕਿ ਇਹ ਸ਼ੈਸਨ ਬੁਲਾਉਣ ਤੋਂ ਪਹਿਲਾਂ ਆਲ ਪਾਰਟੀ ਮੀਟਿੰਗ ਬੁਲਾਉਣੀ ਚਾਹੀਦੀ ਸੀ ਤਾਂ ਜੋ ਸਾਰਿਆਂ ਨੂੰ ਸਹਿਮਤ ਕੀਤਾ ਜਾ ਸਕਦਾ। ਫਿਰ ਇਹ ਨੌਬਤ ਨਾਂ ਆਉਂਦੀ ਕਿ ਬਿੱਲ ਪਾਸ ਨਾ ਹੋਣ 'ਤੇ ਸਰਕਾਰ ਨੂੰ ਸ਼ਰਮਸਾਰ ਹੋਣਾ ਪਿਆ।



ਬੀਬੀ ਜਗੀਰ ਕੌਰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਕਿ ਉਹ ਇਸ ਮਹੱਤਵਪੂਰਨ ਮੁੱਦੇ ਬਾਰੇ ਆਮ ਸਹਿਮਤੀ ਬਣਾਉਣ ਲਈ ਆਲ ਪਾਰਟੀ ਮੀਟਿੰਗ ਸੱਦਣ। ਕਿਉਂਕਿ ਸਾਰੀਆਂ ਹੀ ਰਾਜਨੀਤਿਕ ਪਾਰਟੀਆਂ ਔਰਤਾਂ ਨੂੰ 33 ਫ਼ੀਸਦੀ ਸੀਟਾਂ ਦੇਣ ਦੇ ਮਾਮਲੇ ਵਿੱਚ ਸਹਿਮਤ ਹਨ। ਬੀਬੀ ਜਗੀਰ ਕੌਰ ਨੇ ਕਿਹਾ ਕਿ ਇਹ ਮੰਗ ਪਹਿਲਾਂ ਹੀ ਕਈ ਦਹਾਕਿਆਂ ਤੋਂ ਲਟਕਦੀ ਆ ਰਹੀ ਹੈ। ਹੁਣ ਜਦੋਂ ਅਮਲੀ ਰੂਪ ਦੇਣ ਦਾ ਸਮਾਂ ਆਇਆ ਤਾਂ ਗਿਣਤੀ ਮਿਣਤੀ ਕਰਕੇ ਇਸ ਨੂੰ ਸਿਰਫ ਰਾਜਨੀਤੀ ਲਈ ਵਰਤਿਆ ਜਾ ਰਿਹਾ ਹੈ।

ਸ਼੍ਰੋਮਣੀ ਅਕਾਲੀ ਦਲ (ਪੁਨਰ-ਸੁਰਜੀਤ) ਇਸਤਰੀ ਵਿੰਗ ਦੀ ਕੋਰ ਕਮੇਟੀ ਦੀ ਲਿਸਟ-;

1. ਬੀਬੀ ਪਰਮਜੀਤ ਕੌਰ ਗੁਲਸ਼ਨ (ਸਾਬਕਾ ਮੈਂਬਰ ਪਾਰਲੀਮੈਂਟ)
2. ਬੀਬੀ ਵਨਿੰਦਰ ਕੌਰ ਲੂੰਬਾ (ਸਾਬਕਾ ਐਮ ਐਲ ਏ ਸ਼ਤਰਾਣਾ ਪਟਿਆਲਾ)
3. ਬੀਬੀ ਕੁਲਦੀਪ ਕੌਰ ਟੌਹੜਾ ਮੈਂਬਰ ਐਸ.ਜੀ.ਪੀ.ਸੀ. (ਪਟਿਆਲਾ)
4. ਬੀਬੀ ਗੁਰਮੀਤ ਕੌਰ ਬਰਾੜ (ਸਾਬਕਾ ਕੌਂਸਲਰ ਪਟਿਆਲਾ)
5. ਬੀਬਾ ਗਗਨਜੀਤ ਕੌਰ ਢੀਂਡਸਾ (ਸੀਨੀਅਰ ਨੇਤਰੀ ਸੰਗਰੂਰ)
6. ਡਾ. ਹਰਲੀਨ ਕੌਰ (Gynecologist Apex Hospitol ਜਲੰਧਰ)
7. ਡਾ ਅਵਤਾਰ ਕੌਰ ਅਜਨਾਲਾ
8. ਪ੍ਰਿੰਸੀਪਲ ਵੀਨਾ ਦਾਦਾ (ਸੇਂਟ ਸੋਲਜਰ ਕਾਲਜ਼ ਜਲੰਧਰ)
9. ਬੀਬੀ ਹਰਜੀਤ ਕੌਰ ਤਲਵੰਡੀ (ਸੀਨੀਅਰ ਅਕਾਲੀ ਨੇਤਰੀ)
10. ਬੀਬੀ ਗੁਰਵਿੰਦਰਪਾਲ ਕੌਰ (ਰਿਟਾਇਰ ਡੀ.ਈ.ਓ ਬਠਿੰਡਾ)
11. ਬੀਬੀ ਦਰਸ਼ਨ ਕੌਰ (ਰਿਟਾਇਰਡ ਡੀ.ਪੀ.ਆਈ. ਪੰਜਾਬ)
12. ਸ੍ਰੀਮਤੀ ਅਦਵੇਤਾ ਤਿਵਾੜੀ (ਬਿਜ਼ਨਸ ਵੂਮੈਨ ਜਲੰਧਰ)
13. ਬੀਬੀ ਰਾਜਿੰਦਰ ਕੌਰ ਚੌਹਾਨ (ਨੈਸ਼ਨਲ ਹਾਕੀ ਪਲੇਅਰ)
14. ਬੀਬੀ ਸਿਮਰਜੀਤ ਕੌਰ ਸਿੱਧੂ (ਸੀਨੀਅਰ ਅਕਾਲੀ ਨੇਤਰੀ ਜਲੰਧਰ)
15. ਬੀਬੀ ਸੁਖਵਿੰਦਰ ਕੌਰ (ਮੀਤ ਪ੍ਰਧਾਨ ਗੁਰਦੁਆਰਾ ਗੁਰੂ ਅਮਰਦਾਸ ਡਿਫੈਸ ਕਲੋਨੀ ਜਲੰਧਰ)
16. ਬੀਬੀ ਗੁਰਪ੍ਰੀਤ ਕੌਰ ਰੱਖੜਾ (ਪਟਿਆਲਾ)
17. ਪ੍ਰੋ ਅਰਵਿੰਦ ਕੌਰ ਧਮੇਲੀ (ਮੋਹਾਲੀ)
18. ਬੀਬੀ ਪਰਮਜੀਤ ਕੌਰ (ਰਿਟਾਇਰਡ ਬੈਂਕ ਮੈਨਜਰ ਮਾਨਸਾ)
19. ਐਡਵੋਕੇਟ ਕੁਲਵਿੰਦਰ ਕੌਰ (ਫਿਰੋਜ਼ਪੁਰ)
20. ਬੀਬੀ ਦਲਜੀਤ ਕੌਰ (ਰਿਟਾਇਰਡ ਹੈਡਮਿਸਟਰੈਸ ਨਡਾਲਾ)
21. ਬੀਬਾ ਹਰਮਨਪ੍ਰੀਤ ਕੌਰ (ਮੋਹਾਲੀ)
22. ਸ੍ਰੀਮਤੀ ਸੁਨੀਤਾ ਸ਼ਰਮਾ (ਸੰਗਰੂਰ)
23. ਬੀਬੀ ਹਰਜੀਤ ਕੌਰ ਮੇਨਵਾ (ਕਪੂਰਥਲਾ)
24. ਬੀਬੀ ਪਰਮਿੰਦਰ ਕੌਰ (ਜਲੰਧਰ)
25. ਬੀਬੀ ਰਾਜ ਕੌਰ ਪਟਿਆਲਾ (ਸੀਨੀਅਰ ਅਕਾਲੀ ਨੇਤਾ)
26. ਬੀਬੀ ਰਾਜਬੀਰ ਕੌਰ ਕੰਗ (ਅੰਮ੍ਰਿਤਸਰ)
27. ਬੀਬੀ ਪਰਮਿੰਦਰ ਕੌਰ ਬੇਗੋਵਾਲ (ਸੀਨੀਅਰ ਅਕਾਲੀ ਨੇਤਾ)
28. ਬੀਬੀ ਨਸੀਬ ਕੌਰ (ਬਠਿੰਡਾ)
29. ਬੀਬੀ ਦਲਜੀਤ ਕੌਰ (ਰੋਪੜ੍ਹ)
30. ਬੀਬੀ ਇਕਬਾਲ ਕੌਰ (ਫਿਰੋਜ਼ਪੁਰ)
31. ਬੀਬੀ ਮਨਜਿੰਦਰ ਕੌਰ ਕੋਹਲੀ (ਚੰਡੀਗੜ੍ਹ)

### ਤਰਨਜੀਤ ਸਿੰਘ ਸੰਧੂ ਸਮੁੰਦਰੀ

# ਦਿੱਲੀ ਦੇ ਲੈਫ਼ਟੀਨੈਂਟ ਗਵਰਨਰ ਵਜੋਂ ਪੰਜਾਬੀ ਕਿਰਦਾਰ ਦੀਆਂ ਅਮਿੱਟ ਪੈੜਾਂ ਦਾ ਸ਼ਾਹਸਵਾਰ


















ਅੰਮ੍ਰਿਤਸਰ ਨਾਲ ਸਬੰਧਿਤ ਸੰਯੁਕਤ ਰਾਜ ਅਮਰੀਕਾ ਵਿੱਚ ਭਾਰਤ ਦੇ ਸਾਬਕਾ ਰਾਜਦੂਤ ਸਰਦਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੀ ਕਾਬਲੀਅਤ, ਵਿਸ਼ਾਲ ਰਾਜਨੀਤਕ ਅਨੁਭਵ, ਪ੍ਰਸ਼ਾਸਨਿਕ ਸਮਰੱਥਾ ਅਤੇ ਰਾਸ਼ਟਰੀ ਦ੍ਰਿਸ਼ਟੀ ਨੂੰ ਮੱਦੇਨਜ਼ਰ ਰੱਖਦੇ ਹੋਏ ਭਾਰਤ ਸਰਕਾਰ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਉਨ੍ਹਾਂ ਨੂੰ ਦਿੱਲੀ ਦੇ ਲੈਫ਼ਟੀਨੈਂਟ ਗਵਰਨਰ ਵਜੋਂ ਨਿਯੁਕਤ ਕੀਤੇ ਜਾਣ ਤੋਂ ਬਾਅਦ ਉਹਨਾਂ ਵੱਲੋਂ ਇਸ ਜ਼ਿੰਮੇਵਾਰੀ ਨੂੰ ਨਿਭਾਉਂਦਿਆਂ ਦਿੱਲੀ ਵਾਸੀਆਂ ਦੀ ਭਲਾਈ ਲਈ ਆਪ ਜ਼ਮੀਨੀ ਪੱਧਰ ਉੱਤੇ ਵਿਚਰਨਾ ਤੇ ਲੋਕਾਂ ਦੀਆਂ ਦੁੱਖ ਤਕਲੀਫ਼ਾਂ ਦਾ ਪਤਾ ਲੱਗਾ ਕੇ ਉਹਨੇ ਦੇ ਨਿਵਾਰਨ ਦੀਆਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਆਦਿ ਅੰਮ੍ਰਿਤਸਰ, ਪੰਜਾਬ, ਸਿੱਖ ਸਮਾਜ ਅਤੇ ਪੂਰੇ ਭਾਰਤ ਲਈ ਮਾਣ ਵਾਲੀ ਗੱਲ ਹੈ।

ਸਰਦਾਰ ਸੰਧੂ ਕੇਵਲ ਇਕ ਤਜਰਬੇਕਾਰ ਡਿਪਲੋਮੈਟ ਹੀ ਨਹੀਂ, ਸਗੋਂ ਸੇਵਾ, ਸੰਵੇਦਨਸ਼ੀਲਤਾ, ਹਲੀਮੀ ਅਤੇ ਰਾਸ਼ਟਰੀ ਨਿਸ਼ਠਾ ਦੇ ਜੀਵਿਤ ਪ੍ਰਤੀਕ ਹਨ। ਉਨ੍ਹਾਂ ਦੀ ਨਿਯੁਕਤੀ ਇਹ ਸਾਬਤ ਕਰਦੀ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਵਿੱਚ ਯੋਗਤਾ, ਤਜਰਬੇ ਅਤੇ ਰਾਸ਼ਟਰ-ਨਿਰਮਾਣ ਦੀ ਸੋਚ ਨੂੰ ਉੱਚੇ ਸੰਵਿਧਾਨਕ ਅਹੁਦਿਆਂ 'ਤੇ ਮਾਣ ਮਿਲ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਤੋਂ ਪਹਿਲਾਂ, ਸ. ਸੰਧੂ ਨੂੰ 2024 ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਸੀ। ਭਾਵੇਂ ਉਹ ਚੋਣ ਸਿਆਸਤ ਦਾ ਅਧਿਆਇ ਸੀ, ਪਰ ਅੱਜ ਉਨ੍ਹਾਂ ਦੀ ਦਿੱਲੀ ਦੇ ਲੈਫ਼ਟੀਨੈਂਟ ਗਵਰਨਰ ਵਜੋਂ ਦਿੱਤੀ ਗਈ ਜ਼ਿੰਮੇਵਾਰੀ ਉਨ੍ਹਾਂ ਦੀ ਲੰਬੀ ਸੇਵਾ, ਵਿਸ਼ਵ ਪੱਧਰੀ ਤਜਰਬੇ ਅਤੇ ਭਾਰਤ ਪ੍ਰਤੀ ਨਿਸ਼ਠਾ ਦੀ ਵੱਡੀ ਸਵੀਕ੍ਰਿਤੀ ਹੈ।

ਸੰਯੁਕਤ ਰਾਜ ਅਮਰੀਕਾ ਵਿੱਚ ਭਾਰਤ ਦੇ ਰਾਜਦੂਤ ਵਜੋਂ ਤਰਨਜੀਤ ਸਿੰਘ ਸੰਧੂ ਨੇ ਵਾਸ਼ਿੰਗਟਨ ਅਤੇ ਨਵੀਂ ਦਿੱਲੀ ਦੇ ਸਬੰਧਾਂ ਨੂੰ ਗਹਿਰਾ ਕਰਨ ਵਿੱਚ ਮੁੱਖ ਭੂਮਿਕਾ ਨਿਭਾਈ। ਉਨ੍ਹਾਂ ਨੇ ਦੋਵਾਂ ਦੇਸ਼ਾਂ ਵਿਚਕਾਰ ਗਿਆਨ, ਵਿਗਿਆਨ, ਵਪਾਰ, ਟੈਕਨਾਲੋਜੀ, ਸਿੱਖਿਆ, ਰੱਖਿਆ ਅਤੇ ਰਣਨੀਤਿਕ ਭਾਈਵਾਲੀ ਨੂੰ ਮਜ਼ਬੂਤ ਕਰਨ ਵਿੱਚ ਵਿਲੱਖਣ ਯੋਗਦਾਨ ਦਿੱਤਾ। ਉਹ 36 ਸਾਲਾਂ ਦੇ ਵਿਲੱਖਣ ਕੂਟਨੀਤਕ ਕੈਰੀਅਰ ਨਾਲ ਅਮਰੀਕਾ ਸੰਬੰਧੀ ਮਾਮਲਿਆਂ ਦੇ ਸਭ ਤੋਂ ਤਜਰਬੇਕਾਰ ਭਾਰਤੀ ਡਿਪਲੋਮੈਟਾਂ ਵਿੱਚੋਂ ਇੱਕ ਮੰਨੇ ਜਾਂਦੇ ਹਨ।

ਸ. ਤਰਨਜੀਤ ਸਿੰਘ ਸੰਧੂ ਨੂੰ ਇਹ ਸੇਵਾ-ਸੰਸਕਾਰ ਆਪਣੇ ਪਰਿਵਾਰਕ ਵਿਰਸੇ ਤੋਂ ਮਿਲੇ ਹਨ। ਉਹਨਾਂ ਵਿੱਚ ਦੇਸ਼, ਕੌਮ ਅਤੇ ਸਮਾਜ ਦੀ ਸੇਵਾ ਪ੍ਰਤੀ ਆਪਣੇ ਪਿਤਾ ਸ. ਬਿਸ਼ਨ ਸਿੰਘ ਸਮੁੰਦਰੀ ਅਤੇ ਦਾਦਾ ਸ਼ਹੀਦ ਸ. ਤੇਜਾ ਸਿੰਘ ਸਮੁੰਦਰੀ ਵਾਲਾ ਉਹੀ ਜਜ਼ਬਾ ਤੇ ਜਨੂਨ ਹੈ। ਹੋਵੇ ਵੀ ਕਿਉਂ ਨਾ, ਉਨ੍ਹਾਂ ਦੀਆਂ ਰਗਾਂ ਵਿੱਚ ਉਹਨਾਂ ਮਹਾਨ ਸ਼ਖ਼ਸੀਅਤਾਂ ਦਾ ਖ਼ੂਨ ਦੌੜ ਰਿਹਾ ਹੈ, ਜਿਨ੍ਹਾਂ ਨੇ ਸੇਵਾ, ਸਿਧਾਂਤ ਅਤੇ ਕੁਰਬਾਨੀ ਦੀ ਅਮਰ ਪਰੰਪਰਾ ਸਿਰਜੀ। ਸਰਦਾਰ ਸੰਧੂ ਦੇ ਦਾਦਾ ਸ਼ਹੀਦ ਸ. ਤੇਜਾ ਸਿੰਘ ਸਮੁੰਦਰੀ ਦਾ ਨਾਮ ਸਿੱਖ ਇਤਿਹਾਸ ਵਿੱਚ ਅਮਰ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਦਫ਼ਤਰੀ ਇਮਾਰਤ ਦਾ "ਤੇਜਾ ਸਿੰਘ ਸਮੁੰਦਰੀ ਹਾਲ" ਅੱਜ ਵੀ ਉਸ ਕੁਰਬਾਨੀ, ਸੇਵਾ ਅਤੇ ਸਿਧਾਂਤਕ ਜੀਵਨ ਦੀ ਯਾਦ ਦਿਵਾਉਂਦਾ ਹੈ।



ਸਰਦਾਰ ਤਰਨਜੀਤ ਸਿੰਘ ਸੰਧੂ ਦਾ ਜਨਮ 23 ਜਨਵਰੀ 1963 ਨੂੰ ਸਿੱਖਿਆ ਸ਼ਾਸਤਰੀ ਮਾਤਾ ਸ੍ਰੀਮਤੀ ਜਗਜੀਤ ਕੌਰ ਸੰਧੂ ਅਤੇ ਪਿਤਾ ਸ. ਬਿਸ਼ਨ ਸਿੰਘ ਸਮੁੰਦਰੀ ਦੇ ਘਰ ਹੋਇਆ। ਉਨ੍ਹਾਂ ਨੇ ਆਪਣੀ ਸ਼ੁਰੂਆਤੀ ਪੜ੍ਹਾਈ ਸੇਕਰਡ ਹਾਰਟ ਸਕੂਲ ਅਤੇ ਸੇਂਟ ਫਰਾਂਸਿਸ ਸਕੂਲ, ਅੰਮ੍ਰਿਤਸਰ ਤੋਂ ਕੀਤੀ ਅਤੇ ਫਿਰ ਲਾਰੰਸ ਸਕੂਲ, ਸਨਾਵਰ ਵਿੱਚ ਪੜ੍ਹਾਈ ਕੀਤੀ। ਉਨ੍ਹਾਂ ਨੇ ਸੇਂਟ ਸਟੀਫਨਜ਼ ਕਾਲਜ, ਦਿੱਲੀ ਤੋਂ ਇਤਿਹਾਸ ਆਨਰਜ਼ ਨਾਲ ਗ੍ਰੈਜੂਏਸ਼ਨ ਕੀਤੀ ਅਤੇ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ, ਨਵੀਂ ਦਿੱਲੀ ਤੋਂ ਅੰਤਰਰਾਸ਼ਟਰੀ ਸਬੰਧਾਂ ਵਿੱਚ ਮਾਸਟਰ ਡਿਗਰੀ ਪ੍ਰਾਪਤ ਕੀਤੀ। ਉਨ੍ਹਾਂ ਦੀ ਧਰਮਪਤਨੀ ਸ੍ਰੀਮਤੀ ਰੀਨਤ ਸੰਧੂ ਭਾਰਤੀ ਵਿਦੇਸ਼ ਸੇਵਾ ਦੀ ਸੀਨੀਅਰ ਅਧਿਕਾਰੀ ਰਹੀ ਹੈ।

ਤਰਨਜੀਤ ਸਿੰਘ ਸੰਧੂ 1988 ਵਿੱਚ ਭਾਰਤੀ ਵਿਦੇਸ਼ ਸੇਵਾ ਵਿੱਚ ਸ਼ਾਮਲ ਹੋਏ। ਉਨ੍ਹਾਂ ਦਾ ਕੂਟਨੀਤਕ ਸਫ਼ਰ ਚੁਣੌਤੀਆਂ ਭਰਿਆ ਪਰ ਬੇਹੱਦ ਸ਼ਾਨਦਾਰ ਰਿਹਾ। ਉਹ ਵਾਸ਼ਿੰਗਟਨ ਡੀ.ਸੀ. ਵਿੱਚ ਭਾਰਤੀ ਮਿਸ਼ਨ ਦੇ ਡਿਪਟੀ ਚੀਫ਼, ਫ਼ਸਟ ਸੈਕਟਰੀ, ਫਰੈਂਕਫਰਟ ਵਿੱਚ ਭਾਰਤ ਦੇ ਕੌਂਸਲ ਜਨਰਲ, ਸ੍ਰੀਲੰਕਾ ਵਿੱਚ ਭਾਰਤ ਦੇ ਹਾਈ ਕਮਿਸ਼ਨਰ ਅਤੇ ਸੰਯੁਕਤ ਰਾਸ਼ਟਰ ਨਾਲ ਜੁੜੀਆਂ ਅਹਿਮ ਜ਼ਿੰਮੇਵਾਰੀਆਂ ਨਿਭਾ ਚੁੱਕੇ ਹਨ।

ਭਾਰਤ ਦੇ ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਦੀ ਮੌਜੂਦਗੀ ਵਿੱਚ ਅਮਰੀਕਾ ਦੇ ਰਾਸ਼ਟਰਪਤੀ ਜੋ ਬਾਈਡਨ ਵੱਲੋਂ ਤਰਨਜੀਤ ਸੰਧੂ ਦੀ ਪਿੱਠ ਠਪਠਪਾ ਕੇ ਇਹ ਕਹਿਣਾ ਕਿ "ਰਾਜਦੂਤ ਹੋਵੇ ਤਾਂ ਸੰਧੂ ਵਰਗਾ ਹੋਵੇ" ਕੇਵਲ ਉਨ੍ਹਾਂ ਲਈ ਹੀ ਨਹੀਂ, ਸਗੋਂ ਅੰਮ੍ਰਿਤਸਰ ਅਤੇ ਪੂਰੇ ਪੰਜਾਬ ਲਈ ਵੀ ਮਾਣ ਵਾਲੀ ਗੱਲ ਸੀ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ 2014 ਦੀ ਅਮਰੀਕਾ ਯਾਤਰਾ ਦੌਰਾਨ ਨਿਊਯਾਰਕ ਵਿਖੇ ਡਾਇਸਪੋਰਾ ਸਿੱਖ ਭਾਈਚਾਰੇ ਦੀ ਡੈਲੀਗੇਸ਼ਨ ਨਾਲ ਮੁਲਾਕਾਤ ਕਰਵਾਉਣ ਅਤੇ ਸਿੱਖਾਂ ਦੀ ਕਾਲੀ ਸੂਚੀ ਹਟਵਾਉਣ ਵਿੱਚ ਵੀ ਸ. ਸੰਧੂ ਦੀ ਅਹਿਮ ਭੂਮਿਕਾ ਮੰਨੀ ਜਾਂਦੀ ਹੈ। 2016 ਵਿੱਚ ਪ੍ਰਧਾਨ ਮੰਤਰੀ ਮੋਦੀ ਦਾ ਅਮਰੀਕੀ ਕਾਂਗਰਸ ਨੂੰ ਸੰਬੋਧਨ ਕਰਨਾ ਵੀ ਭਾਰਤ ਦੀ ਵਿਸ਼ਵ ਪੱਧਰੀ ਸਥਿਤੀ ਨੂੰ ਮਜ਼ਬੂਤ ਕਰਨ ਵਾਲੀ ਵੱਡੀ ਘਟਨਾ ਸੀ।

ਸ. ਸੰਧੂ ਨੇ 2017 ਤੋਂ 2020 ਤੱਕ ਸ੍ਰੀਲੰਕਾ ਵਿੱਚ ਭਾਰਤ ਦੇ ਹਾਈ ਕਮਿਸ਼ਨਰ ਵਜੋਂ ਭਾਰਤ-ਸ੍ਰੀਲੰਕਾ ਸੰਬੰਧਾਂ ਨੂੰ ਮਜ਼ਬੂਤ ਕੀਤਾ। ਇਸ ਤੋਂ ਪਹਿਲਾਂ ਉਨ੍ਹਾਂ ਨੇ ਕੋਲੰਬੋ, ਮਾਸਕੋ, ਕੀਵ, ਫਰੈਂਕਫਰਟ, ਨਿਊਯਾਰਕ ਅਤੇ ਵਾਸ਼ਿੰਗਟਨ ਵਰਗੇ ਮਹੱਤਵਪੂਰਨ ਕੂਟਨੀਤਕ ਕੇਂਦਰਾਂ 'ਤੇ ਦੇਸ਼ ਦੀ ਸੇਵਾ ਕੀਤੀ। ਸੋਵੀਅਤ ਯੂਨੀਅਨ ਦੇ ਟੁੱਟਣ ਤੋਂ ਬਾਅਦ ਯੂਕਰੇਨ ਦੇ ਕੀਵ ਵਿੱਚ ਭਾਰਤ ਦਾ ਨਵਾਂ ਦੂਤਾਵਾਸ ਖੋਲ੍ਹਣ ਵਿੱਚ ਵੀ ਉਨ੍ਹਾਂ ਦੀ ਭੂਮਿਕਾ ਰਹੀ।

ਨਵੰਬਰ 2023 ਵਿੱਚ ਅਮਰੀਕਾ ਦੇ ਸੀਆਟਲ ਵਿੱਚ ਭਾਰਤੀ ਕੌਂਸਲੇਟ ਖੋਲ੍ਹਣ ਦਾ ਮਾਣ ਵੀ ਉਨ੍ਹਾਂ ਦੇ ਸੇਵਾਕਾਲ ਨਾਲ ਜੁੜਿਆ। ਵਿਦੇਸ਼ ਮੰਤਰਾਲੇ ਵਿੱਚ ਉਨ੍ਹਾਂ ਨੇ ਸੰਯੁਕਤ ਸਕੱਤਰ ਵਜੋਂ ਪ੍ਰਸ਼ਾਸਨ, ਮਨੁੱਖੀ ਸੰਸਾਧਨ ਅਤੇ ਸੰਯੁਕਤ ਰਾਸ਼ਟਰ ਡਿਵੀਜ਼ਨ ਵਰਗੀਆਂ ਮਹੱਤਵਪੂਰਨ ਜ਼ਿੰਮੇਵਾਰੀਆਂ ਵੀ ਨਿਭਾਈਆਂ।

ਸੇਵਾਮੁਕਤੀ ਤੋਂ ਬਾਅਦ ਵੀ ਸ. ਤਰਨਜੀਤ ਸਿੰਘ ਸੰਧੂ ਨੇ ਆਰਾਮਦਾਇਕ ਜੀਵਨ ਚੁਣਨ ਦੀ ਥਾਂ ਆਪਣੇ ਜਨਮ-ਭੂਮੀ ਅੰਮ੍ਰਿਤਸਰ ਦੀ ਤਰੱਕੀ, ਨੌਜਵਾਨਾਂ ਦੇ ਭਵਿੱਖ, ਕਿਸਾਨਾਂ ਦੀ ਆਮਦਨੀ, ਉਦਯੋਗਾਂ ਦੇ ਵਿਕਾਸ, ਸੈਰ-ਸਪਾਟੇ, ਹੁਨਰ ਵਿਕਾਸ ਅਤੇ ਗਲੋਬਲ ਕਨੈਕਟਿਵਿਟੀ ਲਈ ਕੰਮ ਕਰਨ ਨੂੰ ਤਰਜੀਹ ਦਿੱਤੀ। ਗ੍ਰੀਨ ਐਵਿਨਿਊ ਸਥਿਤ ਆਪਣੇ ਪਰਿਵਾਰਕ ਗ੍ਰਿਹਿ "ਸਮੁੰਦਰੀ ਹਾਊਸ" ਤੋਂ ਉਨ੍ਹਾਂ ਨੇ ਅੰਮ੍ਰਿਤਸਰ ਦੀ ਆਰਥਿਕ ਅਤੇ ਸਮਾਜਿਕ ਖ਼ੁਸ਼ਹਾਲੀ ਲਈ ਅਨੇਕਾਂ ਪਹਿਲ ਕਦਮੀਆਂ ਕੀਤੀਆਂ।

ਉਹ ਖਾਨਕੋਟ ਵਿੱਚ ਪਰਿਵਾਰਕ ਜ਼ਮੀਨ 'ਤੇ ਬਾਗਬਾਨੀ ਨੂੰ ਉਤਸ਼ਾਹਿਤ ਕਰਨ, ਕਿਸਾਨਾਂ ਨਾਲ ਖੇਤੀਬਾੜੀ ਵਿੱਚ ਨਵੀਨਤਾ, ਡੇਅਰੀ ਫਾਰਮਿੰਗ ਵਿੱਚ ਕੁਸ਼ਲਤਾ ਅਤੇ ਅਮਰੀਕੀ ਡੇਅਰੀ ਮਾਡਲਾਂ ਬਾਰੇ ਜਾਣਕਾਰੀ ਸਾਂਝੀ ਕਰਨ ਵਰਗੇ ਕਾਰਜਾਂ ਨਾਲ ਜੁੜੇ ਰਹੇ। ਉਨ੍ਹਾਂ ਨੇ ਕਾਰੋਬਾਰੀਆਂ, ਉਦਯੋਗਪਤੀਆਂ, ਹੁਨਰਮੰਦਾਂ, ਮਹਿਲਾਵਾਂ ਅਤੇ ਨੌਜਵਾਨਾਂ ਨਾਲ ਸੰਵਾਦ ਰਚਾ ਕੇ ਅੰਮ੍ਰਿਤਸਰ ਨੂੰ ਗਲੋਬਲ ਮੌਕਿਆਂ ਨਾਲ ਜੋੜਨ ਦੀ ਕੋਸ਼ਿਸ਼ ਕੀਤੀ।

ਉਨ੍ਹਾਂ ਵੱਲੋਂ ਅੰਮ੍ਰਿਤਸਰ ਦੇ ਵਿਕਾਸ, ਇਤਿਹਾਸਕ ਧਰੋਹਰਾਂ ਦੀ ਸੰਭਾਲ, ਅਮਰੀਕਨ ਕੌਂਸਲੇਟ ਖੋਲ੍ਹਣ, ਅੰਮ੍ਰਿਤਸਰ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਕਨੈਕਟਿਵਿਟੀ ਵਧਾਉਣ, ਏਅਰ ਕਾਰਗੋ, ਹਜ਼ੂਰ ਸਾਹਿਬ ਲਈ ਫਲਾਈਟ, ਆਈ.ਟੀ.ਆਈ., ਸੈਰ-ਸਪਾਟਾ ਅਤੇ ਉਦਯੋਗਿਕ ਮੌਕਿਆਂ ਬਾਰੇ ਕੇਂਦਰੀ ਮੰਤਰੀਆਂ ਨਾਲ ਚਰਚਾ ਕਰਨਾ ਉਨ੍ਹਾਂ ਦੀ ਆਪਣੀ ਮਿੱਟੀ ਨਾਲ ਡੂੰਘੀ ਜੁੜਤ ਦਾ ਪ੍ਰਤੀਕ ਹੈ।

ਸ. ਤਰਨਜੀਤ ਸਿੰਘ ਸੰਧੂ ਦਾ ਸਾਰਾ ਧਿਆਨ ਅੰਮ੍ਰਿਤਸਰ ਦੀ ਆਰਥਿਕਤਾ, ਕਿਸਾਨਾਂ ਦੀ ਆਮਦਨੀ, ਨੌਜਵਾਨ ਸ਼ਕਤੀ ਦੇ ਸਦਉਪਯੋਗ, ਉਦਯੋਗ, ਟੈਕਸਟਾਈਲ, ਹੁਨਰ ਵਿਕਾਸ, ਸੈਰ-ਸਪਾਟਾ, ਸਿਹਤ ਸੰਭਾਲ, ਸਭਿਆਚਾਰਕ ਧਰੋਹਰ ਅਤੇ ਹੋਸਪਿਟੈਲਿਟੀ ਸੈਕਟਰ ਨੂੰ ਮਜ਼ਬੂਤ ਕਰਨ 'ਤੇ ਰਿਹਾ ਹੈ। ਉਹ ਖੇਤੀ ਉਤਪਾਦਾਂ ਨੂੰ ਖਾੜੀ ਦੇਸ਼ਾਂ, ਯੂਰਪ ਅਤੇ ਅਮਰੀਕਾ ਵਿੱਚ ਭੇਜ ਕੇ ਕਿਸਾਨੀ ਨੂੰ ਆਰਥਿਕ ਲਾਭ ਦੇਣ ਦੇ ਪ੍ਰਾਜੈਕਟਾਂ 'ਤੇ ਵੀ ਸੋਚਦੇ ਰਹੇ ਹਨ।

ਉਨ੍ਹਾਂ ਨੇ ਅੰਮ੍ਰਿਤਸਰ ਦੇ ਵਿਦਿਆਰਥੀਆਂ ਲਈ ਅਮਰੀਕਾ ਵਿੱਚ ਪੜ੍ਹਾਈ ਦੇ ਮੌਕੇ, ਪ੍ਰਵਾਸੀ ਪੰਜਾਬੀਆਂ ਵੱਲੋਂ ਵਜ਼ੀਫ਼ਿਆਂ ਦੀ ਸਹਾਇਤਾ, ਆਈ.ਟੀ., ਡਿਜੀਟਲ, ਸਟਾਰਟਅੱਪ, ਆਰਟੀਫੀਸ਼ਲ ਇੰਟੈਲੀਜੈਂਸ, ਕੁਆਂਟਮ, ਸਾਈਬਰ ਸੁਰੱਖਿਆ ਅਤੇ ਨਵੀਂ ਤਕਨਾਲੋਜੀ ਦੇ ਖੇਤਰਾਂ ਵਿੱਚ ਮੌਕੇ ਪੈਦਾ ਕਰਨ 'ਤੇ ਵੀ ਜ਼ੋਰ ਦਿੱਤਾ।

ਸ. ਸੰਧੂ ਦੀ ਦਿੱਲੀ ਦੇ ਲੈਫ਼ਟੀਨੈਂਟ ਗਵਰਨਰ ਵਜੋਂ ਨਿਯੁਕਤੀ ਇਸ ਲਈ ਵੀ ਮਹੱਤਵਪੂਰਨ ਹੈ, ਕਿਉਂਕਿ ਕਿ ਦਿੱਲੀ ਦੇਸ਼ ਦੀ ਰਾਜਧਾਨੀ ਹੈ। ਇੱਥੇ ਪ੍ਰਸ਼ਾਸਨਿਕ ਸੂਝ, ਸੰਵਿਧਾਨਕ ਮਰਿਆਦਾ, ਕਾਨੂੰਨ-ਵਿਵਸਥਾ, ਵਿਕਾਸ, ਅੰਤਰਰਾਸ਼ਟਰੀ ਪ੍ਰਤੀਨਿਧਤਾ ਅਤੇ ਕੇਂਦਰ-ਰਾਜ ਤਾਲਮੇਲ ਵਰਗੀਆਂ ਜ਼ਿੰਮੇਵਾਰੀਆਂ ਬਹੁਤ ਗੰਭੀਰ ਹੁੰਦੀਆਂ ਹਨ। ਸ. ਸੰਧੂ ਵਰਗਾ ਵਿਅਕਤੀ, ਜਿਸ ਨੇ ਵਿਸ਼ਵ ਦੇ ਸਭ ਤੋਂ ਮਹੱਤਵਪੂਰਨ ਕੂਟਨੀਤਕ ਮੰਚਾਂ 'ਤੇ ਭਾਰਤ ਦਾ ਮਾਣ ਵਧਾਇਆ, ਦਿੱਲੀ ਵਰਗੀ ਰਾਸ਼ਟਰੀ ਰਾਜਧਾਨੀ ਦੀ ਸੰਵਿਧਾਨਕ ਜ਼ਿੰਮੇਵਾਰੀ ਲਈ ਬਿਲਕੁਲ ਯੋਗ ਚੋਣ ਹੈ।

ਉਨ੍ਹਾਂ ਦੀ ਹਲੀਮੀ, ਵਿਸ਼ਾਲ ਦ੍ਰਿਸ਼ਟੀ, ਸੰਵਾਦ ਦੀ ਸਮਰੱਥਾ, ਪ੍ਰਸ਼ਾਸਨਿਕ ਤਜਰਬਾ ਅਤੇ ਭਾਰਤ-ਪਹਿਲਾਂ ਵਾਲੀ ਸੋਚ ਦਿੱਲੀ ਨੂੰ ਨਵੀਂ ਦਿਸ਼ਾ ਦੇ ਸਕਦੀ ਹੈ। ਉਹ ਰਾਜਨੀਤਿਕ ਟਕਰਾਅ ਦੀ ਥਾਂ ਸੰਵਿਧਾਨਕ ਸੰਤੁਲਨ, ਨੀਤੀਗਤ ਸਪਸ਼ਟਤਾ ਅਤੇ ਵਿਕਾਸਮੁਖੀ ਪ੍ਰਬੰਧਨ ਨੂੰ ਤਰਜੀਹ ਦੇਣ ਵਾਲੀ ਸ਼ਖਸੀਅਤ ਹਨ।

ਅੱਜ ਜਦੋਂ ਸ. ਤਰਨਜੀਤ ਸਿੰਘ ਸੰਧੂ ਦਿੱਲੀ ਦੇ ਲੈਫ਼ਟੀਨੈਂਟ ਗਵਰਨਰ ਵਜੋਂ ਨਵੀਂ ਜ਼ਿੰਮੇਵਾਰੀ ਨੂੰ ਬਾਖ਼ੂਬੀ ਸੰਭਾਲ ਰਹੇ ਹਨ, ਤਾਂ ਇਹ ਕੇਵਲ ਇਕ ਵਿਅਕਤੀ ਦਾ ਨਹੀਂ, ਸਗੋਂ ਪੰਜਾਬੀ ਯੋਗਤਾ, ਸਿੱਖੀ ਦੀ ਦਸਤਾਰ, ਅੰਮ੍ਰਿਤਸਰ ਦੀ ਧਰਤੀ ਅਤੇ ਭਾਰਤੀ ਕੂਟਨੀਤਕ ਪਰੰਪਰਾ ਦਾ ਸਨਮਾਨ ਹੈ। ਜਿਸ ਨਾਲ ਇਹ ਸੁਨੇਹਾ ਵੀ ਜਾਂਦਾ ਹੈ ਕਿ ਭਾਰਤ ਦੀ ਨਵੀਂ ਵਿਵਸਥਾ ਵਿੱਚ ਉਹਨਾਂ ਲੋਕਾਂ ਲਈ ਵੱਡੇ ਦਰਵਾਜ਼ੇ ਖੁੱਲ੍ਹੇ ਹਨ, ਜਿਨ੍ਹਾਂ ਕੋਲ ਤਜਰਬਾ, ਇਮਾਨਦਾਰੀ, ਦੇਸ਼-ਭਗਤੀ ਅਤੇ ਨਿਰਮਾਣਕਾਰੀ ਸੋਚ ਹੈ। ਸ. ਸੰਧੂ ਵਰਗੀਆਂ ਸ਼ਖ਼ਸੀਅਤਾਂ ਰਾਸ਼ਟਰ ਦੇ ਭਵਿੱਖ ਲਈ ਪ੍ਰੇਰਕ ਮਾਡਲ ਹਨ।

ਅੰਮ੍ਰਿਤਸਰ ਲਈ ਇਹ ਖ਼ਾਸ ਮਾਣ ਦੀ ਗੱਲ ਹੈ ਕਿ ਗੁਰੂ ਨਗਰੀ ਦੀ ਮਿੱਟੀ ਨਾਲ ਜੁੜਿਆ ਇਕ ਸੂਝਵਾਨ, ਹਲੀਮ, ਅਨੁਭਵੀ ਅਤੇ ਵਿਸ਼ਵ ਪੱਧਰੀ ਭਾਰਤੀ ਅੱਜ ਦੇਸ਼ ਦੀ ਰਾਜਧਾਨੀ ਦਿੱਲੀ ਦੀ ਸੰਵਿਧਾਨਕ ਜ਼ਿੰਮੇਵਾਰੀ ਨੂੰ ਨਿਵੇਕਲੇ ਢੰਗ ਨਾਲ ਨਿਭਾ ਰਿਹਾ ਹੈ। ਇਹ ਕਦਮ ਪੰਜਾਬ ਦੇ ਨੌਜਵਾਨਾਂ ਲਈ ਵੀ ਪ੍ਰੇਰਣਾ ਹੈ ਕਿ ਯੋਗਤਾ, ਸੇਵਾ ਅਤੇ ਰਾਸ਼ਟਰੀ ਨਿਸ਼ਠਾ ਮਨੁੱਖ ਨੂੰ ਕਿੰਨੇ ਉੱਚੇ ਦਰਜੇ ਤੱਕ ਲੈ ਜਾ ਸਕਦੀ ਹੈ।

ਸਰਦਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਦਿੱਲੀ ਦੇ ਲੈਫ਼ਟੀਨੈਂਟ ਗਵਰਨਰ ਵਜੋਂ ਨਿਯੁਕਤ ਕਰਨਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਦੂਰਅੰਦੇਸ਼ੀ ਅਤੇ ਯੋਗਤਾ-ਕੇਂਦਰਿਤ ਸੋਚ ਦਾ ਪ੍ਰਗਟਾਵਾ ਹੈ। ਇਹ ਫ਼ੈਸਲਾ ਦਿੱਲੀ, ਪੰਜਾਬ ਅਤੇ ਦੇਸ਼ — ਤਿੰਨਾਂ ਲਈ ਲਾਭਕਾਰੀ ਸਾਬਤ ਹੋਵੇਗਾ। ਆਸ ਹੈ ਕਿ ਉਹ ਆਪਣੀ ਕੂਟਨੀਤਕ ਸੂਝ, ਪ੍ਰਸ਼ਾਸਨਿਕ ਅਨੁਭਵ, ਹਲੀਮੀ ਅਤੇ ਰਾਸ਼ਟਰ-ਸੇਵਾ ਦੇ ਜਜ਼ਬੇ ਨਾਲ ਦਿੱਲੀ ਦੇ ਪ੍ਰਸ਼ਾਸਨ ਵਿੱਚ ਨਵੀਂ ਮਰਿਆਦਾ, ਨਵਾਂ ਸੰਤੁਲਨ ਅਤੇ ਨਵੀਂ ਊਰਜਾ ਲਿਆਉਣ ਚ ਕਾਮਯਾਬ ਰਹਿਣਗੇ ਅਤੇ ਉਹ ਮੈਨੂੰ ਦਿੱਲੀ ਦੇ ਲੈਫ਼ਟੀਨੈਂਟ ਗਵਰਨਰ ਵਜੋਂ ਪੰਜਾਬੀ ਕਿਰਦਾਰ ਦੀਆਂ ਅਮਿੱਟ ਪੈੜਾਂ ਦਾ ਸ਼ਾਹਸਵਾਰ ਨਜ਼ਰ ਆਉਂਦਾ ਹੈ।

**ਪ੍ਰੋ. ਸਰਚਾਂਦ ਸਿੰਘ ਖਿਆਲਾ**
9781355522

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਠਲਾਵਾ -ਮੋਰਾਂਵਾਲੀ ਸਕੂਲ ਵਿੱਚ ਬੋਰਡ ਪ੍ਰੀਖਿਆ ਵਿਚੋਂ

# ਅੱਵਲ ਆਏ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ





**ਸਰਕਾਰੀ** ਹਾਈ ਸਕੂਲ ਪਠਲਾਵਾ -ਮੋਰਾਂਵਾਲੀ ਵਿਖੇ ਵਿਦਿਆਰਥੀਆਂ ਨੂੰ ਬੋਰਡ ਪ੍ਰੀਖਿਆਵਾਂ ਵਿਚੋਂ ਮੁਕਾਬਲੇ ਦੀ ਭਾਵਨਾਂ ਪੈਦਾ ਕਰਨ ਹਿੱਤ ਸ ਜਸਵੀਰ ਸਿੰਘ ਘੋਲੀ ਮੋਰਾਂਵਾਲੀ ਹਾਲ ਵਾਸੀ ਸੰਯੁਕਤ ਰਾਜ ਅਮਰੀਕਾ ਵਲੋਂ ਦਸਵੀਂ ਜਮਾਤ ਵਿਚੋਂ ਪਹਿਲੇ ਦੂਜੇ ਅਤੇ ਤੀਜੇ ਨੰਬਰ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਐਲਾਨੀ ਪੰਜਾਹ ਰੁਪਏ ਦੀ ਰਾਸ਼ੀ ਨਾਲ ਇਸ ਦੇ ਯੋਗ ਵਿਦਿਆਰਥੀਆਂ ਵਿਚ ਵੰਡਣ ਹਿਤ ਸਕੂਲ ਵਿਚ ਇਕ ਸੰਖੇਪ ਪਰ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ, ਜਿਸਦੀ ਪ੍ਰਧਾਨਗੀ ਸਕੂਲ ਦੀ ਹੈਡ ਮਿਸਟਰੈਸ ਸ੍ਰੀਮਤੀ ਸੀਮਾ, ਸ ਕਮਲਜੀਤ ਸਿੰਘ ਮੋਰਾਂਵਾਲੀ ( ਸ ਜਸਵੀਰ ਸਿੰਘ ਘੋਲੀ ਦੇ ਭਰਾਤਾ) ਇਲਾਕੇ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ, ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ,ਸ ਅਮਨਦੀਪ ਸਿੰਘ ਰਾਏ ਸਰਪੰਚ ਮੋਰਾਂਵਾਲੀ ਵਲੋਂ ਸਾਂਝੇ ਤੌਰ ਤੇ ਕੀਤੀ ਗਈ। ਸਮਾਗਮ ਦੀ ਸ਼ੁਰੂਆਤ ਕਰਦਿਆਂ ਸ ਅਮਰੀਕ ਸਿੰਘ ਕੰਪਿਊਟਰ ਫੈਕਲਟੀ ਨੇ ਸਮਾਗਮ ਵਿਚ ਪੁਹੰਚੇ ਮਹਿਮਾਨਾਂ ਨੂੰ ਜੀ ਆਇਆਂ ਆਖਿਆ । ਇਸ ਤੋਂ ਬਾਅਦ ਸ੍ਰੀ ਸੰਦੀਪ ਕੁਮਾਰ ਗੌੜ ਪੋਸੀ ਨੇ ਸਮਾਗਮ ਤੋਂ ਜਾਣੂ ਕਰਵਾਉਂਦਿਆਂ ਆਖਿਆ ਕਿ ਸ ਜਸਵੀਰ ਸਿੰਘ ਘੋਲੀ ਵਲੋਂ ਹਰ ਸਾਲ ਦਸਵੀਂ ਦੀ ਪ੍ਰੀਖਿਆ ਵਿਚੋਂ ਕ੍ਰਮਵਾਰ ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ, ਪੱਚੀ , ਪੰਦਰਾਂ ਅਤੇ ਦਸ ਹਜ਼ਾਰ ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਂਦਾ ਹੈ। ਤੇ ਇਹ ਸ਼ੁੱਭ ਸ਼ੁਰੂਆਤ ਉਹਨਾਂ ਵਲੋਂ 2006 ਵਿਚ ਕਰ ਦਿਤੀ ਸੀ। ਇਸ ਅਵਸਰ ਤੇ ਬੋਲਦਿਆਂ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ ਨੇ ਸ ਜਸਵੀਰ ਸਿੰਘ ਘੋਲੀ ਵਲੋਂ ਜੋਂ ਇਹ ਪਵਿੱਤਰ ਕਾਰਜ ਕੀਤਾ ਜਾ ਰਿਹਾ ਹੈ, ਵਾਰੇ ਬੋਲਦਿਆਂ ਆਖਿਆ ਕਿ ਇਸ ਨਾਲ ਵਿਦਿਆਰਥੀਆਂ ਵਿਚ ਮੁਕਾਬਲੇ ਦੀ ਭਾਵਨਾ ਪੈਦਾ ਹੋਵੇਗੀ ਜੋਂ ਵਿਦਿਆਰਥੀਆਂ ਨੂੰ ਉਹਨਾਂ ਦੀ ਮੰਜ਼ਿਲ ਤੱਕ ਪੁਚਾਉਣ ਵਿਚ ਬੇਹੱਦ ਮੱਦਦਗਾਰ ਸਾਬਤ ਹੋਵੇਗੀ। ਉਹਨਾਂ ਨੇ ਵਿਦਿਆਰਥੀਆਂ ਨੂੰ ਮੋਟੀਵੇਟ ਕਰਦਿਆਂ ਆਖਿਆ ਕਿ ਲਗਨ,ਮਿਹਨਤ ਅਤੇ ਸਿਦਕ ਦਿਲੀ ਨਾਲ ਕੀਤਾ ਹੋਇਆ ਕੰਮ ਤੁਹਾਨੂੰ ਸਫਲਤਾ ਦੀ ਟੀਸੀ ਤੱਕ ਲਿਜਾਣ ਤੋਂ ਕੋਈ ਰੋਕ ਨਹੀਂ ਸਕਦਾ। ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਨੇ ਆਪਣੇ ਨਿਜੀ ਤਜਰਬਿਆਂ ਦੀ ਤਰਜਮਾਨੀ ਕਰਦਿਆਂ ਆਖਿਆਂ ਮਿਹਨਤ ਇਕ ਅਜਿਹੀ ਚਾਬੀ ਹੈ ਜਿਸ ਨਾਲ ਤੁਸੀਂ ਸਫਲ ਜਿੰਦਗੀ ਦੇ ਤਾਲਿਆਂ ਨੂੰ ਬਹੁਤ ਹੀ ਆਸਾਨੀ ਨਾਲ ਖੋਲ ਸਕਦੇ ਹੋ । ਉਹਨਾਂ ਨੇ ਹੈਰਾਨੀ ਪ੍ਰਗਟ ਕਰਦਿਆਂ ਆਖਿਆ ਕਿ ਸਿਰਫ ਬੇਟੀਆਂ ਹੀ ਹਰ ਖੇਤਰ ਵਿਚ ਅੱਗੇ ਆ ਰਹੀਆਂ ਹਨ ਜੋਂ ਕਿ ਬੜੀ ਖੁਸ਼ੀ ਦੀ ਗੱਲ ਹੈ ਪਰ ਉਹਨਾਂ ਨੇ ਲੜਕਿਆਂ ਨੂੰ ਵੀ ਉਤਸ਼ਾਹਿਤ ਕਰਦਿਆਂ ਐਲਾਨ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਜਿਹੜਾ ਲੜਕਾ ਬੋਰਡ ਪ੍ਰੀਖਿਆਵਾਂ ਵਿਚੋਂ ਪਹਿਲੀਆਂ ਤਿੰਨ ਪੁਜੀਸ਼ਨਾਂ ਹਾਸਲ ਕਰੇਗਾ ਪਠਲਾਵਾ ਸੰਸਥਾ ਵਲੋਂ ਇਸ ਰਾਸ਼ੀ ਤੋਂ ਇਲਾਵਾ ਦਸ ਹਜ਼ਾਰ ਰੁਪਏ ਦਾ ਇਨਾਮ ਹਰ ਲੜਕੇ ਨੂੰ ਵੀ ਦੇਵੇਗੀ। ਸ ਅਮਨਦੀਪ ਸਿੰਘ ਰਾਏ ਸਰਪੰਚ ਮੋਰਾਂਵਾਲੀ ਨੇ ਵੀ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਦਿਆਂ ਆਖਿਆ ਕਿ ਬੜੀ ਖੁਸ਼ੀ ਦੀ ਗੱਲ ਹੈ ਕਿ ਸ ਜਸਵੀਰ ਸਿੰਘ ਘੋਲੀ ਵਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਮੱਦਦ ਲਈ ਸ਼ਲਾਘਾਯੋਗ ਉੱਦਮ ਉਪਰਾਲਾ ਕੀਤਾ ਜਾ ਰਿਹਾ ਹੈ ।ਇਸ ਅਵਸਰ ਤੇ ਸਾਲ 2024 ਵਿੱਚ ਸਿਮਰਨ ਪੁੱਤਰੀ ਮਲਕੀਤ ਰਾਮ ਪਠਲਾਵਾ, ਨੈਨਸੀ ਪੁੱਤਰੀ ਸੁਦੇਸ਼ ਕੁਮਾਰ ਸਿੱਧੂ ਮੋਰਾਂਵਾਲੀ ਅਤੇ ਕਵਿਤਾ ਪੁੱਤਰੀ ਮੈਂਟਾਂ ਮੋਰਾਂਵਾਲੀ ਇਸੇ ਤਰਾਂ ਸਾਲ 2025 ਲਈ ਮਹਿਕ ਪੁੱਤਰੀ ਸ ਪ੍ਰਮਜੀਤ ਸਿੰਘ ਪੰਮਾ ਸਾਬਕਾ ਅੰਤਰਰਾਸ਼ਟਰੀ ਫੁੱਟਬਾਲ ਖਿਡਾਰੀ,ਦੀਆਂ ਪੁੱਤਰੀ ਭਿੰਦਰ ਸਿੰਘ ਮੋਰਾਂਵਾਲੀ ਅਤੇ ਮੁਸਕਾਨ ਪੁੱਤਰੀ ਸੁਖਵਿੰਦਰ ਸਿੰਘ ਮੋਰਾਂਵਾਲੀ ਨੂੰ ਕ੍ਰਮਵਾਰ ਪਹਿਲੇ , ਦੂਜੇ ਅਤੇ ਤੀਜੇ ਨੰਬਰ ਤੇ ਆਉਣ ਲਈ 25,15 ਅਤੇ। 10 ਹਜ਼ਾਰ ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ । ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਬਲਜਿੰਦਰ ਸਿੰਘ ਸਾਇੰਸ ਮਾਸਟਰ ਮਜ਼ਾਰਾ ਡੀਂਗਰੀਆਂ, ਮੈਡਮ ਆਰਤੀ ਸ਼ਰਮਾ, ਮੈਡਮ, ਮਨਜਿੰਦਰ ਕੌਰ ਮੋਰਾਂਵਾਲੀ,ਮੈਡਮ ਏਕਤਾ ਮੋਰਾਂਵਾਲੀ,ਸ ਰਣਜੀਤ ਸਿੰਘ ਮੈਥ ਮਾਸਟਰ ਪੋਸੀ ,,ਸ ਹਰਜੀਤ ਸਿੰਘ ਜੀਤਾ ਮੀਡੀਆ ਇੰਚਾਰਜ ਪਠਲਾਵਾ ਸੰਸਥਾ,ਸ ਰਜਿੰਦਰ ਸਿੰਘ ਜਿੰਦਾ,ਸ ਬਲਵਿੰਦਰ ਸਿੰਘ ਪਠਲਾਵਾ ਅਤੇ ਸਨਮਾਨ ਰਾਸ਼ੀ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੇ ਮਾਪੇ ਵੀ ਹਾਜਿਰ ਸਨ। ਇਸ ਤੋਂ ਬਾਅਦ ਹੈਡ ਮਿਸਟਰੈਸ ਸ੍ਰੀਮਤੀ ਸੀਮਾ ਵਲੋਂ ਸਾਰੇ ਪੱਤਵੰਤੇ ਸੱਜਣਾ ਦਾ ਧੰਨਵਾਦ ਕੀਤਾ ਗਿਆ । ਸਕੂਲ ਸਟਾਫ ਵੱਲੋਂ ਸਮਾਜ ਸੇਵੀ ਸ ਜਸਵੀਰ ਸਿੰਘ ਘੋਲੀ ਮੋਰਾਂਵਾਲੀ ਨੂੰ ਉਹਨਾਂ ਵਲੋਂ ਸਕੂਲ ਲਈ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸਮਾਜ ਸੇਵੀ ਸੇਵਾਵਾਂ ਲਈ ਸਕੂਲ ਦਾ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

**-ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

### ਭਾਜਪਾ ਵੱਲੋਂ ਭੂਸ਼ਣ ਆਨੰਦ ਜੰਡਿਆਲਾ ਗੁਰੂ ਸਿਟੀ ਦੇ ਮੰਡਲ ਪ੍ਰਧਾਨ ਨਿਯੁਕਤ

# ਭਾਜਪਾ ਹਮੇਸ਼ਾ ਸਮਰਪਿਤ ਵਰਕਰਾਂ ਨੂੰ ਅੱਗੇ ਲਿਆਉਣ ਵਿੱਚ ਵਿਸ਼ਵਾਸ ਰੱਖਦੀ ਹੈ- ਮਨਜੀਤ ਮੰਨਾ



**ਜੰਡਿਆਲਾ ਗੁਰੂ, 5 ਮਈ ( ਕੁਲਵੰਤ ਸਿੰਘ ਵਿਰਦੀ )**-ਭਾਰਤੀ ਜਨਤਾ ਪਾਰਟੀ ਦੀ ਸੰਗਠਨਾਤਮਕ ਮਜ਼ਬੂਤੀ ਨੂੰ ਹੋਰ ਵਧਾਉਂਦੇ ਹੋਏ ਸ. ਮਨਜੀਤ ਸਿੰਘ ਮੰਨਾ ਮੀਆਂਵਿੰਡ, ਸਾਬਕਾ ਰਾਜ ਮੰਤਰੀ ਪੰਜਾਬ ਵਲੋਂ ਭਾਜਪਾ ਹਾਈ ਕਮਾਂਡ ਨਾਲ ਸਲਾਹ-ਮਸ਼ਵਰਾ ਕਰਨ ਉਪਰੰਤ ਭੂਸ਼ਣ ਆਨੰਦ ਨੂੰ ਜੰਡਿਆਲਾ ਗੁਰੂ ਸਿਟੀ ਦਾ ਮੰਡਲ ਪ੍ਰਧਾਨ ਨਿਯੁਕਤ ਕੀਤਾ ਗਿਆ। ਮਨਜੀਤ ਮੰਨਾ ਨੇ ਕਿਹਾ ਕਿ ਇਸ ਨਿਯੁਕਤੀ ਨਾਲ ਇਲਾਕੇ ਵਿੱਚ ਪਾਰਟੀ ਨੂੰ ਨਵੀਂ ਤਾਕਤ ਅਤੇ ਦਿਸ਼ਾ ਮਿਲੇਗੀ ।ਇਸ ਮੌਕੇ ਸੰਬੋਧਨ ਕਰਦਿਆਂ ਸ. ਮਨਜੀਤ ਸਿੰਘ ਮੰਨਾ ਨੇ ਕਿਹਾ ਕਿ ਭਾਜਪਾ ਹਮੇਸ਼ਾ ਹੀ ਯੋਗ ਅਤੇ ਸਮਰਪਿਤ ਵਰਕਰਾਂ ਨੂੰ ਅੱਗੇ ਲਿਆਉਣ ਵਿੱਚ ਵਿਸ਼ਵਾਸ ਰੱਖਦੀ ਹੈ। ਉਨ੍ਹਾਂ ਨੇ ਕਿਹਾ ਕਿ ਭੂਸ਼ਣ ਆਨੰਦ ਪਾਰਟੀ ਦੇ ਵਫ਼ਾਦਾਰ ਅਤੇ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੇ ਆਗੂ ਹਨ, ਜਿਨ੍ਹਾਂ ਨੇ ਹਮੇਸ਼ਾ ਹੀ ਪਾਰਟੀ ਦੀ ਨੀਤੀ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਦਿਨ-ਰਾਤ ਮਿਹਨਤ ਕੀਤੀ ਹੈ। ਇਨ੍ਹਾਂ ਦੀ ਨਿਯੁਕਤੀ ਨਾਲ ਜੰਡਿਆਲਾ ਗੁਰੂ ਵਿੱਚ ਪਾਰਟੀ ਹੋਰ ਮਜ਼ਬੂਤ ਹੋਵੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਨਵੇਂ ਕੀਰਤੀਮਾਨ ਸਥਾਪਿਤ ਕਰੇਗੀ ।ਸ. ਮੰਨਾ ਨੇ ਕਿਹਾ ਕਿ ਭਾਜਪਾ ਦਾ ਮੁੱਖ ਉਦੇਸ਼ ਦੇਸ਼ ਅਤੇ ਸਮਾਜ ਦੀ ਸੇਵਾ ਕਰਨਾ ਹੈ ਅਤੇ ਇਸੇ ਮਕਸਦ ਨਾਲ ਪਾਰਟੀ ਹਰ ਵਰਗ ਦੇ ਲੋਕਾਂ ਨਾਲ ਜੁੜ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਅਤੇ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣਾ ਹਰ ਇਕ ਪਾਰਟੀ ਵਰਕਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਭੂਸ਼ਣ ਆਨੰਦ ਨੂੰ ਅਪੀਲ ਕੀਤੀ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਪੂਰੇ ਜਜ਼ਬੇ ਨਾਲ ਕੰਮ ਕਰਨ ਅਤੇ ਸੰਗਠਨ ਨੂੰ ਨਵੀਆਂ ਮੰਜ਼ਿਲਾਂ ਤੱਕ ਲੈ ਕੇ ਜਾਣ। ਮੰਡਲ ਪ੍ਰਧਾਨ ਭੂਸ਼ਣ ਆਨੰਦ ਨੇ ਪਾਰਟੀ ਹਾਈ ਕਮਾਂਡ ਅਤੇ ਸ. ਮਨਜੀਤ ਸਿੰਘ ਮੰਨਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਨੂੰ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਪੂਰੀ ਕਰਨਗੇ। ਉਨ੍ਹਾਂ ਨੇ ਕਿਹਾ ਕਿ ਉਹ ਜੰਡਿਆਲਾ ਗੁਰੂ ਦੇ ਹਰ ਵਰਗ ਦੇ ਲੋਕਾਂ ਨਾਲ ਸੰਪਰਕ ਮਜ਼ਬੂਤ ਕਰਕੇ ਪਾਰਟੀ ਨੂੰ ਜੜਾਂ ਤੱਕ ਮਜ਼ਬੂਤ ਬਣਾਉਣ ਲਈ ਕੰਮ ਕਰਨਗੇ ।ਇਸ ਮੌਕੇ ਸਰਬਜੀਤ ਸਿੰਘ ਸੰਧੂ ਜ਼ਿਲਾ ਅੰਮ੍ਰਿਤਸਰ ਦਿਹਾਤੀ ਜਨਰਲ ਸਕੱਤਰ, ਸੁਰਿੰਦਰਪਾਲ ਸਿੰਘ, ਜ਼ਿਲਾ ਮੀਤ ਪ੍ਰਧਾਨ ਜਗਰੂਪ ਸਿੰਘ ਵਡਾਲੀ, ਬਲਜਿੰਦਰ ਸਿੰਘ ਯੂਥ ਪ੍ਰਧਾਨ ਅਤੇ ਹਰਜਿੰਦਰ ਸਿੰਘ ਜ਼ਿਲਾ ਉਪ ਪ੍ਰਧਾਨ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਵੀ ਮੌਜੂਦ ਸਨ। ਅੰਤ ਵਿੱਚ ਸ. ਮਨਜੀਤ ਸਿੰਘ ਮੰਨਾ ਨੇ ਕਿਹਾ ਕਿ ਭਾਜਪਾ ਇਕ ਅਜਿਹੀ ਪਾਰਟੀ ਹੈ ਜੋ ਸੰਗਠਨਾਤਮਕ ਅਨੁਸ਼ਾਸਨ ਅਤੇ ਸਮਰਪਣ ਨੂੰ ਸਭ ਤੋਂ ਵੱਧ ਮਹੱਤਵ ਦਿੰਦੀ ਹੈ ਅਤੇ ਇਸੇ ਰਾਹ 'ਤੇ ਚਲਦਿਆਂ ਪਾਰਟੀ ਦੇਸ਼ ਵਿੱਚ ਵਿਕਾਸ ਅਤੇ ਤਰੱਕੀ ਦੇ ਨਵੇਂ ਮਾਪਦੰਡ ਸਥਾਪਿਤ ਕਰ ਰਹੀ ਹੈ।

# ਜੱਸਾ ਸਿੰਘ ਰਾਮਗੜੀਆ ਜੀ ਦੇ ਜਨਮ ਦਿਹਾੜੇ ਤੇ ਲੱਡੂ ਵੰਡ ਮਨਾਈ ਖੁਸ਼ੀ



**ਫ਼ਿਰੋਜ਼ਪੁਰ, 5 ਮਈ (ਮਨੋਹਰ ਲਾਲ) :—** ਇੰਟਰਨੈਸ਼ਨਲ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੋਸਾਇਟੀ ਵੱਲੋਂ ਸਰਦਾਰ ਜੱਸਾ ਸਿੰਘ ਰਾਮਗੜੀਆ ਜੀ ਦੇ ਜਨਮ ਦਿਹਾੜੇ ਉੱਪਰ ਬਗਦਾਦੀ ਗੇਟ ਅੰਦਰ ਬਣੇ ਉਨ੍ਹਾਂ ਦੇ ਬਹੁਤ ਹੀ ਸੁੰਦਰ ਬੁੱਤ ਉਪਰ ਫੁੱਲਾਂ ਦੀ ਵਰਖਾ ਕੀਤੀ ਗਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਭਾਈ ਮਰਦਾਨਾ ਸੁਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਕਿਹਾ ਕੀ ਅੱਜ ਮਹਾਰਾਜਾ ਜੱਸਾ ਸਿੰਘ ਰਾਮਗੜੀਆ ਜੀ ਦਾ ਜਨਮ ਦਿਹਾੜਾ ਮਨਾਇਆ ਜਾ ਰਿਹਾ ਹੈ। ਇਹ ਉਨ੍ਹਾਂ ਦਾ ਬੁੱਤ ਜੋ ਕਿ ਤਕਰੀਬਨ 20 ਕੁ ਸਾਲ ਪਹਿਲਾਂ ਬਣਾਇਆ ਗਿਆ ਸੀ ਅੱਜ ਇਸ ਦਾ ਨਵੀਨੀਕਰਨ ਕਰਵਾਇਆ ਗਿਆ ਹੈ, ਜਿਸ ਦੀ ਸੇਵਾ ਭਾਜਪਾ ਨੇਤਾ ਸ੍ਰੀ ਮੋਹਿਤ ਢਲ ਵੱਲੋਂ ਕੀਤੀ ਗਈ। ਉਨ੍ਹਾਂ ਕਿਹਾ ਕਿ ਸ਼੍ਰੀ ਮੋਹਿਤ ਢੱਲ ਸਮਾਜ ਸੇਵੀ ਹਨ, ਜ਼ੋ ਹਰ ਬਰਾਦਰੀ ਨਾਲ ਖੜ੍ਹਦੇ ਹਨ। ਉਨ੍ਹਾਂ ਕਿਹਾ ਕਿ ਮਹਾਰਾਜਾ ਜੱਸਾ ਸਿੰਘ ਰਾਮਗੜੀਆ ਰਾਮਗੜੀਆ ਮਿਸਲ ਦੇ ਮੋਢੀ ਸਨ ਅਤੇ ਇਨ੍ਹਾਂ ਨੇ ਮੁਗਲ ਕਾਲ ਵਿੱਚ ਮੁਗਲ ਸਲਤਨਤ ਦਾ ਤਖਤ ਦਿੱਲੀ ਚੱਕ ਕੇ ਅੰਮ੍ਰਿਤਸਰ ਲਿਆਂਦਾ ਅਤੇ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਪਰਿਕਰਮਾ ਦੇ ਨਾਲ ਰਾਮਗੜੀਆ ਬੁੰਗਾ ਮੌਜੂਦ ਹੈ ਉਸ ਵਿੱਚ ਇਹ ਅੱਜ ਤੱਕ ਵੀ ਪਿਆ ਹੈ ਅਤੇ ਇਹ ਰਾਮਗੜੀਆ ਕੌਮ ਲਈ ਬਹੁਤ ਹੀ ਮਾਨ ਵਾਲੀ ਗੱਲ ਹੈ। ਇਸ ਮੌਕੇ ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੋਸਾਇਟੀ ਵੱਲੋਂ ਲੱਡੂ ਵੰਡ ਕੇ ਖੁਸ਼ੀ ਜਾਹਿਰ ਕੀਤੀ ਗਈ। ਇਸ ਮੌਕੇ ਭਾਈ ਮਰਦਾਨਾ ਸੋਸਾਇਟੀ ਦੇ ਦਰਸ਼ਨ ਲਾਲ ਹੀਰਾ, ਮਨੋਹਰ ਲਾਲ, ਨਿਰਮਲ ਸਿੰਘ, ਹਰਜੀਤ ਸਿੰਘ ਧਾਲੀਵਾਲ, ਇੰਦਰ ਇੰਦਰਪਾਲ ਸਿੰਘ ਪ੍ਰਿੰਸ ਗੁਰਮੀਤ ਸਿੰਘ ਔਲਖ, ਪਰਮਜੀਤ ਸਿੰਘ ਔਲਖ, ਰਣਬੀਰ ਸਿੰਘ ਰਾਣਾ, ਹਰਦੀਪ ਸਿੰਘ ਰੱਜੀਵਾਲਾ, ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੋਸਾਇਟੀ ਪੰਜਾਬ ਦੇ ਭਗਵਾਨ ਸਿੰਘ ਦੜਿਆਲਾ, ਹਰਭਜਨ ਸਿੰਘ ਦੜਿਆਲਾ, ਸੁਖਮੰਦਰ ਸਿੰਘ ਜਬਲ, ਇੰਦਰਜੀਤ ਸਿੰਘ ਮੋਗਾ, ਗੁਰਪ੍ਰੀਤ ਸਿੰਘ ਗੋਪੀ, ਬਲਦੇਵ ਸਿੰਘ, ਸੁਰਜੀਤ ਸਿੰਘ, ਦਵਿੰਦਰ ਸਿੰਘ ਕਲਸੀ, ਮੇਹਰ ਸਿੰਘ ਕਲਸੀ, ਜਸਵਿੰਦਰ ਸਿੰਘ ਸੰਧੂ, ਸੁਰਜੀਤ ਸਿੰਘ ਦਰੀਆਲਾ, ਜਸਵਿੰਦਰ ਸਿੰਘ ਲੋਟੇ, ਜਸਬੀਰ ਸਿੰਘ ਕਲਸੀ, ਜਗਤਾਰ ਸਿੰਘ ਕਲਸੀ, ਪਰਮਜੀਤ ਸਿੰਘ ਕਲਸੀ, ਦਵਿੰਦਰ ਸਿੰਘ ਕਲਸੀ ਆਦਿ ਹਾਜਰ ਸਨ।

# ਕੌਂਸਲ ਆਫ ਜੂਨੀਅਰ ਇੰਜੀਨੀਅਰ ਦਾ ਵ.ਫਦ ਨਵ ਨਿਯੁਕਤ ਚੀਫ ਇੰਜੀਨੀਅਰ ਉੱਤਰੀ ਜੋਨ ਜਲੰਧਰ ਨੂੰ ਮਿਲਿਆ



**ਕਪੂਰਥਲਾ,05 ਮਈ** -ਕੌਂਸਲ ਆਫ ਜੂਨੀਅਰ ਇੰਜੀਨੀਅਰਜ਼ ਉੱਤਰੀ ਜੋਨ ਜਲੰਧਰ ਦੀ ਜੋਨਲ ਕਮੇਟੀ ਦਾ ਇੱਕ ਵਫਦ ਜਨਲ ਪ੍ਰਧਾਨ ਇੰਜੀਨੀਅਰ ਗੁਰਨਾਮ ਸਿੰਘ ਬਾਜਵਾ ਦੀ ਅਗਵਾਈ ਹੇਠ ਨਵ ਨਿਯੁਕਤ ਚੀਫ ਇੰਜੀਨੀਅਰ ਉੱਤਰੀ ਜੋਨ ਜਲੰਧਰ ਇੰਜੀਨੀਅਰ ਸਰਬਜੀਤ ਸਿੰਘ ਰਾਜੂ ਨੂੰ ਮਿਲਿਆ। ਵਫਦ ਆਗੂਆਂ ਨੇ ਫੁੱਲਾਂ ਦਾ ਗੁਲਦਸਤਾ ਭੇਂਟ ਕਰਕੇ ਚੀਫ ਇੰਜੀਨੀਅਰ ਸਰਬਜੀਤ ਸਿੰਘ ਰਾਜੂ ਦਾ ਸਵਾਗਤ ਕੀਤਾ । ਕੌਂਸਲ ਦੇ ਅਹੁਦੇਦਾਰਾਂ ਦੇ ਵ.ਫਦ ਨੇ ਜੇ ਈਜ਼ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਅਤੇ ਚਿਰਾਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਤੋਂ ਇਲਾਵਾ ਮਸਲੇ ਉਹਨਾਂ ਨਾਲ ਸਾਂਝੇ ਕੀਤੇ। ਚੀਫ ਇੰਜੀਨੀਅਰ ਸਰਬਜੀਤ ਸਿੰਘ ਰਾਜੂ ਨੇ ਵ.ਫਦ ਨੂੰ ਭਰੋਸਾ ਦਵਾਇਆ ਕਿ ਉਹਨਾਂ ਦੇ ਹਰੇਕ ਮਸਲੇ ਦਾ ਹੱਲ ਪਹਿਲ ਦੇ ਆਧਾਰ ਉਤੇ ਕੀਤਾ ਜਾਵੇਗਾ। ਅਤੇ ਕੌਂਸਲ ਮੈਂਬਰਾਨ ਵੱਲੋਂ ਵੀ ਚੀਫ ਇੰਜੀਨੀਅਰ ਸਰਬਜੀਤ ਸਿੰਘ ਰਾਜੂ ਨੂੰ ਵਿਸ਼ਵਾਸ ਦਵਾਇਆ ਗਿਆ ਕਿ ਖਪਤਕਾਰਾਂ ਨੂੰ 24 ਘੰਟੇ ਨਿਰਵਿਘਨ ਬਿਜਲੀ ਸਪਲਾਈ ਦੇਣ ਹਿੱਤ ਲਗਾਤਾਰ ਮਿਹਨਤ ਕੀਤੀ ਜਾਵੇਗੀ। ਕੌਂਸਲ ਦੇ ਪ੍ਰਧਾਨ ਗੁਰਨਾਮ ਸਿੰਘ ਬਾਜਵਾ ਨੇ ਦੱਸਿਆ ਕਿ ਚੀਫ ਇੰਜੀਨੀਅਰ ਕੋਟਲੇ ਦਾ ਸਰਬਜੀਤ ਸਿੰਘ ਰਾਜੂ ਇਸ ਤੋਂ ਪਹਿਲਾਂ ਬਤੌਰ ਚੀਫ ਇੰਜੀਨੀਅਰ ਉਹਨਾਂ ਨੂੰ ਦਸਤਾ ਪਟਿਆਲਾ ਵਿਖੇ ਸੇਵਾਵਾਂ ਨਿਭਾ ਰਹੇ ਸਨ ਜੋ ਕਿ ਉੱਤਰੀ ਜੋਨ ਜਲੰਧਰ ਦੇ ਚੱਲ ਰਹੇ ਚੀਫ ਇੰਜੀਨੀਅਰ ਦੇਸ ਰਾਜ ਬੰਗੜ ਦੀ ਸੇਵਾ ਮੁਕਤੀ ਉਪਰੰਤ ਅੱਜ ਚਾਰਜ ਸੰਭਾਲਿਆ ਹੈ। ਇਸ ਮੌਕੇ ਇੰਜ ਪਲਵਿੰਦਰ ਸਿੰਘ ਮੋਮੀ ਪ੍ਰਧਾਨ ਕਪੂਰਥਲਾ, ਇੰਜੀਨੀਅਰ ਰੁਪਿੰਦਰ ਸ਼ਰਮਾ ਪ੍ਰਧਾਨ ਜਲੰਧਰ, ਇੰਜੀਨੀਅਰ ਗੁਰਬਖਸ਼ ਰਾਮ ਪ੍ਰਧਾਨ ਨਵਾਂ ਸ਼ਹਿਰ, ਇੰਜੀਨੀਅਰ ਸੁਨੀਲ ਹੰਸ ਸਕੱਤਰ ਕਪੂਰਥਲਾ, ਇੰਜੀਨੀਅਰ ਰਜੀਵ ਸ਼ਰਮਾ ਸੈਕਟਰੀ ਜਲੰਧਰ, ਇੰਜੀਨੀਅਰ ਗੁਰਪ੍ਰੀਤ ਸਿੰਘ ਸੈਕਟਰੀ ਨਵਾਂ ਸ਼ਹਿਰ, ਇੰਜੀਨੀਅਰ ਰਾਜੀਵ ਪ੍ਰਭਾਕਰ , ਇੰਜੀਨੀਅਰ ਬਲਵੀਰ ਸਿੰਘ ਧਾਰੋਵਾਲੀ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੰਟਰਨੈਸ਼ਨਲ ਪੰਥਕ ਦਲ ਨੇ ਨਿਭਾਈ ਮਹੀਨਾਵਾਰ ਲੰਗਰ ਸੇਵਾ

## ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ 'ਤੇ 2 ਜੂਨ ਨੂੰ ਵੱਡੀ ਗਿਣਤੀ 'ਚ ਪਿੰਡ ਰੋਡੇ ਵਿਖੇ ਪੁੱਜਣਗੀਆਂ ਸੰਗਤਾਂ







**ਅੰਮ੍ਰਿਤਸਰ, 5 ਮਈ (ਆਵਾਜ਼ਿ ਕੌਮ ਬਿਊਰੋ)**-ਅੱਜ ਇੱਥੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਗੁਰੂ ਰਾਮਦਾਸ ਜੀ ਦੇ ਪਾਵਨ ਲੰਗਰ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਦੀ ਅਗਵਾਈ ਹੇਠ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਮਹੀਨਾਵਾਰ ਲੰਗਰ ਦੀ ਸੇਵਾ ਕੀਤੀ ਗਈ। ਇਸ ਤੋਂ ਪਹਿਲਾਂ ਸ੍ਰੀ ਦਰਬਾਰ ਸਾਹਿਬ ਵਿਖੇ ਸਮੂਹ ਮੈਂਬਰਾਂ ਨੇ ਨਤਮਸਤਕ ਹੋ ਕੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਗੁਰੂ ਸਾਹਿਬ ਜੀ ਦਾ ਅਸ਼ੀਰਵਾਦ ਲਿਆ। ਜ਼ਿਕਰਯੋਗ ਹੈ ਕਿ ਗਿਆਨੀ ਜਸਵੀਰ ਸਿੰਘ ਰੋਡੇ ਜੋ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਹਨ, ਵੱਲੋਂ ਸਮੂਹ ਮੈਂਬਰਾਂ ਨਾਲ ਹਰ ਮਹੀਨੇ ਗੁਰੂ ਰਾਮਦਾਸ ਜੀ ਦੇ ਲੰਗਰ ਵਿੱਚ ਸੇਵਾ ਨਿਭਾਈ ਜਾਂਦੀ ਹੈ। ਇਸ ਉਪ੍ਰੰਤ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਵੀਹਵੀਂ ਸਦੀ ਦੇ ਮਹਾਨ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ 2 ਜੂਨ ਨੂੰ ਮਨਾਏ ਜਾ ਰਹੇ ਜਨਮ ਦਿਹਾੜੇ ਸਬੰਧੀ ਜਿੰਮੇਵਾਰੀਆਂ ਉਲੀਕੀਆਂ ਗਈਆਂ। ਇਸ ਮੌਕੇ ਹਾਜਰ ਆਈਡੀਬੀ ਦੇ ਸਮੂਹ ਜਿਲ੍ਹਾ ਇਕਾਈਆਂ ਦੇ ਆਗੂਆਂ ਨੇ ਬੜੇ ਉਤਸ਼ਾਹ ਨਾਲ ਵਿਚਾਰ ਪ੍ਰਗਟ ਕਰਦਿਆਂ ਦਸਿਆ ਕਿ ਉਹ ਵੱਧ ਤੋਂ ਵੱਧ ਬੱਸਾਂ ਸੰਗਤਾਂ ਨਾਲ ਭਰ ਕੇ 2 ਜੂਨ ਨੂੰ ਪਿੰਡ ਰੋਡੇ ਜਿਲ੍ਹਾ ਮੋਗਾ ਵਿਖੇ ਪੁਜਣਗੇ। ਇਸ ਮੌਕੇ ਗਿਆਨੀ ਜਸਵੀਰ ਸਿੰਘ ਰੋਡੇ ਨੇ ਦਸਿਆ ਕਿ ਇਸ ਸਮਾਗਮ ਵਿੱਚ ਦਮਦਮੀ ਟਕਸਾਲ ਦੇ ਯੋਧਿਆਂ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਯੋਧਿਆਂ ਅਤੇ 1984 ਦੇ ਘੱਲੂਘਾਰੇ 'ਚ ਸ਼ਹੀਦ ਹੋਏ ਯੋਧਿਆਂ ਦੀਆਂ ਕੁਰਬਾਨੀਆਂ ਦਾ ਵਿਸ਼ਲੇਸ਼ਨ ਕੀਤਾ ਜਾਂਦਾ ਹੈ, ਗੁਰਮਤਿ ਵਿਚਾਰਾਂ ਕੀਤੀਆਂ ਜਾਂਦੀਆਂ ਹਨ। ਇਸ ਮੌਕੇ ਸਮਾਗਮ ਦੇ ਪ੍ਰਬੰਧਾਂ, ਲੰਗਰ, ਸਟੇਜ ਆਦਿ ਵਿੱਚ ਹੋਰ ਕੀ-ਕੀ ਸੁਧਾਰ ਕੀਤੇ ਜਾ ਸਕਦੇ ਹਨ ਉਸ ਸਬੰਧੀ ਵੀ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਵਿਚਾਰਾਂ ਕੀਤੀਆਂ ਗਈਆਂ। ਜਿਕਰਯੋਗ ਹੈ ਕਿ ਹਰ ਸਾਲ 2 ਜੂਨ ਨੂੰ ਪਿੰਡ ਰੋਡੇ ਜਿਲ੍ਹਾ ਮੋਗਾ ਵਿਖੇ ਗੁਰਦੁਆਰਾ ਸੰਤ ਖਾਲਸਾ ਜੋ 20ਵੀਂ ਸਦੀ ਦੇ ਮਹਾਨ ਜਰਨੈਲ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲਿਆਂ ਦਾ ਜੱਦੀ ਘਰ ਸੀ, ਵਿਖੇ ਉਨ੍ਹਾਂ ਦਾ ਜਨਮ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਇਸ ਮੌਕੇ ਬਾਬਾ ਸੱਜਣ ਸਿੰਘ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਬਾਬਾ ਜਤਿੰਦਰ ਸਿੰਘ ਗੋਬਿੰਦਬਾਗ ਵਾਲੇ, ਬਾਬਾ ਸਤਨਾਮ ਸਿੰਘ ਵਲੀਆ, ਬਾਬਾ ਗੁਰਭੇਜ ਸਿੰਘ ਭੈਣੀ ਮੱਸਾ ਸਿੰਘ, ਬਾਬਾ ਸਵਰਨਜੀਤ ਸਿੰਘ ਤਰਨਾ ਦਲ ਦੁਆਬਾ, ਬਾਬਾ ਦਲੀਪ ਸਿੰਘ ਚਕਰ, ਬਾਬਾ ਬਲਵਿੰਦਰ ਸਿੰਘ ਹੈਡ ਗਰੰਥੀ ਪਿੰਡ ਰੋਡੇ, ਭਾਈ ਹਰਕ੍ਰਿਸ਼ਨ ਸਿੰਘ ਕੋਠੇ ਜੀਵਾ, ਭਾਈ ਕੁਲਦੀਪ ਸਿੰਘ ਡੱਲਾ, ਭਾਈ ਜਗਤਾਰ ਸਿੰਘ ਰੋਡੇ ਮੈਂਬਰ ਐਸਜੀਪੀਸੀ, ਭਾਈ ਕ੍ਰਿਪਾ ਸਿੰਘ ਨੱਥੂਵਾਲਾ, ਭਾਈ ਰਾਜਿੰਦਰ ਸਿੰਘ ਰਾਜਾ, ਭਾਈ ਰਣਧੀਰ ਸਿੰਘ ਸੰਗਰੂਰ, ਭਾਈ ਮਲਕੀਤ ਸਿੰਘ, ਭਾਈ ਪਿੱਪਲ ਸਿੰਘ ਫਿਰੋਜਪੁਰ, ਭਾਈ ਬਲਕਾਰ ਸਿੰਘ ਆਦਿ ਵੱਡੀ ਗਿਣਤੀ ਵਿੱਚ ਆਗੂ ਹਾਜ਼ਰ ਸਨ। ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦੇ ਪਾਵਨ ਲੰਗਰ ਵਿੱਚ ਸੇਵਾ ਕਰਨ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਅਤੇ ਹੋਰ ਸ਼ਖਸੀਅਤਾਂ।

ਆਵਾਜ਼ਿ ਕੌਮ AWAZE QAUM International Newspaper & WEB TV


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)